25-DEC-PAGE-1.qxd 12/24/2024 10:42 PM Page 1

ਬੁੱਧਵਾਰ, 25 ਦਸੰਬਰ, 2024
11 ਪੋਹ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 205

ਨਵਾਂ ਜ਼ਮਾਨਾ

DAILY NAWAN ZAMANA • WEDNESDAY, 25 DECEMBER, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਕੌਮੀ ਖੇਤੀ ਮੰਡੀਕਰਨ ਨੀਤੀ ਦੇ ਖਰੜੇ ਖਿਲਾਫ 9 ਨੂੰ ਮੋਗਾ 'ਚ ਵਿਸ਼ਾਲ ਕਾਨਫਰੰਸ

ਕਿਸਾਨੀ ਮੰਗਾਂ ਤੇ ਡੱਲੇਵਾਲ ਦੀ ਵਿਗੜਦੀ ਸਿਹਤ ਨੂੰ ਲੈ ਕੇ ਰਾਸ਼ਟਰਪਤੀ ਨੂੰ ਮਿਲਣ ਦਾ ਫੈਸਲਾ

ਚੰਡੀਗੜ੍ਹ (ਗਿਆਨ ਸੈਦਪੁਰੀ)

ਸੰਯੁਕਤ ਕਿਸਾਨ ਮੋਰਚਾ ਪੰਜਾਬ ਵਿੱਚ ਸ਼ਾਮਲ ਜਥੇਬੰਦੀਆਂ ਦੀ ਮੀਟਿੰਗ ਚੰਡੀਗੜ੍ਹ ਦੇ ਕਿਸਾਨ ਭਵਨ ਵਿਖੇ ਨਿਰਭੈ ਸਿੰਘ ਢੁੱਡੀਕੇ, ਪ੍ਰੇਮ ਸਿੰਘ ਭੰਗੂ ਅਤੇ ਹਰਜਿੰਦਰ ਸਿੰਘ ਟਾਂਡਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ 'ਚ ਕੇਂਦਰ, ਹਰਿਆਣਾ ਅਤੇ ਪੰਜਾਬ ਸਰਕਾਰਾਂ ਵੱਲੋਂ ਕਿਸਾਨ ਮੰਗਾਂ ਸੰਬੰਧੀ ਵੱਟੀ ਹੋਈ ਘੋਸਲ ਅਤੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਵਿਗੜ ਰਹੀ ਸਿਹਤ ਦੇ ਮੱਦੇਨਜ਼ਰ ਰਾਸ਼ਟਰਪਤੀ ਨੂੰ ਵਫਦ ਦੇ ਰੂਪ ਮਿਲ ਕੇ ਗੁਹਾਰ ਲਗਾਉਣ ਦਾ ਫੈਸਲਾ ਕੀਤਾ ਹੈ। ਇਸ ਸੰਬੰਧੀ ਸੰਯੁਕਤ ਕਿਸਾਨ ਮੋਰਚਾ ਦੀ ਕੌਮੀ ਤਾਲਮੇਲ ਕਮੇਟੀ ਨੂੰ ਰਾਸ਼ਟਰਪਤੀ ਤੋਂ ਫੌਰੀ ਮਿਲਣ ਦਾ ਸਮਾਂ ਲੈਣ ਦੀ ਜ਼ਿੰਮੇਵਾਰੀ ਦਿੱਤੀ ਗਈ। ਰਾਸ਼ਟਰਪਤੀ ਨੂੰ ਅਪੀਲ ਕੀਤੀ ਜਾਵੇਗੀ ਕਿ ਉਹ ਕੇਂਦਰ ਸਰਕਾਰ ਨੂੰ ਨਿਰਦੇਸ਼ ਦੇਣ ਕਿ ਸੰਘਰਸ਼ਸ਼ੀਲ ਕਿਸਾਨ ਜਥੇਬੰਦੀਆਂ ਨਾਲ ਫੌਰੀ ਗੱਲਬਾਤ ਕਰਕੇ ਕਿਸਾਨੀ ਮੰਗਾਂ ਦਾ ਨਿਪਟਾਰਾ ਕੀਤਾ ਜਾਵੇ, ਤਾਂ ਜੋ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਜਾਨ ਬਚਾਈ ਜਾ ਸਕੇ।ਮੀਟਿੰਗ 'ਚ ਕੇਂਦਰ ਸਰਕਾਰ ਵੱਲੋਂ ਸੂਬਿਆਂ ਨੂੰ ਭੇਜੇ ਕੌਮੀ ਖੇਤੀ ਮੰਡੀਕਰਨ ਨੀਤੀ ਦੇ ਮਾਡਲ ਖਰੜੇ ਦਾ ਸਖਤ ਨੋਟਿਸ ਲੈਂਦਿਆਂ ਇਸ ਨੂੰ ਤਿੰਨ ਕਾਲੇ ਖੇਤੀ ਕਾਨੂੰਨਾਂ ਦਾ ਨਵਾਂ ਰੂਪ ਕਰਾਰ ਦਿੱਤਾ। ਸੰਯੁਕਤ ਕਿਸਾਨ ਮੋਰਚਾ ਦੇ ਸਾਰੇ ਆਗੂਆਂ ਨੇ ਇੱਕ ਆਵਾਜ਼ ਵਿੱਚ ਕਿਹਾ ਕਿ ਇਸ ਨੂੰ ਕਿਸੇ ਵੀ ਹਾਲਤ ਵਿੱਚ ਲਾਗੂ ਨਹੀਂ ਹੋਣ ਦਿੱਤਾ ਜਾਵੇਗਾ ਅਤੇ ਇਸ ਖਿਲਾਫ ਸਿਰੜੀ ਸੰਘਰਸ਼ ਲੜਿਆ ਜਾਵੇਗਾ।

ਸੰਘਰਸ਼ ਦੇ ਅਗਲੇ ਪੜਾਅ ਵਜੋਂ 9 ਜਨਵਰੀ ਨੂੰ ਮੋਗਾ ਵਿੱਚ ਵਿਸ਼ਾਲ ਕਾਨਫਰੰਸ ਕਰਨ ਦਾ ਐਲਾਨ ਕੀਤਾ ਗਿਆ। ਇਸ ਕਾਨਫਰੰਸ ਵਿੱਚ ਕੌਮੀ ਖੇਤੀ ਮੰਡੀਕਰਨ ਨੀਤੀ ਦੇ ਖਰੜੇ ਖਿਲਾਫ ਆਵਾਜ਼ ਉਠਾਈ ਜਾਵੇਗੀ। ਇਸ ਤੋਂ ਇਲਾਵਾ ਦਿੱਲੀ ਜਾਣ ਦੀ ਕੋਸ਼ਿਸ਼ ਕਰਨ ਵਾਲੇ ਕਿਸਾਨਾਂ 'ਤੇ ਜਬਰ ਬੰਦ ਕਰਨ, ਸਾਰੀਆਂ ਫਸਲਾਂ ਦੀ ਐੱਮ ਐੱਸ ਪੀ 'ਤੇ ਖਰੀਦ ਦੀ ਗਰੰਟੀ ਦਾ ਕਾਨੂੰਨ ਬਣਾਉਣ, ਕਿਸਾਨਾਂ ਅਤੇ ਮਜ਼ਦੂਰਾਂ ਦੀ ਕਰਜ਼ਾ ਮੁਕਤੀ ਅਤੇ ਦਿੱਲੀ ਅੰਦੋਲਨ ਦੀਆਂ ਰਹਿੰਦੀਆਂ ਮੰਗਾਂ ਦੇ ਹੱਕ ਵਿੱਚ ਆਵਾਜ਼ ਉਠਾਈ ਜਾਵੇਗੀ।

ਮੀਟਿੰਗ 'ਚ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਬਾਰੇ ਗੰਭੀਰ ਚਿੰਤਾ ਪ੍ਰਗਟ ਕੀਤੀ। ਸ਼ੰਭੂ ਅਤੇ ਖਨੌਰੀ ਬਾਰਡਰਾਂ 'ਤੇ ਲੜ ਰਹੇ ਕਿਸਾਨਾਂ ਦੀਆਂ ਮੰਗਾਂ ਨੂੰ ਜਾਇਜ਼ ਦੱਸਦਿਆਂ ਉਹਨਾਂ ਦੀ ਹਮਾਇਤ ਕੀਤੀ ਗਈ ਅਤੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਗਈ ਕਿ ਉਹ ਸਾਜ਼ਿਸ਼ੀ ਚੁੱਪ ਨੂੰ ਤੋੜ ਕੇ ਡੱਲੇਵਾਲ ਦੀ ਜਾਨ ਬਚਾਉਣ ਲਈ ਗੱਲਬਾਤ ਦਾ ਦੌਰ ਸ਼ੁਰੂ ਕਰੇ ਅਤੇ ਕਿਸਾਨਾਂ ਦੀਆਂ ਹੱਕੀ ਮੰਗਾਂ ਮੰਨੇ। ਮੀਟਿੰਗ 'ਚ ਪੰਜਾਬ ਸਰਕਾਰ ਵੱਲੋਂ ਵੀ ਆਪਣੀ ਜ਼ਿੰਮੇਵਾਰੀ ਨਿਭਾਉਣ ਵਿੱਚ ਅਸਫਲਤਾ ਦਾ ਨੋਟਿਸ ਲਿਆ ਅਤੇ ਕਿਹਾ ਕਿ ਪੰਜਾਬ ਸਰਕਾਰ ਮਸਲੇ ਵਿੱਚ ਦਖਲ ਦੇ ਕੇ ਕੇਂਦਰ ਨ ਾ ਲ

● ਬਾਕੀ ਸਫ਼ਾ 2 'ਤੇ

ਸ਼ੰਕਰਾਚਾਰੀਆ ਰਾਮਭੱਦਰਾਚਾਰੀਆ ਭਾਗਵਤ ਨੂੰ ਪੈ ਨਿਕਲਿਆ

'ਆਰ ਐੱਸ ਐੱਸ ਦਾ ਮੁਖੀ ਹੋਵੇਂਗਾ, ਹਿੰਦੂ ਧਰਮ ਦਾ ਨਹੀਂ'

ਮੁੰਬਈ : ਆਰ ਐੱਸ ਐੱਸ ਮੁਖੀ ਮੋਹਨ ਭਾਗਵਤ ਦੇ ਇਹ ਕਹਿਣ ਕਿ ਹਰ ਥਾਂ ਮੰਦਰ ਲੱਭਣ ਦੀ ਆਗਿਆ ਨਹੀਂ ਦਿੱਤੀ ਜਾ ਸਕਦੀ, ਉੱਤੇ ਸੰਤ ਸਮਾਜ ਉੱਬਲ ਗਿਆ ਹੈ। ਜਗਦਗੁਰੂ ਰਾਮਭੱਦਰਾਚਾਰੀਆ ਨੇ ਇੱਥੇ ਕਿਹਾ—ਮੋਹਨ ਭਾਗਵਤ ਆਰ ਐੱਸ ਐੱਸ ਦੇ ਮੁਖੀ ਹੋ ਸਕਦੇ ਹਨ, ਹਿੰਦੂ ਧਰਮ ਦੇ ਮੁਖੀ ਨਹੀਂ ਹਨ ਕਿ ਉਨ੍ਹਾ ਦੀ ਗੱਲ ਅਸੀਂ ਮੰਨਦੇ ਰਹੀਏ। ਉਹ ਸਾਡੇ ਅਨੁਸ਼ਾਸਕ ਰਹੇ ਹਨ, ਪਰ ਅਸੀਂ ਉਨ੍ਹਾ ਮੁਤਾਬਕ ਚੱਲ ਨਹੀਂ ਸਕਦੇ। ਉਹ ਹਿੰਦੂ ਧਰਮ ਦੀ ਵਿਵਸਥਾ ਦੇ ਠੇਕੇਦਾਰ ਨਹੀਂ ਹਨ। ਹਿੰਦੂ ਧਰਮ ਦੀ ਵਿਵਸਥਾ ਹਿੰਦੂ ਧਰਮ ਦੇ ਆਚਾਰੀਆਂ ਦੇ ਹੱਥ ਵਿੱਚ ਹੈ। ਸੰਪੂਰਨ ਭਾਰਤ ਦੇ ਵੀ ਉਹ ਨੁਮਾਇੰਦੇ ਨਹੀਂ ਹਨ। ਜਗਦਗੁਰੂ ਨੇ ਇਹ ਵੀ ਕਿਹਾ ਕਿ ਜਿਹੜੀਆਂ ਸਾਡੀਆਂ ਇਤਿਹਾਸਕ ਚੀਜ਼ਾਂ ਹਨ, ਉਹ ਸਾਨੂੰ ਮਿਲਣੀਆਂ ਹੀ ਚਾਹੀਦੀਆਂ ਤੇ ਸਾਨੂੰ ਲੈਣੀਆਂ ਵੀ ਚਾਹੀਦੀਆਂ, ਚਾਹੇ ਜਿਵੇਂ ਮਿਲਣ। ਭਲੇ ਹੀ ਇਸ ਲਈ ਸਾਮ, ਦਾਮ, ਦੰਡ, ਭੇਦ ਕਿਉਂ ਨਾ ਅਪਣਾਉਣਾ ਪਵੇ। ਜਿਓਤਿਸ਼ਪੀਠ ਦੇ ਸ਼ੰਕਰਾਚਾਰੀਆ ਸਵਾਮੀ ਅਵਿਮੁਕਤੇਸ਼ਵਰਾਨੰਦ ਨੇ ਵੀ ਭਾਗਵਤ ਦੀ ਅਲੋਚਨਾ ਕੀਤੀ ਹੈ। ਭਾਗਵਤ ਨੇ ਪੁਣੇ ਵਿਚ ਲੈਕਚਰ ਦਿੰਦਿਆਂ ਕਿਹਾ ਸੀ—ਧਰਮ ਪ੍ਰਾਚੀਨ ਹੈ ਤੇ ਧਰਮ ਦੀ ਪਛਾਣ ਨਾਲ ਹੀ ਰਾਮ ਮੰਦਰ ਬਣਾਇਆ ਗਿਆ ਹੈ। ਇਹ ਸਹੀ ਹੈ, ਪਰ ਸਿਰਫ ਮੰਦਰ ਬਣ ਜਾਣ ਨਾਲ ਕੋਈ ਹਿੰਦੂਆਂ ਦਾ ਆਗੂ ਨਹੀਂ ਬਣ ਸਕਦਾ। ਹਿੰਦੂ ਧਰਮ ਸਨਾਤਨ ਧਰਮ ਹੈ ਤੇ

● ਬਾਕੀ ਸਫ਼ਾ 2 'ਤੇ

ਜਬਰ-ਜ਼ਨਾਹ, ਤੇਜ਼ਾਬੀ ਹਮਲਿਆਂ ਤੇ ਪੋਕਸੋ ਪੀੜਤਾਂ ਲਈ ਮੁਫਤ ਇਲਾਜ ਲਾਜ਼ਮੀ ਕਰਾਰ

ਦਿੱਲੀ ਹਾਈ ਕੋਰਟ ਵੱਲੋਂ ਨਿੱਜੀ ਹਸਪਤਾਲਾਂ ਤੋਂ ਵੀ ਹੁਕਮਾਂ ਦੀ ਤਾਮੀਲ ਯਕੀਨੀ ਬਣਾਉਣ ਦੀ ਹਦਾਇਤ

ਨਵੀਂ ਦਿੱਲੀ : ਦਿੱਲੀ ਹਾਈ ਕੋਰਟ ਨੇ ਮੰਗਲਵਾਰ ਇਕ ਇਤਿਹਾਸਕ ਹੁਕਮ 'ਚ ਕਿਹਾ ਕਿ ਬਲਾਤਕਾਰ, ਤੇਜ਼ਾਬ ਹਮਲਿਆਂ, ਜਿਨਸੀ ਹਮਲਿਆਂ ਦੇ ਪੀੜਤ ਅਤੇ ਪੋਕਸੋ ਐਕਟ (ਜਿਨਸੀ ਅਪਰਾਧਾਂ ਤੋਂ ਬੱਚਿਆਂ ਦੀ ਸੁਰੱਖਿਆ) ਨਾਲ ਸੰਬੰਧਤ ਮਾਮਲਿਆਂ ਦੇ ਪੀੜਤ ਸਰਕਾਰੀ ਤੇ ਨਿੱਜੀ ਹਸਪਤਾਲਾਂ ਦੇ ਨਾਲ-ਨਾਲ ਨਰਸਿੰਗ ਹੋਮਾਂ 'ਚ ਮੁਫਤ ਡਾਕਟਰੀ ਇਲਾਜ ਦੇ ਹੱਕਦਾਰ ਹਨ। ਇਹ ਹੁਕਮ ਜਸਟਿਸ ਪ੍ਰਤਿਭਾ ਐੱਮ ਸਿੰਘ ਅਤੇ ਜਸਟਿਸ ਅਮਿਤ ਸ਼ਰਮਾ ਦੀ ਡਵੀਜ਼ਨ ਬੈਂਚ ਨੇ ਸੁਣਾਇਆ ਹੈ। ਬੈਂਚ ਨੇ ਕਿਹਾ ਕਿ ਕੇਂਦਰ ਤੇ ਰਾਜ ਸਰਕਾਰਾਂ ਤੋਂ ਸਹਾਇਤਾ ਪ੍ਰਾਪਤ ਸਾਰੇ ਸਿਹਤ ਅਦਾਰਿਆਂ ਦੇ ਨਾਲ-ਨਾਲ ਨਿੱਜੀ ਹਸਪਤਾਲਾਂ, ਕਲੀਨਿਕਾਂ ਤੇ ਨਰਸਿੰਗ ਹੋਮਾਂ ਨੂੰ ਇਹ ਯਕੀਨੀ ਬਣਾਉਣ ਲਈ ਇਸ ਨਿਰਦੇਸ਼ ਦੀ ਪਾਲਣਾ ਕਰਨੀ ਚਾਹੀਦੀ ਹੈ ਕਿ ਬਲਾਤਕਾਰ, ਤੇਜ਼ਾਬ ਹਮਲਿਆਂ ਅਤੇ ਪੋਕਸੋ ਮਾਮਲਿਆਂ ਦੇ ਪੀੜਤਾਂ ਨੂੰ ਤੁਰੰਤ ਡਾਕਟਰੀ ਦੇਖਭਾਲ ਅਤੇ ਜ਼ਰੂਰੀ ਸਿਹਤ ਸੇਵਾਵਾਂ ਮਿਲ ਸਕਣ। ਅਦਾਲਤ ਨੇ ਸਪੱਸ਼ਟ ਕੀਤਾ ਕਿ 'ਇਲਾਜ' ਵਿੱਚ ਮੁੱਢਲੀ ਸਹਾਇਤਾ, ਨਿਦਾਨ, ਹਸਪਤਾਲ 'ਚ ਦਾਖਲ ਮਰੀਜ਼ ਦੀ ਦੇਖਭਾਲ, ਬਾਹਰੀ ਮਰੀਜ਼ਾਂ ਦਾ ਫਾਲੋ-ਅੱਪ, ਡਾਇਗਨੋਸਟਿਕ ਅਤੇ ਪ੍ਰਯੋਗਸ਼ਾਲਾ ਟੈਸਟ, ਲੋੜ ਪੈਣ 'ਤੇ ਸਰਜਰੀਆਂ, ਸਰੀਰਕ ਤੇ ਮਾਨਸਿਕ ਸਲਾਹ, ਮਨੋਵਿਗਿਆਨਕ ਸਹਾਇਤਾ ਅਤੇ ਪਰਵਾਰਕ ਸਲਾਹ ਆਦਿ ਸ਼ਾਮਲ ਹੈ। ਬੈਂਚ ਨੇ ਨੋਟ ਕੀਤਾ ਕਿ ਬਲਾਤਕਾਰ ਤੇ ਪੋਕਸੋ ਦੇ ਬਹੁਤ ਸਾਰੇ ਮਾਮਲੇ ਨਿਯਮਤ ਤੌਰ 'ਤੇ ਨਿਆਂਪਾਲਿਕਾ ਦੇ ਸਾਹਮਣੇ ਆਉਂਦੇ ਹਨ। ਇਨ੍ਹਾਂ ਮਾਮਲਿਆਂ 'ਚ ਪੀੜਤਾਂ ਨੂੰ ਅਕਸਰ ਤੁਰੰਤ ਡਾਕਟਰੀ ਦਖਲਅੰਦਾਜ਼ੀ ਜਾਂ ਲੰਮੇ ਸਮੇਂ ਤੱਕ ਡਾਕਟਰੀ ਸਹਾਇਤਾ ਦੀ ਲੋੜ ਹੁੰਦੀ ਹੈ, ਜਿਸ 'ਚ ਹਸਪਤਾਲ ਦਾਖਲਾ, ਡਾਇਗਨੋਸਟਿਕਸ, ਸਰਜੀਕਲ ਪ੍ਰਕਿਰਿਆਵਾਂ, ਦਵਾਈਆਂ ਅਤੇ ਸਲਾਹ ਸੇਵਾਵਾਂ ਸ਼ਾਮਲ ਹੁੰਦੀਆਂ ਹਨ। ਅਦਾਲਤ ਨੇ ਕਿਹਾ ਕਿ ਬੀ ਐੱਨ ਐੱਸ ਐੱਸ ਜਾਂ ਜ਼ਾਬਤਾ ਫੌਜਦਾਰੀ ਦੇ ਅਧੀਨ ਮੌਜੂਦਾ ਪ੍ਰਬੰਧਾਂ ਦੇ ਨਾਲ-ਨਾਲ ਸਿਹਤ ਤੇ ਪਰਵਾਰ ਭਲਾਈ ਮੰਤਰਾਲੇ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੇ ਬਾਵਜੂਦ, ਅਦਾਲਤ ਨੇ ਦੇਖਿਆ ਕਿ ਜਿਨਸੀ ਹਿੰਸਾ ਅਤੇ ਤੇਜ਼ਾਬੀ ਹਮਲਿਆਂ ਦੇ ਪੀੜਤਾਂ ਨੂੰ ਮੁਫਤ ਡਾਕਟਰੀ ਇਲਾਜ ਤੱਕ ਪਹੁੰਚ ਕਰਨ 'ਚ ਭਾਰੀ ਚੁਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਬੈਂਚ ਨੇ ਕਈ ਹਦਾਇਤਾਂ ਜਾਰੀ ਕੀਤੀਆਂ ਹਨ, ਜਿਨ੍ਹਾਂ 'ਚ ਅਦਾਲਤ ਦਾ ਇਹ ਫੈਸਲਾ ਜਿਨਸੀ ਅਪਰਾਧਾਂ ਨਾਲ ਨਜਿੱਠਣ ਵਾਲੀਆਂ ਸਾਰੀਆਂ ਅਦਾਲਤਾਂ, ਜਿਵੇਂ ਪੋਕਸੋ ਅਦਾਲਤਾਂ, ਫੌਜਦਾਰੀ ਅਦਾਲਤਾਂ ਅਤੇ ਪਰਵਾਰਕ ਅਦਾਲਤਾਂ ਆਦਿ ਤੱਕ ਪਹੁੰਚਣਾ ਯਕੀਨੀ ਬਣਾਇਆ ਜਾਣਾ ਵੀ ਸ਼ਾਮਲ ਹੈ। ਹੁਕਮਾਂ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਬੀ ਐੱਨ ਐੱਸ ਦੀ ਧਾਰਾ 397 (ਜ਼ਾਬਤਾ ਫੌਜਦਾਰੀ ਦੀ ਧਾਰਾ 357) ਦੇ ਅਨੁਸਾਰ ਸਾਰੇ ਪੀੜਤਾਂ ਅਤੇ ਹਮਲਿਆਂ 'ਚ ਬਚੀਆਂ ਪੀੜਤਾਵਾਂ ਨੂੰ ਉਨ੍ਹਾਂ ਦੇ ਕਾਨੂੰਨੀ ਅਧਿਕਾਰਾਂ ਬਾਰੇ ਜਾਗਰੂਕ ਕੀਤਾ ਜਾਵੇ। ਅਦਾਲਤ ਨੇ ਇਹ ਵੀ ਹੁਕਮ ਦਿੱਤਾ ਕਿ ਜਦੋਂ ਵੀ ਅਦਾਲਤਾਂ ਨੂੰ ਪੀੜਤਾਂ ਜਾਂ ਬਚਣ ਵਾਲੀਆਂ ਲਈ ਡਾਕਟਰੀ ਸਹਾਇਤਾ ਦੀ ਲੋੜ ਵਾਲੇ ਮਾਮਲਿਆਂ ਦਾ ਸਾਹਮਣਾ ਕਰਨਾ ਪੈਂਦਾ ਹੈ, ਤਾਂ ਅਜਿਹੇ ਮਾਮਲਿਆਂ ਨੂੰ ਸੰਬੰਧਤ ਮੈਡੀਕਲ ਸੰਸਥਾਵਾਂ ਨੂੰ ਭੇਜਣ ਲਈ ਢੁੱਕਵੇਂ ਕਦਮ ਚੁੱਕੇ ਜਾਣ ਅਤੇ ਇਹ ਅਦਾਰੇ ਭਾਵੇਂ ਜਨਤਕ ਹੋਣ, ਸਰਕਾਰੀ ਹੋਣ ਤੇ ਭਾਵੇਂ ਪ੍ਰਾਈਵੇਟ ਹੋਣ।

ਨਵਾਂ ਸ਼ਹਿਰ 'ਚ ਸੀ ਪੀ ਆਈ ਦਾ ਸਥਾਪਨਾ ਦਿਵਸ ਭਲਕੇ

ਬੰਗਾ (ਅਵਤਾਰ ਕਲੇਰ)

ਭਾਰਤੀ ਕਮਿਊਨਿਸਟ ਪਾਰਟੀ ਦਾ 100ਵਾਂ ਸਥਾਪਨਾ ਦਿਵਸ 26 ਦਸੰਬਰ ਨੂੰ ਜ਼ਿਲ੍ਹਾ ਪਾਰਟੀ ਦਫਤਰ ਸ਼ਹੀਦ ਕਾਮਰੇਡ ਮਲਕੀਤ ਚੰਦ ਮੇਹਲੀ ਭਵਨ ਨਵਾਂ ਸ਼ਹਿਰ ਵਿਖੇ ਮਨਾਇਆ ਜਾਵੇਗਾ। ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾ ਸਕੱਤਰ ਦੇਵੀ ਕੁਮਾਰੀ ਤੇ ਜ਼ਿਲ੍ਹਾ ਸਕੱਤਰ ਨਰੰਜਣ ਦਾਸ ਮੇਹਲੀ ਨੇ ਦੱਸਿਆ ਕਿ ਭਾਰਤੀ ਕਮਿਊਨਿਸਟ ਪਾਰਟੀ ਦਾ ਇਤਿਹਾਸ ਬੜਾ ਗੌਰਵਮਈ ਹੈ। ਭਾਰਤ ਨੂੰ ਅਜ਼ਾਦ ਕਰਾਉਣ ਲਈ ਅਤੇ ਅਜ਼ਾਦੀ ਤੋਂ ਬਾਅਦ ਵੀ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੇ ਕੁਰਬਾਨੀਆਂ ਦਿੱਤੀਆਂ। ਉਹਨਾਂ ਦੱਸਿਆ ਕਿ ਇਸ ਸਮਾਗਮ ਨੂੰ ਬੰਤ ਸਿੰਘ ਬਰਾੜ ਸੂਬਾ ਸਕੱਤਰ ਸੀ ਪੀ ਆਈ ਸੰਬੋਧਨ ਕਰਨਗੇ।

ਇਸ ਮੌਕੇ ਪਰਮਿੰਦਰ ਮੇਨਕਾ, ਜਸਵਿੰਦਰ ਸਿੰਘ ਭੰਗਲ, ਦਸੌਂਧਾ ਸਿੰਘ, ਅਮਰਜੀਤ ਬੱਬੀ ਮੇਹਲੀ, ਗੁਰਮੁੱਖ ਸਿੰਘ ਫਰਾਲਾ, ਹੁਸਨ ਲਾਲ ਰਾਣਾ, ਜਸਵਿੰਦਰ ਰਾਹੋਂ, ਗੁਰਿੰਦਰ ਰਾਹੋਂ, ਸੰਤੋਖ ਪਾਲ ਰਾਹੋਂ, ਗੁਰਬਖਸ਼ ਕੌਰ ਰਾਹੋਂ, ਬਲਜਿੰਦਰ ਸਿੰਘ, ਜੁਝਾਰ ਸਿੰਘ ਤੇ ਜਗਤਾਰ ਸਿੰਘ ਪੁਨੂੰ ਮਜ਼ਾਰਾ ਆਦਿ ਸਾਥੀ ਹਾਜ਼ਰ ਸਨ।

ਚੰਡੀਗੜ੍ਹ ਨਗਰ ਨਿਗਮ ਦੀ ਮੀਟਿੰਗ 'ਚ ਹੰਗਾਮਾ

ਚੰਡੀਗੜ੍ਹ : ਸਥਾਨਕ ਨਗਰ ਨਿਗਮ ਦੇ ਹਾਊਸ ਦੀ ਮੰਗਲਵਾਰ ਮੀਟਿੰਗ ਸ਼ੁਰੂ ਹੁੰਦਿਆਂ ਹੀ ਜ਼ੋਰਦਾਰ ਹੰਗਾਮਾ ਹੋ ਗਿਆ, ਜਦੋਂ 'ਇੰਡੀਆ' ਗੱਠਜੋੜ ਦੇ ਕਾਂਗਰਸ ਅਤੇ ਆਮ ਆਦਮੀ ਪਾਰਟੀ (ਆਪ) ਨਾਲ ਸੰਬੰਧਤ ਕੌਂਸਲਰਾਂ ਨੇ ਸੰਸਦ 'ਚ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ 'ਤੇ ਕੀਤੀ ਗਈ ਟਿੱਪਣੀ ਅਤੇ ਚੰਡੀਗੜ੍ਹ 'ਚ ਬਿਜਲੀ ਦੇ ਨਿੱਜੀਕਰਨ ਸੰਬੰਧੀ ਪਾਸ ਕੀਤੇ ਮਤੇ ਨੂੰ ਲੈ ਕੇ ਮੋਦੀ ਸਰਕਾਰ ਅਤੇ ਭਾਜਪਾ ਖਿਲਾਫ ਨਾਅਰੇਬਾਜ਼ੀ ਕੀਤੀ।

ਕਾਂਗਰਸ ਦੇ ਕੌਂਸਲਰ ਗੁਰਪ੍ਰੀਤ ਸਿੰਘ ਗਾਬੀ ਨੇ ਇਸ ਸਾਲ ਮੇਅਰ ਚੋਣਾਂ 'ਚ ਚੋਣ ਅਧਿਕਾਰੀ ਬਣਾਏ ਗਏ ਨਾਮਜ਼ਦ ਕੌਂਸਲਰ ਅਨਿਲ ਮਸੀਹ 'ਤੇ ਲੱਗੇ ਦੋਸ਼ਾਂ ਸੰਬੰਧੀ ਸਦਨ 'ਚ ਇੱਕ ਸੋਸ਼ਲ ਮੀਡੀਆ ਪੋਸਟ ਦਿਖਾਈ। ਇਸ ਦੌਰਾਨ ਨਾਮਜ਼ਦ ਕੌਂਸਲਰ ਸਤਿੰਦਰ ਸਿੰਘ ਸਿੱਧੂ ਨੇ 'ਆਪ' ਮੁਖੀ ਅਰਵਿੰਦ ਕੇਜਰੀਵਾਲ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਕੇਜਰੀਵਾਲ ਦੀ ਪੂਰੀ ਟੀਮ ਹੀ ਚੋਰ ਹੈ, ਤਕਰੀਬਨ ਸਾਰੇ ਆਗੂ ਜ਼ਮਾਨਤ 'ਤੇ ਹਨ, ਇਸ ਲਈ ਉਹ ਦੂਜਿਆਂ 'ਤੇ ਦੋਸ਼ ਕਿਵੇਂ ਲਗਾ ਸਕਦੇ ਹਨ। ਦੂਜੇ ਪਾਸੇ ਭਾਜਪਾ ਕੌਂਸਲਰ ਕੁਲਦੀਪ ਸਿੰਘ ਸੰਧੂ ਅਤੇ ਗੁਰਪ੍ਰੀਤ ਸਿੰਘ ਗਾਬੀ ਵਿਚਕਾਰ ਤਿੱਖੀ ਬਹਿਸ ਹੋਈ ਅਤੇ ਕੁਲਜੀਤ ਸਿੰਘ ਸੰਧੂ ਨੇ ਗਾਬੀ ਦੇ ਹੱਥ 'ਚ ਫੜਿਆ ਪੋਸਟਰ ਪਾੜ ਦਿੱਤਾ, ਜਿਸ ਤੋਂ ਬਾਅਦ ਹੰਗਾਮਾ ਹੋ ਗਿਆ ਅਤੇ ਕਾਫੀ ਦੇਰ ਤੱਕ ਭਾਰੀ ਸ਼ੋਰ-ਸ਼ਰਾਬਾ ਹੁੰਦਾ ਰਿਹਾ। ਸਥਿਤੀ ਕਾਬੂ ਤੋਂ ਬਾਹਰ ਹੁੰਦੀ ਦੇਖ ਕੇ ਮੇਅਰ ਕੁਲਦੀਪ ਕੁਮਾਰ ਨੇ ਸਦਨ ਦੀ ਮੀਟਿੰਗ 10 ਮਿੰਟ ਲਈ ਮੁਲਤਵੀ ਕਰ ਦਿੱਤੀ।

ਚੋਣ ਨਿਯਮ 'ਚ ਸੋਧ ਸੁਪਰੀਮ ਕੋਰਟ 'ਚ ਚੈਲੰਜ

ਨਵੀਂ ਦਿੱਲੀ : ਕਾਂਗਰਸ ਨੇ ਚੋਣਾਂ ਨਾਲ ਜੁੜੇ ਇਲੈਕਟ੍ਰਾਨਿਕ ਦਸਤਾਵੇਜ਼ ਜਨਤਕ ਕਰਨ ਤੋਂ ਰੋਕਣ ਵਾਲੇ ਨਿਯਮ ਨੂੰ ਮੰਗਲਵਾਰ ਸੁਪਰੀਮ ਕੋਰਟ ਵਿੱਚ ਵੰਗਾਰਿਆ ਹੈ। ਕੇਂਦਰ ਸਰਕਾਰ ਨੇ 20 ਦਸੰਬਰ ਨੂੰ ਪੋਲਿੰਗ ਸਟੇਸ਼ਨ ਦੇ ਸੀ ਸੀ ਟੀ ਵੀ, ਵੈੱਬਕਾਸਟਿੰਗ ਫੁਟੇਜ਼ ਤੇ ਉਮੀਦਵਾਰਾਂ ਦੀ ਵੀਡੀਓ ਰਿਕਾਰਡਿੰਗ ਵਰਗੇ ਕੁਝ ਇਲੈਕਟ੍ਰਾਨਿਕ ਦਸਤਾਵੇਜ਼ ਜਨਤਕ ਕਰਨ ਤੋਂ ਰੋਕਣ ਲਈ ਚੋਣ ਨਿਯ

25-DEC-PAGE-1.qxd 12/24/2024 10:42 PM Page 2

ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਖ਼ੂਨਦਾਨ ਕੈਂਪ

ਬੁਢਲਾਡਾ (ਅਸ਼ੋਕ ਲਾਕੜਾ)- ਇਲਾਕੇ ਦੀ ਸਮਾਜ ਸੇਵੀ ਸੰਸਥਾ ਨੇਕੀ ਫਾਊਂਡੇਸ਼ਨ ਬੁਢਲਾਡਾ ਵੱਲੋਂ ਗ੍ਰਾਮ ਪੰਚਾਇਤ, ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸਮੂਹ ਨਗਰ ਨਿਵਾਸੀ ਪਿੰਡ ਪਿੱਪਲੀਆਂ ਦੇ ਸਹਿਯੋਗ ਨਾਲ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਛੋਟੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿੱਥੇ ਪਿੰਡ ਤੇ ਇਲਾਕੇ ਦੇ ਨੌਜਵਾਨਾਂ ਵੱਲੋਂ ਉਤਸ਼ਾਹ ਨਾਲ ਭਾਗ ਲਿਆ ਗਿਆ।ਛੋਟੇ ਸਾਹਿਬਜ਼ਾਦਿਆਂ ਦੀ ਕੁਰਬਾਨੀ ਨੂੰ ਯਾਦ ਕਰਦਿਆਂ 47 ਨੌਜਵਾਨਾਂ ਵੱਲੋਂ ਖ਼ੂਨ ਦਾਨ ਕੀਤਾ ਗਿਆ।ਕੈਂਪ ਵਿੱਚ ਔਰਤਾਂ ਵੱਲੋਂ ਵੀ ਭਾਗ ਲਿਆ ਗਿਆ।ਇਸ ਮੌਕੇ ਨੇਕੀ ਫਾਊਂਡੇਸ਼ਨ ਦੀ ਟੀਮ ਵੱਲੋਂ ਸਾਰੇ ਖ਼ੂਨਦਾਨੀਆਂ ਨੂੰ ਇੱਕ ਯਾਦਗਾਰੀ ਚਿੰਨ੍ਹ ਤੇ ਸਰਟੀਫਿਕੇਟ ਨਾਲ ਸਨਮਾਨਤ ਕੀਤਾ ਗਿਆ। ਕੈਂਪ ਵਿੱਚ ਪਹੁੰਚੇ ਬਲੱਡ ਸੈਂਟਰ ਮਾਨਸਾ ਤੋਂ ਮੈਡਮ ਸੁਨੈਣਾ ਮੰਗਲਾ ਨੇ ਕਿਹਾ ਕਿ ਖ਼ੂਨਦਾਨ ਕਰਨ ਨਾਲ ਜਿੱਥੇ ਇੱਕ ਸਕਾਰਾਤਮਕ ਊਰਜਾ ਮਿਲਦੀ ਹੈ, ਉੱਥੇ ਹੀ ਸਰੀਰ ਨੂੰ ਇਸ ਦੇ ਬਹੁਤ ਲਾਭ ਹਨ।ਇੱਕ ਤੰਦਰੁਸਤ ਵਿਅਕਤੀ ਸਾਲ ਵਿੱਚ 4 ਵਾਰ ਖ਼ੂਨ ਦਾਨ ਕਰ ਸਕਦਾ ਹੈ।ਇਸ ਮੌਕੇ ਪਿੰਡ ਦੇ ਸਰਪੰਚ ਗੁਰਦੀਪ ਸਿੰਘ, ਪ੍ਰਸ਼ੋਤਮ ਸਿੰਘ ਪੰਚ, ਨਿਰਮਲ ਸਿੰਘ ਪੰਚ, ਸਤਨਾਮ ਸਿੰਘ, ਗੁਰਵਿੰਦਰ ਸਿੰਘ, ਸੰਦੀਪ ਸਿੰਘ, ਗੁਰਵਿੰਦਰ ਸਿੰਘ ਗੱਗੂ, ਕਾਲਾ ਸਿੰਘ, ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਮੌਜੂਦ ਸਨ।

ਸਰਵਹਿੱਤਕਾਰੀ ਸਿੱਖਿਆ ਸਮਿਤੀ ਵੱਲੋਂ ਜੀਨੀਅਸ ਮੇਨ ਪ੍ਰੀਖਿਆ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਵਿਖੇ ਪ੍ਰਿੰਸੀਪਲ ਰਪਿੰਦਰ ਪਟਿਆਲ ਦੀ ਅਗਵਾਈ ਹੇਠ ਸਰਵਹਿੱਤਕਾਰੀ ਸਿੱਖਿਆ ਸਮਿਤੀ ਵੱਲੋਂ ਜੀਨੀਅਸ ਮੇਨ ਪ੍ਰੀਖਿਆ ਦਾ ਆਯੋਜਨ ਕੀਤਾ ਗਿਆ।ਇਸ ਮੁਕਾਬਲੇ ਵਿੱਚ ਰਾਮਪੁਰਾ ਤੋਂ ਇਲਾਵਾ ਤਪਾ, ਬਰਨਾਲਾ, ਮੌੜ ਸਕੂਲਾਂ ਦੇ ਅੱਠਵੀਂ, ਦਸਵੀਂ ਤੇ ਬਾਰਵੀਂ ਜਮਾਤ ਦੇ 61 ਵਿਦਿਆਰਥੀਆਂ ਨੇ ਭਾਗ ਲਿਆ। ਇਸ ਦਾ ਉਦੇਸ਼ ਵਿਦਿਆਰਥੀਆਂ ਦੀ ਬੌਧਿਕ ਸਮਰੱਥਾ ਨੂੰ ਵਧਾਉਣਾ ਤੇ ਵੱਖ-ਵੱਖ ਵਿਸ਼ਿਆਂ ਵਿੱਚ ਉਨ੍ਹਾਂ ਦੀ ਸੋਚਣ ਦੀ ਸਮਰੱਥਾ ਨੂੰ ਉਤਸ਼ਾਹਤ ਕਰਨਾ ਸੀ।ਇਸ ਪ੍ਰੀਖਿਆ ਵਿੱਚ ਗਣਿਤ, ਵਿਗਿਆਨ, ਜਨਰਲ ਨਾਲੇਜ ਤੇ ਰੀਜ਼ਨਿੰਗ ਆਦਿ ਵਿਸ਼ਿਆਂ 'ਤੇ ਅਧਾਰਤ ਪ੍ਰਸ਼ਨ ਪੁੱਛੇ ਗਏ।ਇਸ ਮੌਕੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਸਕੂਲ ਪ੍ਰਿੰਸੀਪਲ ਨੇ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੇ ਮਾਨਸਿਕ ਵਿਕਾਸ ਵਿੱਚ ਤੇਜ਼ੀ ਲਿਆਉਂਦੇ ਹਨ ਤੇ ਉਨ੍ਹਾਂ ਨੂੰ ਨਵੀਆਂ ਬੁਲੰਦੀਆਂ 'ਤੇ ਪਹੁੰਚਣ ਵਿੱਚ ਸਹਾਈ ਹੁੰਦੇ ਹਨ।ਇਸ ਮੌਕੇ ਜੀਨੀਅਸ ਪ੍ਰੀਖਿਆ ਦੇ ਸੁਪਰਡੈਂਟ ਰਕੇਸ਼ ਗੁਪਤਾ (ਪ੍ਰਿੰਸੀਪਲ ਵਿਦਿਆ ਮੰਦਰ, ਤਪਾ), ਅਬਜ਼ਰਵਰ ਮੰਜੂ ਬਾਲਾ (ਵਾਈਸ ਪ੍ਰਿੰਸੀਪਲ, ਵਿਦਿਆ ਮੰਦਰ, ਬਰਨਾਲਾ), ਜੀਨੀਅਸ ਪ੍ਰੀਖਿਆ ਦੇ ਇੰਚਾਰਜ ਤੇ ਕੋਆਰਡੀਨੇਟਰ ਵਿਕਰਮਜੀਤ ਸਿੰਘ ਹਾਜ਼ਰ ਸਨ।

ਬਾਬਾ ਫਰੀਦ ਸਕੂਲ ਛੱਤਿਆਣਾ ਦੇ ਖਿਡਾਰੀਆਂ ਦੀ ਕੌਮੀ ਖੇਡਾਂ ਲਈ ਚੋਣ

ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਬਾਬਾ ਫਰੀਦ ਸੀਨੀਅਰ ਸੈਕੰਡਰੀ ਸਕੂਲ ਛੱਤਿਆਣਾ ਦੇ ਹੋਣਹਾਰ ਖਿਡਾਰੀ ਵਰਗ 14 ਸਾਲ ਤੇ 19 ਸਾਲ ਦੇ ਲੜਕੇ ਤੇ ਲੜਕੀਆਂ ਦੀ ਨੈੱਟਬਾਲ ਨੈਸ਼ਨਲ ਸਕੂਲੀ ਖੇਡਾਂ ਲਈ ਚੋਣ ਹੋਈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਨੈੱਟਬਾਲ ਕੋਚ ਮਨਪ੍ਰੀਤ ਸਿੰਘ ਤੇ ਗੁਰਮੇਲ ਸਿੰਘ ਡੀਪੀਈ ਨੇ ਦੱਸਿਆ ਕਿ ਨੈਸ਼ਨਲ ਨੈੱਟਬਾਲ ਸਕੂਲੀ ਖੇਡਾਂ ਦੇ ਮੁਕਾਬਲੇ ਛੱਤੀਸਗੜ੍ਹ ਵਿਖੇ ਹੋ ਰਹੇ ਹਨ।ਇਨ੍ਹਾਂ ਮੁਕਾਬਲਿਆਂ ਲਈ ਬਾਬਾ ਫਰੀਦ ਸੀਨੀਅਰ ਸੈਕੰਡਰੀ ਸਕੂਲ ਦੇ ਖਿਡਾਰੀ ਵਰਗ 14 ਸਾਲ ਲੜਕੇ ਪ੍ਰਤੀਕ ਸਿੰਘ, ਆਜ਼ਾਦਵੀਰ ਸਿੰਘ, ਜਸਦੀਪ ਸਿੰਘ ਤੇ ਸਹਿਜਪ੍ਰੀਤ ਸਿੰਘ ਲੜਕੀਆਂ ਵਰਗ ਅੰਡਰ 14 ਸਾਲ ਵਿੱਚ ਸਿਮਰਨ ਕੌਰ ਦੀ ਚੋਣ ਹੋਈ।ਇਸੇ ਤਰ੍ਹਾਂ ਹੀ ਵਰਗ 19 ਸਾਲ ਲੜਕੇ ਨੈੱਟਵਾਲ ਵਿੱਚ ਪ੍ਰਭਜੋਤ ਸਿੰਘ ਤੇ ਵਰਗ 19 ਸਾਲ ਲੜਕੀਆਂ ਵਿੱਚ ਅਰਪਨਜੋਤ ਕੌਰ, ਐਸ਼ਵੀਰ ਕੌਰ ਤੇ ਜਸਮੀਨ ਕੌਰ ਦੀ ਚੋਣ ਹੋਈ ਹੈ। ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਹਰਜੀਤ ਸਿੰਘ ਬਰਾੜ ਤੇ ਪ੍ਰਿੰਸੀਪਲ ਪਰਮਜੀਤ ਕੌਰ ਬਰਾੜ ਨੇ ਨੈਸ਼ਨਲ ਖੇਡਾਂ ਲਈ ਚੁਣੇ ਹੋਏ ਖਿਡਾਰੀਆਂ ਨੂੰ ਸ਼ੁੱਭ-ਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਲਗਨ ਨਾਲ ਕੀਤੀ ਹੋਈ ਮਿਹਨਤ ਕਦੇ ਵੀ ਵਿਅਰਥ ਨਹੀਂ ਜਾਂਦੀ।ਉਨ੍ਹਾਂ ਕਿਹਾ ਕਿ ਸਾਨੂੰ ਪੂਰਨ ਵਿਸ਼ਵਾਸ ਹੈ ਕਿ ਇਹ ਖਿਡਾਰੀ ਨੈਸ਼ਨਲ ਖੇਡਾਂ ਵਿੱਚ ਆਪਣੀ ਚੰਗੀ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਤਮਗੇ ਜਿੱਤ ਕੇ ਸਕੂਲ ਦਾ ਨਾਮ ਰੋਸ਼ਨ ਕਰਨਗੇ।ਇਸ ਮੌਕੇ ਨਰੇਸ਼ ਕੁਮਾਰ ਡੀਪੀਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੱਕ ਗਿਲਜੇਵਾਲਾ, ਐੱਚਓਡੀ ਬਲਕਰਨ ਸਿੰਘ, ਸੁਖਦੀਪ ਸਿੰਘ, ਮਨਦੀਪ ਕੌਰ, ਅਮਨਦੀਪ ਕੌਰ, ਕਲਾਸ ਇੰਚਾਰਜ ਜਗਮੀਤ ਸਿੰਘ, ਕਿਰਨਦੀਪ ਕੌਰ, ਸੁਖਪ੍ਰੀਤ ਸਿੰਘ ਤੋਂ ਇਲਾਵਾ ਸਕੂਲ ਦੇ

ਗੁਰੂ ਨਾਨਕ ਕਾਲਜੀਏਟ ਸਕੂਲ ਵਿਖੇ ਐੱਨ ਐੱਸ ਐੱਸ ਕੈਂਪ ਸੰਪੰਨ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਗੁਰੂ ਨਾਨਕ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਮੁਕਤਸਰ ਸਾਹਿਬ ਵਿਖੇ 17 ਦਸੰਬਰ ਤੋਂ 23 ਦਸੰਬਰ ਤੱਕ ਸੱਤ ਰੋਜ਼ਾ ਕੌਮੀ ਸੇਵਾ ਯੋਜਨਾ ਕੈਂਪ ਸਫਲਤਾ ਪੂਰਵਕ ਸੰਪੰਨ ਹੋਇਆ।ਸੱਤ ਰੋਜ਼ਾ ਕੈਂਪ ਦੇ ਆਖਰੀ ਦਿਨ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਸਰਦਾਰ ਰਘਬੀਰ ਸਿੰਘ ਮਾਨ ਨੇ ਸ਼ਿਰਕਤ ਕੀਤੀ ਤੇ ਉਨ੍ਹਾਂ ਨੇ ਐੱਨ ਐੱਸ ਐੱਸ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਕੈਂਪਾਂ ਰਾਹੀਂ ਅਸੀਂ ਚੰਗੇ ਭਵਿੱਖ ਦੇ ਰਾਹ ਖੋਲ੍ਹ ਸਕਦੇ ਹਾਂ।ਪ੍ਰੋਗਰਾਮ ਅਫਸਰ ਸੁਰਿੰਦਰ ਕੌਰ ਦੀ ਅਗਵਾਈ ਵਿੱਚ ਚੱਲ ਰਹੇ ਇਸ ਕੈਂਪ ਦੇ ਸਮਾਪਤੀ ਸਮਾਰੋਹ ਸਮੇਂ ਪ੍ਰਿੰਸੀਪਲ ਡਾਕਟਰ ਰਾਣਾ ਬਲਜਿੰਦਰ ਕੌਰ ਨੇ ਵਲੰਟੀਅਰਾਂ ਨੂੰ ਐੱਨ ਐੱਸ ਐੱਸ ਕੈਂਪ ਦੀ ਮਹੱਤਤਾ ਦੱਸਦਿਆਂ ਕਿਹਾ ਕਿ ਅਜਿਹੇ ਕੈਂਪ ਵਲੰਟੀਅਰਾਂ ਨੂੰ ਸਹੀ ਜੀਵਨ ਜਾਂਚ ਸਿਖਾਉਣ ਵਿੱਚ ਸਹਾਈ ਹੁੰਦੇ ਹਨ ਤੇ ਚੰਗੇਰੇ ਜੀਵਨ ਲਈ ਉਤਸ਼ਾਹਤ ਕਰਦੇ ਹਨ।ਇਸ ਮੌਕੇ ਮਨਜੀਤ ਸਿੰਘ ਬਰਕੰਦੀ ਵਧੀਕ ਸਕੱਤਰ ਨੇ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੱਤਾ।ਕੈਂਪ ਦੇ ਅੰਤ ਵਿੱਚ ਮੈਡਮ ਸੁਰਿੰਦਰ ਕੌਰ ਨੇ ਸੱਤ ਦਿਨਾਂ ਦੀ ਕਾਰਗੁਜ਼ਾਰੀ ਦੀ ਰਿਪੋਰਟ ਪੜ੍ਹੀ।ਇਸ ਮੌਕੇ ਬੈਸਟ ਵਲੰਟੀਅਰ ਲਵਪ੍ਰੀਤ ਸਿੰਘ ਤੇ ਸੁਖਮਨਦੀਪ ਕੌਰ ਚੁਣੇ ਗਏ।ਕੈਂਪ ਵਿੱਚ ਚੰਗੇ ਅਨੁਸ਼ਾਸਨ ਲਈ ਮਨਰਾਜ ਸਿੰਘ ਤੇ ਮਨਵੀਰ ਕੌਰ ਨੂੰ ਸਨਮਾਨਤ ਕੀਤਾ ਗਿਆ।ਇਸ ਕੈਂਪ ਦੇ ਸਮਾਪਤੀ ਸਮਾਰੋਹ ਵਿੱਚ ਸਕੂਲ ਦੇ ਇੰਚਾਰਜ ਮੈਡਮ ਸ਼ਹਿਨਾਜ਼ ਕੌਰ, ਮੈਡਮ ਪਰਮਜੀਤ ਕੌਰ ਹਿਸਟਰੀ, ਮੈਡਮ ਰਮਿੰਦਰ ਕੌਰ, ਮੈਡਮ ਪਰਮਿੰਦਰ ਕੌਰ, ਮੈਡਮ ਪਰਮਜੀਤ ਕੌਰ ਪੰਜਾਬੀ, ਮੈਡਮ ਕੁਲਜੀਤ ਕੌਰ ਤੇ ਮੈਡਮ ਹਰਜੀਤ ਕੌਰ ਹਾਜ਼ਰ ਸਨ।

ਕਸਤੂਰੀ ਲਾਲ ਵਿੱਦਿਆ ਮੰਦਰ 'ਚ ਗਣਿਤ ਦਿਵਸ ਮਨਾਇਆ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਵਿਖੇ ਪ੍ਰਿੰਸੀਪਲ ਰਪਿੰਦਰ ਪਟਿਆਲ ਦੀ ਅਗਵਾਈ ਹੇਠ ਗਣਿਤ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਵਿੱਚ ਪ੍ਰੀ-ਪ੍ਰਾਇਮਰੀ ਜਮਾਤਾਂ ਤੋਂ ਲੈ ਕੇ 12ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਵੱਖ-ਵੱਖ ਗਣਿਤ ਦੀਆਂ ਗਤੀਵਿਧੀਆਂ ਤੇ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਵਿਦਿਆਰਥੀਆਂ ਨੇ ਆਪਣੀ ਗਣਿਤ ਯੋਗਤਾ ਦਾ ਪ੍ਰਦਰਸ਼ਨ ਕੀਤਾ।ਇਸ ਤੋਂ ਇਲਾਵਾ ਵਿਦਿਆਰਥੀਆਂ ਦੇ ਗਣਿਤ ਪ੍ਰਤੀ ਉਤਸ਼ਾਹ ਨੂੰ ਵਧਾਉਣ ਲਈ ਮੈਥ ਦਿਵਸ ਮੌਕੇ ਰਵੀ ਬਾਂਸਲ ਗਣਿਤ ਵਿਸ਼ੇ ਦੇ ਕੌਂਸਲ ਮੁਖੀ ਵੱਲੋਂ ਪ੍ਰੇਰਣਾਤਮਕ ਭਾਸ਼ਣ ਤੇ ਗਣਿਤ ਦੀਆਂ ਖੇਡਾਂ ਵੀ ਕਰਵਾਈਆਂ ਗਈਆਂ। ਉਨ੍ਹਾ ਬੱਚਿਆਂ ਨੂੰ ਦੱਸਿਆ ਕਿ ਰਾਸ਼ਟਰੀ ਗਣਿਤ ਦਿਵਸ ਹਰ ਸਾਲ 22 ਦਸੰਬਰ ਨੂੰ ਭਾਰਤ ਦੇ ਮਹਾਨ ਗਣਿਤ ਸ਼ਾਸਤਰੀ ਸ਼੍ਰੀਨਿਵਾਸ ਰਾਮਾਨੁਜਨ ਦੇ ਜਨਮ ਦਿਨ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ। ਪ੍ਰਿੰਸੀਪਲ ਨੇ ਸਾਰੇ ਬੱਚਿਆਂ ਨੂੰ ਗਣਿਤ ਦਿਵਸ ਦੀ ਵਧਾਈ ਦਿੱਤੀ ਤੇ ਉਨ੍ਹਾਂ ਨੂੰ ਜੀਵਨ ਵਿੱਚ ਗਣਿਤ ਦੀ ਮਹੱਤਤਾ ਨੂੰ ਸਮਝਣ ਤੇ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਇਸ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਮੁਕਾਬਲਿਆਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਬੱਚਿਆਂ ਨੂੰ ਵੀ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਕੋਆਰਡੀਨੇਟਰ ਵਿਕਰਮਜੀਤ ਸਿੰਘ, ਜੋਤੀ ਖੁਰਾਣਾ, ਆਸ਼ੂ ਰਾਣੀ, ਨਿਰਮਲਜੀਤ ਕੌਰ ਤੇ ਸ਼ਵੇਤਾ ਮੋਂਗਾ ਤੋਂ ਇਲਾਵਾ ਗਣਿਤ ਵਿਸ਼ੇ ਦੀ ਅਧਿਆਪਕ ਸੰਦੀਪ ਕੌਰ, ਬਲਜੀਤ ਸਿੰਘ, ਗੌਤਮ ਤੇ ਸਮੂਹ ਕਲਾਸ ਇੰਚਾਰਜ ਹਾਜ਼ਰ ਸਨ।

1158 ਪ੍ਰੋਫ਼ੈਸਰਾਂ ਤੇ ਲਾਇਬ੍ਰੇਰੀਅਨਾਂ ਵੱਲੋਂ ਜਥੇਬੰਦੀਆਂ ਦੇ ਸਹਿਯੋਗ ਨਾਲ ਵਿਸ਼ਾਲ ਰੋਸ ਮਾਰਚ

ਸੰਗਰੂਰ (ਪ੍ਰਵੀਨ ਸਿੰਘ)-1158 ਸਹਾਇਕ ਪ੍ਰੋਫ਼ੈਸਰ ਤੇ ਲਾਇਬ੍ਰੇਰੀਅਨ ਫ਼ਰੰਟ ਨੇ ਕਿਸਾਨ, ਮਜ਼ਦੂਰ, ਮੁਲਾਜ਼ਮ, ਵਿਦਿਆਰਥੀ ਤੇ ਜਨਤਕ ਜਮਹੂਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਸਾਂਝਾ ਰੋਸ ਮਾਰਚ ਕੀਤਾ।ਡੀਸੀ ਦਫ਼ਤਰ ਸੰਗਰੂਰ ਤੋਂ ਸ਼ੁਰੂ ਕਰਕੇ ਬਰਨਾਲਾ ਕੈਂਚੀਆਂ ਚੌਂਕ ਤਕ ਪੈਦਲ ਮਾਰਚ ਕੀਤਾ ਗਿਆ।ਇਸ ਉਪਰੰਤ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼ ਅੱਗੇ ਸਟੇਜ ਚਲਾ ਕੇ ਜਥੇਬੰਦੀਆਂ ਦੇ ਬੁਲਾਰਿਆਂ ਨੇ ਸੰਬੋਧਨ ਕੀਤਾ।ਜਸਪ੍ਰੀਤ ਸਿਵੀਆਂ ਨੇ ਦੱਸਿਆ ਕਿ ਇਸ ਮਾਰਚ ਦੀਆਂ ਮੁੱਖ ਮੰਗਾਂ ਹਨ ਕਿ ਨਿਯੁਕਤ ਹੋਣੋਂ ਰਹਿੰਦੇ 411 ਸਹਾਇਕ ਪ੍ਰੋਫ਼ੈਸਰਾਂ ਅਤੇ ਲਾਇਬ੍ਰੇਰੀਅਨਾਂ ਨੂੰ ਤੁਰੰਤ ਕਾਲਜਾਂ ਵਿਚ ਨਿਯੁਕਤ ਕਰ ਕੇ 1158 ਭਰਤੀ ਮੁਕੰਮਲ ਕੀਤੀ ਜਾਵੇ।ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੀਆਂ ਧਿਰਾਂ ਉੱਤੇ ਜਬਰ ਢਾਹੁਣ ਵਾਲੀ 'ਆਪ' ਸਰਕਾਰ ਆਪਣਾ ਤਾਨਾਸ਼ਾਹੀ ਰਵੱਈਆ ਬੰਦ ਕਰੇ।ਇਸ ਦੇ ਨਾਲ ਹੀ 1158 ਫ਼ਰੰਟ ਵਿਚੋਂ ਮਹਿਲਾ ਪ੍ਰੋਫ਼ੈਸਰਾਂ ਸਮੇਤ ਕੁੱਲ 40 ਸਾਥੀਆਂ 'ਤੇ ਪਏ ਪਰਚੇ ਰੱਦ ਕਰਨ ਦਾ ਲਿਖਤੀ ਭਰੋਸਾ ਦਿੱਤਾ ਜਾਵੇ।

ਪਰਮਜੀਤ ਸਿੰਘ ਨੇ ਤਕਰੀਰ ਕੀਤੀ ਕਿ 1158 ਫ਼ਰੰਟ ਦੀ ਜੱਦੋਂ ਜਹਿਦ ਨਾਲ ਪੰਜਾਬ ਦੇ ਮਿਹਨਤਕਸ਼ ਲੋਕ ਜੁੜ ਰਹੇ ਹਨ।ਫ਼ਰੰਟ ਦੀ ਲੜਾਈ ਉਦੋਂ ਤੱਕ ਜਾਰੀ ਰਹੇਗੀ, ਜਦੋਂ ਤੱਕ 1158 ਭਰਤੀ ਦੇ ਸਾਰੇ ਉਮੀਦਵਾਰ ਕਾਲਜਾਂ ਵਿੱਚ ਜੁਆਇੰਨ ਨਹੀਂ ਕਰ ਜਾਂਦੇ। ਇਸ ਉਪਰੰਤ ਉਚੇਰੀ ਸਿੱਖਿਆ ਦੇ ਹੋਰਨਾਂ ਮੁੱਦਿਆਂ 'ਤੇ ਵੀ ਸੰਘਰਸ਼ ਵਿੱਢਿਆ ਜਾਵੇਗਾ। ਬਲਜਿੰਦਰ ਕੰਬੋਜ ਨੇ ਦੱਸਿਆ ਕਿ ਮਾਣਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਡਬਲ ਬੈਂਚ ਨੇ 23 ਸਤੰਬਰ ਨੂੰ 1158 ਸਹਾਇਕ ਪ੍ਰੋਫ਼ੈਸਰ ਅਤੇ ਲਾਇਬ੍ਰੇਰੀਅਨ ਭਰਤੀ ਨੂੰ ਨੇਪਰੇ ਚੜ੍ਹਾਉਣ ਲਈ ਹਰੀ ਝੰਡੀ ਦਿੱਤੀ ਸੀ।ਜਸਪ੍ਰੀਤ ਕੌਰ ਨੇ ਦੱਸਿਆ ਕਿ 607 ਸਹਾਇਕ ਪ੍ਰੋਫ਼ੈਸਰ ਕਾਲਜਾਂ ਵਿਚ ਨਿਯੁਕਤ ਹੋ ਚੁੱਕੇ ਹਨ, ਪਰ ਪਿੱਛੇ ਬਚਦੇ 411 ਸਹਾਇਕ ਪ੍ਰੋਫ਼ੈਸਰ ਤੇ ਲਾਇਬ੍ਰੇਰੀਅਨ ਉਮੀਦਵਾਰ ਪਿਛਲੇ ਤਿੰਨ ਮਹੀਨਿਆਂ ਤੋਂ ਨਿਯੁਕਤੀ ਦੀ ਉਡੀਕ ਵਿੱਚ ਹਨ।ਪ੍ਰਿਤਪਾਲ ਨੇ ਕਿਹਾ ਕਿ ਅਸੀਂ ਅੱਜ ਇਸ ਮਾਰਚ ਰਾਹੀਂ ਸੰਘਰਸ਼ ਕਰ ਰਹੀਆਂ ਸਾਰੀਆਂ ਧਿਰਾਂ ਲਈ ਜਮਹੂਰੀ ਸਪੇਸ ਦੀ ਰਾਖੀ ਲਈ ਆਵਾਜ਼ ਬੁਲੰਦ ਕੀਤੀ ਹੈ।ਜਸਕਰਨ ਸਿੰਘ ਨੇ ਸਾਰੀਆਂ ਯੂਨੀਅਨਾਂ ਦਾ ਹਮਾਇਤ ਕਰਨ ਲਈ ਧੰਨਵਾਦ ਕੀਤਾ। ਮਾਰਚ ਵਿਚ ਭਾਕਿਯੂ (ਏਕਤਾ) ਉਗਰਾਹਾਂ, ਭਾਕਿਯੂ ਡਕੌਂਦਾ (ਧਨੇਰ), ਕਿਰਤੀ ਕਿਸਾਨ ਯੂਨੀਅਨ, ਜਮਹੂਰੀ ਕਿਸਾਨ ਸਭਾ, ਕੁੱਲ ਹਿੰਦ ਕਿਸਾਨ ਸਭਾ, ਖੇਤੀਬਾੜੀ ਤੇ ਕਿਸਾਨ ਵਿਕਾਸ ਫ਼ਰੰਟ, ਨਰੇਗਾ ਵਰਕਰ ਯੂਨੀਅਨ, ਸੀਟੂ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ, ਡੀਟੀਐੱਫ਼ ਪੰਜਾਬ, ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ, ਮੈਰੀਟੋਰੀਅਸ ਟੀਚਰਜ਼ ਯੂਨੀਅਨ, ਕੰਪਿਊਟਰ ਅਧਿਆਪਕ ਯੂਨੀਅਨ, ਜਮਹੂਰੀ ਅਧਿਕਾਰ ਸਭਾ, ਪਟਵਾਰ ਯੂਨੀਅਨ ਪੰਜਾਬ, ਪੀਐੱਸਯੂ-ਲਲਕਾਰ, ਪੀਐੱਸਯੂ-ਸ਼ਹੀਦ ਰੰਧਾਵਾ, ਏਆਈਐਸਐੱਫ, ਐਸਐਫਆਈ, ਪੀਐਸਐਫ ਸ਼ਾਮਲ ਸਨ।

ਅੱਜ-ਨਾਮਾ

ਸ਼ਹਿਰੀ ਚੋਣਾਂ ਦੇ ਆਏ ਰਿਜ਼ਲਟ ਕਹਿੰਦੇ,
ਪਾਰਟੀਆਂ ਵੇਖ ਪਾਉਂਦੇ ਲੋਕ ਵੋਟ ਬੇਲੀ।
ਜਾਂ ਫਿਰ ਵੇਖਦੇ ਕੰਮ ਲਈ ਝਾਕ ਕਿਧਰੋਂ,
ਕਿੱਧਰ ਦੀ ਨੀਤ ਦਾ ਘੱਟ ਆ ਖੋਟ ਬੇਲੀ।
ਮ੍ਹਾਤੜ ਰੋਟੀ ਦੋ ਡੰਗਾਂ ਦੀ ਗਰਜ ਵਿੰਹਦਾ,
ਪਾਉਂਦਾ ਏ ਵੋਟ ਜਦ ਮਿਲੇਗਾ ਨੋਟ ਬੇਲੀ।
ਸਿਆਣਾ ਵੋਟਰ ਜ਼ਮੀਰ ਦ

25-Dec-PAG-3.qxd 12/24/2024 11:26 PM Page 1

ਚਾਰ ਸਾਹਿਬਜ਼ਾਦਿਆਂ ਦੀ ਬੇਮਿਸਾਲ ਸ਼ਹਾਦਤ ਨੂੰ ਸਮਰਪਤ ਲਾਈਟ ਐਂਡ ਸਾਊਂਡ ਸ਼ੋਅ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਚੀਫ਼ ਖ਼ਾਲਸਾ ਦੀਵਾਨ ਵੱਲੋਂ ਕੁਰਬਾਨੀਆਂ ਭਰੇ ਪੋਹ ਮਹੀਨੇ ਵਿੱਚ ਸ਼ਹੀਦੀ ਸਪਤਾਹ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਉਂਦਿਆਂ ਸ੍ਰੀ ਗੁਰੂ ਹਰਿਕ੍ਰਿਸ਼ਨ ਸੀ: ਸੈ: ਪਬਲਿਕ ਸਕੂਲ, ਜੀ. ਟੀ. ਰੋਡ ਦੇ ਵਿਹੜੇ ਵਿੱਚ ਸਰਬੰਸਦਾਨੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਅਤੇ ਮਾਤਾ ਗੁਜਰ ਕੌਰ ਜੀ ਅਤੇ ਚਾਰ ਸਾਹਿਜ਼ਾਦਿਆਂ ਦੀ ਬੇਮਿਸਾਲ ਸ਼ਹਾਦਤ ਨੂੰ ਸਮਰਪਤ ਲਾਈਟ ਐਂਡ ਸਾਊਂਡ ਸ਼ੋਅ 'ਵਹ ਪ੍ਰਗਟਿਓ ਮਰਦ ਅਗੰਮੜਾ' ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਨਰਿੰਦਰ ਸਾਂਘੀ ਵੱਲੋਂ ਨਿਰਦੇਸ਼ਿਤ ਇਸ 'ਲਾਈਟ ਐਂਡ ਸਾਊਂਡ' ਸ਼ੋਅ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੰਘਰਸ਼ਮਈ ਜੀਵਨ ਗਾਥਾ, ਮਾਤਾ ਗੁਜਰ ਕੌਰ ਦੇ ਤਸੀਹਿਆਂ ਭਰੀਆਂ ਕਾਲੀਆਂ ਕਹਿਰ ਦੀਆਂ ਰਾਤਾਂ, ਵੱਡੇ ਸਾਹਿਬਜ਼ਾਦਿਆਂ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਵੱਲੋਂ ਜੰਗ-ਏ ਮੈਦਾਨ ਵਿਚ ਵਿਖਾਈ ਗਈ ਲਾਸਾਨੀ ਬਹਾਦਰੀ ਅਤੇ ਨਿਡਰਤਾ ਅਤੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫਤਿਹ ਸਿੰਘ ਨੂੰ ਦਿੱਤੇ ਗਏ ਦਿਲ ਕੰਬਾਊ ਤਸੀਹੇ, ਉਨ੍ਹਾਂ ਨੂੰ ਜ਼ਿੰਦੇ-ਜੀਅ ਨੀਹਾਂ ਵਿਚ ਚਿਣਾਉਣ ਦੇ ਸ਼ਹੀਦੀ ਸਾਕਿਆਂ ਦਾ ਵਰਨਣ, ਖ਼ਾਲਸਾ ਪੰਥ ਦੀ ਸਾਜਨਾ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਗੁਰਤਾ ਗੱਦੀ ਦੇ ਗੌਰਵਮਈ ਇਤਿਹਾਸ ਨੂੰ ਵਿਦਿਆਰਥੀਆਂ ਦੇ ਸਾਹਮਣੇ ਬਹੁਤ ਸਜੀਵ ਅਤੇ ਸਾਕਾਰ ਰੂਪ ਵਿੱਚ ਪੇਸ਼ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਡਾ. ਇੰਦਰਬੀਰ ਸਿੰਘ ਨਿੱਜਰ ਨੇ ਵਿਦਿਆਰਥੀਆਂ ਨੂੰ ਸਿੱਖ ਕੌਮ ਦੇ ਸ਼ਹਾਦਤਾਂ ਭਰੇ ਇਤਿਹਾਸ ਅਤੇ ਵਿਰਸੇ ਤੇ ਮਾਣ ਕਰਨ ਅਤੇ ਚਾਰ ਸਾਹਿਬਜ਼ਾਦਿਆਂ ਦੀ ਅਣਖ, ਸਵੈਮਾਣ ਅਤੇ ਧਰਮ ਪ੍ਰਤੀ ਦ੍ਰਿੜ੍ਹਤਾ ਤੋਂ ਸੇਧ ਲੈ ਕੇ ਉੱਚੀ-ਸੁੱਚੀ ਜੀਵਨ ਜਾਚ ਅਪਣਾਉਣ ਦੀ ਪ੍ਰੇਰਣਾ ਦਿੱਤੀ। ਦੀਵਾਨ ਦੇ ਐਡੀਸ਼ਨਲ ਸਕੱਤਰ ਅਤੇ ਸਕੂਲ ਮੈਂਬਰ ਇੰਚਾਰਜ ਸੁਖਜਿੰਦਰ ਸਿੰਘ ਪ੍ਰਿੰਸ ਨੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਨਮਨ ਕਰਦਿਆਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਪ੍ਰੋਗਰਾਮ ਵਿੱਚ ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ, ਮੀਤ ਪ੍ਰਧਾਨ ਜਗਜੀਤ ਸਿੰਘ, ਸਥਾਨਕ ਪ੍ਰਧਾਨ ਕੁਲਜੀਤ ਸਿੰਘ ਸਾਹਨੀ, ਆਨਰੇਰੀ ਸੱਕਤਰ ਰਮਣੀਕ ਸਿੰਘ, ਐਡੀ: ਆਨਰੇਰੀ ਸੱਕਤਰ ਜਸਪਾਲ ਸਿੰਘ ਢਿੱਲੋਂ, ਸਕੂਲ ਮੈਂਬਰ ਇੰਚਾਰਜ ਰਬਿੰਦਰਬੀਰ ਸਿੰਘ ਭੱਲਾ ਅਤੇ ਗੁਰਪ੍ਰੀਤ ਸਿੰਘ ਸੇਠੀ, ਮਨਮੋਹਨ ਸਿੰਘ, ਮੋਹਨਜੀਤ ਸਿੰਘ ਭੱਲਾ, ਹਰਮਨਜੀਤ ਸਿੰਘ, ਤਰਲੋਚਨ ਸਿੰਘ, ਸਰਜੋਤ ਸਿੰਘ ਸਾਹਨੀ, ਰਣਦੀਪ ਸਿੰਘ, ਏ.ਪੀ.ਐਸ. ਮਾਨ, ਇੰਦਰਜੀਤ ਸਿੰਘ ਅੜੀ, ਹਰਪ੍ਰੀਤ ਸਿੰਘ, ਅਜੀਤਪਾਲ ਸਿੰਘ ਅਨੇਜਾ, ਜਤਿੰਦਰਬੀਰ ਸਿੰਘ, ਨਿਰੰਜਨ ਸਿੰਘ, ਅਮਰਦੀਪ ਸਿੰਘ ਮਰਵਾਹਾ, ਡਾਇਰੈਕਟਰ ਐਜੂਕੇਸ਼ਨ ਡਾ. ਏ.ਪੀ.ਐਸ. ਚਾਵਲਾ, ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲ ਅਤੇ ਅਧਿਆਪਕ ਸਾਹਿਬਾਨ ਸਮੇਤ ਵੱਡੀ ਗਿਣਤੀ ਵਿਚ ਵਿਦਿਆਰਥੀਆਂ ਦੇ ਮਾਤਾ-ਪਿਤਾ ਸ਼ਾਮਲ ਸਨ।

ਸੁਸ਼ਾਸਨ ਸਪਤਾਹ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰਵਾਈ ਗਈ ਜ਼ਿਲ੍ਹਾ ਪੱਧਰੀ ਪ੍ਰਸਾਰ ਵਰਕਸ਼ਾਪ

ਗੁਰਦਾਸਪੁਰ, (ਜਨਕ ਮਹਾਜਨ)-'ਸੁਸ਼ਾਸਨ ਸਪਤਾਹ' (ਗੁੱਡ ਗਵਰਨੈਂਸ ਵੀਕ) ਤਹਿਤ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫ਼ਰੰਸ ਹਾਲ ਵਿਖੇ ਜ਼ਿਲ੍ਹਾ ਪੱਧਰੀ ਪ੍ਰਸਾਰ ਵਰਕਸ਼ਾਪ ਕਰਵਾਈ ਗਈ। ਇਸ ਵਰਕਸ਼ਾਪ ਵਿੱਚ ਜ਼ਿਲ੍ਹਾ ਅਧਿਕਾਰੀਆਂ ਨੂੰ ਗੁੱਡ ਗਵਰਨੈਂਸ ਦੇ ਗੁਰ ਦੱਸਣ ਲਈ ਸਾਬਕਾ ਆਈ.ਏ.ਐੱਸ. ਅਧਿਕਾਰੀ ਸ਼ਿਵਦੁਲਾਰ ਸਿੰਘ ਢਿੱਲੋਂ ਅਤੇ ਜਨਾਬ ਮੁਹੰਮਦ ਇਸ਼ਫ਼ਾਕ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਸਾਬਕਾ ਆਈ.ਏ.ਐੱਸ. ਅਧਿਕਾਰੀ ਸ਼ਿਵਦੁਲਾਰ ਸਿੰਘ ਢਿੱਲੋਂ ਜ਼ਿਲ੍ਹਾ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਰਹਿਣ ਤੋਂ ਇਲਾਵਾ ਹੋਰ ਉੱਚ ਪ੍ਰਸ਼ਾਸਨਿਕ ਅਹੁਦਿਆਂ ਉੱਪਰ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾਅ ਚੁੱਕੇ ਹਨ। ਮੌਜੂਦਾ ਸਮੇਂ ਉਹ ਸੂਬਾ ਪੱਧਰ 'ਤੇ ਇੰਡੀਅਨ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਵਜੋਂ ਸੇਵਾਵਾਂ ਨਿਭਾ ਰਹੇ ਹਨ। ਇਸੇ ਤਰਾਂ ਸਾਬਕਾ ਆਈ.ਏ.ਐੱਸ. ਅਧਿਕਾਰੀ ਜਨਾਬ ਮੁਹੰਮਦ ਇਸ਼ਫ਼ਾਕ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵਿੱਚ ਸੇਵਾਵਾਂ ਨਿਭਾਉਣ ਤੋਂ ਇਲਾਵਾ 10 ਫਰਵਰੀ 2020 ਤੋਂ 29 ਨਵੰਬਰ 2022 ਤੱਕ ਦੇ ਸਮੇਂ ਦੌਰਾਨ ਜ਼ਿਲ੍ਹਾ ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਰਹੇ ਹਨ। 'ਸੁਸ਼ਾਸਨ ਸਪਤਾਹ' ਮੌਕੇ ਲਗਾਈ ਗਈ ਇਸ ਵਰਕਸ਼ਾਪ ਦੌਰਾਨ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ, ਐੱਸ.ਐੱਸ.ਪੀ. ਗੁਰਦਾਸਪੁਰ ਹਰੀਸ਼ ਦਯਾਮਾ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਹਰਜਿੰਦਰ ਸਿੰਘ ਬੇਦੀ, ਐੱਸ.ਡੀ.ਐੱਮ. ਦੀਨਾਨਗਰ ਜਸਪਿੰਦਰ ਸਿੰਘ, ਐੱਸ.ਡੀ.ਐੱਮ. ਗੁਰਦਾਸਪੁਰ ਡਾ. ਕਰਮਜੀਤ ਸਿੰਘ, ਐੱਸ.ਡੀ.ਐੱਮ. ਕਲਾਨੌਰ ਜਿਯੋਤਸਨਾ ਸਿੰਘ, ਐੱਸ.ਡੀ.ਐੱਮ. ਫ਼ਤਿਹਗੜ੍ਹ ਚੂੜੀਆਂ ਵੀਰਪਾਲ ਕੌਰ ਤੋਂ ਇਲਾਵਾ ਇਲਾਵਾ ਹੋਰ ਜ਼ਿਲ੍ਹਾ ਅਧਿਕਾਰੀ ਵੀ ਹਾਜ਼ਰ ਸਨ। ਗੁੱਡ ਗਵਰਨੈਂਸ ਬਾਰੇ ਗੱਲ ਕਰਦਿਆਂ ਮੁੱਖ ਮਹਿਮਾਨ ਸ਼ਿਵ ਦੁਲਾਰ ਸਿੰਘ ਢਿੱਲੋਂ ਨੇ ਕਿਹਾ ਕਿ ਬਤੌਰ ਸਰਕਾਰੀ ਅਧਿਕਾਰੀ ਸਾਡਾ ਇਹ ਇਖ਼ਲਾਕੀ ਫ਼ਰਜ਼ ਬਣਦਾ ਹੈ ਕਿ ਅਸੀਂ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਲੋਕਾਂ ਨੂੰ ਬਿਹਤਰ ਪ੍ਰਸ਼ਾਸਨ ਮੁਹੱਈਆ ਕਰਾਈਏ। ਇਸ ਮੌਕੇ ਵੀਡੀਓ ਕਾਨਫ਼ਰੰਸ ਰਾਹੀਂ ਜੁੜੇ ਸਾਬਕਾ ਆਈ.ਏ.ਐੱਸ. ਅਧਿਕਾਰੀ ਜਨਾਬ ਮੁਹੰਮਦ ਇਸ਼ਫ਼ਾਕ ਨੇ ਕਿਹਾ ਕਿ ਸਰਕਾਰੀ ਦਫ਼ਤਰਾਂ ਵਿੱਚ ਸੇਵਾਵਾਂ ਲੈਣ ਆਉਣ ਵਾਲੇ ਹਰ ਵਿਅਕਤੀ ਨੂੰ ਮਾਣ-ਸਤਿਕਾਰ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਲੋਕ ਸੇਵਕ ਬਣ ਕੇ ਕੰਮ ਕਰਨਾ ਚਾਹੀਦਾ ਹੈ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 40 ਸੇਵਾ ਕੇਂਦਰ ਕੰਮ ਕਰ ਰਹੇ ਹਨ ਜਿਨ੍ਹਾਂ ਰਾਹੀਂ 433 ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਇਸ ਮੌਕੇ ਐੱਸ.ਐੱਸ.ਪੀ. ਗੁਰਦਾਸਪੁਰ ਹਰੀਸ਼ ਦਾਯਮਾ ਨੇ ਵੀ ਗੁੱਡ ਗਵਰਨੈਂਸ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਵਧੀਕ ਡਿਪਟੀ ਕਮਿਸ਼ਨਰ (ਜ) ਹਰਜਿੰਦਰ ਸਿੰਘ ਨੇ ਵਰਕਸ਼ਾਪ ਵਿੱਚ ਉਚੇਚੇ ਤੌਰ 'ਤੇ ਸ਼ਾਮਲ ਹੋਣ ਲਈ ਸਾਬਕਾ ਅਧਿਕਾਰੀ ਸ਼ਿਵਦੁਲਾਰ ਸਿੰਘ ਢਿੱਲੋਂ ਅਤੇ ਜਨਾਬ ਮੁਹੰਮਦ ਇਸ਼ਫ਼ਾਕ ਦਾ ਧੰਨਵਾਦ ਕੀਤਾ।

ਸਕੂਲ 'ਚ ਚਾਰ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਸਮਾਗਮ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਕਾਰ ਸੇਵਾ ਖਡੂਰ ਸਾਹਿਬ ਦੇ ਮੁਖੀ ਬਾਬਾ ਸੇਵਾ ਸਿੰਘ ਦੀ ਰਹਿਨੁਮਾਈ ਹੇਠ ਚੱਲ ਰਹੀ ਸੰਸਥਾ ਨਿਸ਼ਾਨ-ਏ-ਸਿੱਖੀ ਇੰਟਰਨੈਸ਼ਨਲ ਸਕੂਲ ਖਡੂਰ ਸਾਹਿਬ ਵਿਖੇ ਸਕੂਲ ਦੇ ਸਮੁੱਚੇ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਚਾਰ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਸਮਾਗਮ ਕਰਵਾਇਆ ਗਿਆ। ਇਸ ਦੀ ਸ਼ੁਰੂਆਤ ਜਪੁਜੀ ਸਾਹਿਬ ਦਾ ਪਾਠ ਕਰਕੇ ਕੀਤੀ ਗਈ। ਇਸ ਉਪਰੰਤ ਵਿਦਿਆਰਥੀਆਂ ਵੱਲੋਂ ਇਲਾਹੀ ਬਾਣੀ ਦਾ ਕੀਰਤਨ ਕੀਤਾ ਗਿਆ। ਇਸ ਦੇ ਨਾਲ ਹੀ ਵਿਦਿਆਰਥੀਆਂ ਵੱਲੋਂ ਸ਼ਹੀਦੀ ਦਿਹਾੜੇ ਨੂੰ ਸਮਰਪਤ ਕਵਿਤਾ ਗਾਇਨ ਦੀ ਪੇਸ਼ਕਾਰੀ ਕੀਤੀ ਗਈ। ਇਸ ਤੋਂ ਬਾਅਦ ਸਕੂਲ ਦੇ ਧਾਰਮਿਕ ਅਧਿਆਪਕ ਗੁਰਲਾਲ ਸਿੰਘ ਵੱਲੋਂ ਚਾਰ ਸਾਹਿਬਜ਼ਾਦਿਆਂ ਦੇ ਵਿਲੱਖਣ ਇਤਿਹਾਸ ਬਾਰੇ ਜਾਣਕਾਰੀ ਦਿੱਤੀ ਗਈ। ਪੰਜਵੀਂ ਤੋਂ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦੇ ਸੁੰਦਰ ਦੁਮਾਲਾ ਸਜਾਉਣ ਦੇ ਮੁਕਾਬਲੇ ਵੀ ਕਰਵਾਏ ਗਏ, ਜਿਨ੍ਹਾਂ ਵਿੱਚੋਂ ਜੂਨੀਅਰ ਵਰਗ ਵਿੱਚੋਂ ਗੁਰਬਾਜ ਸਿੰਘ ਨੇ ਪਹਿਲਾ, ਗੁਰਨਿਸ਼ਾਨ ਸਿੰਘ ਨੇ ਦੂਸਰਾ ਅਤੇ ਬਿਕਰਮਜੀਤ ਸਿੰਘ ਨੇ ਤੀਸਰਾ ਸਥਾਨ ਅਤੇ ਸੀਨੀਅਰ ਵਰਗ ਵਿੱਚੋਂ ਪ੍ਰਭਜੋਤ ਕੌਰ ਨੇ ਪਹਿਲਾ, ਅਰਸ਼ਦੀਪ ਕੌਰ ਨੇ ਦੂਸਰਾ, ਅਨਰੂਪ ਸਿੰਘ ਅਤੇ ਗੁਰਸਿਮਰਨਜੀਤ ਕੌਰ ਕ੍ਰਮਵਾਰ ਤੀਸਰਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ ਵਿਦਿਆਰਥੀਆਂ ਦਾ ਕੁਇਜ਼ ਮੁਕਾਬਲਾ ਵੀ ਕਰਵਾਇਆ ਗਿਆ। ਇਸ ਵਿੱਚ ਸਕੂਲ ਦੇ ਚਾਰੇ ਹਾਊਸਾਂ (ਬਾਬਾ ਦੀਪ ਸਿੰਘ ਜੀ, ਅਕਾਲੀ ਫੂਲਾ ਸਿੰਘ ਜੀ, ਸ੍ਰ. ਹਰੀ ਸਿੰਘ ਨਲੂਆ ਅਤੇ ਸ੍ਰ. ਸ਼ਾਮ ਸਿੰਘ ਅਟਾਰੀ) ਦੇ ਛੇਵੀਂ ਤੋਂ ਗਿਆਰ੍ਹਵੀਂ ਜਮਾਤਾਂ ਦੇ ਵਿਦਿਆਰਥੀਆਂ ਨੇ ਵਧ ਚੜ੍ਹ ਕੇ ਹਿੱਸਾ ਲਿਆ ਜਿਨ੍ਹਾਂ ਵਿੱਚੋਂ ਅਕਾਲੀ ਫੂਲਾ ਸਿੰਘ ਹਾਊਸ ਦੇ ਵਿਦਿਆਰਥੀਆਂ ਨੇ ਪਹਿਲਾ ਸਥਾਨ, ਸ਼ਾਮ ਸਿੰਘ ਅਟਾਰੀ ਹਾਊਸ ਨੇ ਦੂਸਰਾ ਸਥਾਨ ਅਤੇ ਬਾਬਾ ਦੀਪ ਸਿੰਘ ਹਾਊਸ ਨੇ ਤੀਸਰਾ ਸਥਾਨ ਹਾਸਲ ਕੀਤਾ। ਇਸ ਮੁਕਾਬਲੇ ਵਿੱਚ ਚਾਰ ਸਾਹਿਬਜ਼ਾਦਿਆਂ ਦੇ ਜੀਵਨ ਨਾਲ ਸੰਬੰਧਤ ਪ੍ਰਸ਼ਨ ਪੁੱਛੇ ਗਏ। ਸਟੇਜ ਸੰਚਾਲਨ ਦੀ ਸੇਵਾ ਧਾਰਮਿਕ ਅਧਿਆਪਕ ਗੁਰਲਾਲ ਸਿੰਘ ਵੱਲੋਂ ਨਿਭਾਈ ਗਈ। ਸਕੂਲ ਦੇ ਪ੍ਰਿੰਸੀਪਲ ਅਮਰਜੀਤ ਸਿੰਘ ਨੇ ਸਭ ਦਾ ਧੰਨਵਾਦ ਕਰਦਿਆਂ ਸਿੱਖੀ ਸਿਧਾਂਤਾਂ 'ਤੇ ਪਹਿਰਾ ਦੇਣ ਦਾ ਸੰਦੇਸ਼ ਦਿੱਤਾ।

ਘਰੇਲੂ ਗੈਸ ਸਿਲੰਡਰਾਂ ਦੀ ਦੁਰਵਰਤੋਂ ਜ਼ੋਰਾਂ 'ਤੇ, ਵਿਭਾਗ ਸੁੱਤਾ ਕੁੰਭਕਰਨੀ ਨੀਂਦ

ਗੁਰਦਾਸਪੁਰ, (ਜਨਕ ਮਹਾਜਨ)- ਘਰੇਲੂ ਗੈਸ ਸਿਲੰਡਰਾਂ ਦੀ ਦੁਰਵਰਤੋਂ ਜ਼ੋਰਾਂ 'ਤੇ ਕੀਤੀ ਜਾ ਰਹੀ ਹੈ ਪਰ ਸਬੰਧਤ ਵਿਭਾਗ ਇਸ ਦੀ ਦੁਰਵਰਤੋਂ ਰੋਕਣ ਵਾਸਤੇ ਕੋਈ ਕਾਰਵਾਈ ਨਹੀਂ ਕਰ ਰਿਹਾ, ਜਿਸ ਕਰਕੇ ਲੋਕਾਂ ਦਾ ਵਿਭਾਗ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਅਨੁਸਾਰ ਫਾਸਟ ਫੂਡ ਦੀਆਂ ਰੇਹੜੀਆਂ ਵਾਲੇ ਅਤੇ ਹੋਰ ਛੋਟੇ-ਮੋਟੇ ਦੁਕਾਨਦਾਰ ਸ਼ਰੇਆਮ ਕਮਰਸ਼ੀਅਲ ਗੈਸ ਸਿਲੰਡਰਾਂ ਦੀ ਜਗ੍ਹਾ 'ਤੇ ਘਰੇਲੂ ਗੈਸ ਸਿਲੰਡਰਾਂ ਦੀ ਵਰਤੋਂ ਕਰ ਰਹੇ ਹਨ। ਇਸ ਨਾਲ ਜਿੱਥੇ ਸਰਕਾਰ ਨੂੰ ਕਰੋੜਾਂ ਰੁਪਏ ਦਾ ਚੂਨਾ ਲੱਗ ਰਿਹਾ ਹੈ ਉੱਤੇ ਘਰੇਲੂ ਖਪਤਕਾਰਾਂ ਨਾਲ ਧੱਕਾ ਹੋ ਰਿਹਾ ਹੈ। ਲੋਕਾਂ ਨੇ ਦੱਸਿਆ ਕਿ ਇਹ ਫਾਸਟ ਫੂਡ ਦੀਆਂ ਰੇਹੜੀਆਂ ਅਤੇ ਛੋਟੇ ਮੋਟੇ ਦੁਕਾਨਦਾਰ ਸ਼ਰੇਆਮ ਸੜਕ ਕੰਢੇ ਰੇਹੜੀਆਂ 'ਤੇ ਫਾਸਟ ਫੂਡ ਆਦਿ ਬਣਾ ਕੇ ਸਰਕਾਰ ਦਾ ਮੂੰਹ ਚਿੜਾ ਰਹੇ ਹਨ। ਇਸੇ ਪਾਸੇ ਜ਼ਿਲ੍ਹਾ ਪ੍ਰਸ਼ਾਸਨ ਤੇ ਪੁਲਸ ਵਿਭਾਗ ਵੱਲੋਂ ਕੋਈ ਵੀ ਕਾਰਵਾਈ ਨਹੀਂ ਕੀਤੀ ਜਾ ਰਹੀ। ਜਾਣਕਾਰੀ ਅਨੁਸਾਰ ਸਿਵਲ ਸਪਲਾਈ ਵਿਭਾਗ ਅਤੇ ਹੋਰ ਰੋਜ਼ਾਨਾ ਜ਼ਰੂਰੀ ਵਸਤੂਆਂ ਵਰਤਣ ਵਾਲੇ ਸਮਾਨ 'ਤੇ ਨਜ਼ਰ ਰੱਖਣ ਵਾਲੇ ਵਿਭਾਗ ਵੀ ਸੁੱਤੇ ਹੋਏ ਹਨ। ਗੁਰਦਾਸਪੁਰ ਸ਼ਹਿਰ ਵਿੱਚ ਅਤੇ ਆਸ ਪਾਸ ਤੇ ਇਲਾਕੇ ਵਿੱਚ ਸਭ ਤੋਂ ਜ਼ਿਆਦਾ ਵਿਅਸਤ ਸੜਕ ਲਾਇਬ੍ਰੇਰੀ ਰੋਡ ਤੋਂ ਹਨੂੰਮਾਨ ਚੌਕ ਤੱਕ ਘਰੇਲੂ ਗੈਸ ਸਿਲੰਡਰਾਂ ਦੀ ਦੁਰਵਰਤੋਂ ਰੇਹੜੀ ਫੜ੍ਹੀ ਵਾਲਿਆਂ ਵੱਲੋਂ ਬੇਖੌਫ ਬਿਨਾਂ ਕਿਸੇ ਡਰ ਤੋਂ ਕੀਤੀ ਜਾ ਰਹੀ ਹੈ। ਲੋਕਾਂ ਦਾ ਕਹਿਣਾ ਹੈ ਕਿ ਸਬੰਧਤ ਵਿਭਾਗ ਵਲੋਂ ਘਰੇਲੂ ਗੈਸ ਦੀ ਵਰਤੋਂ ਨੂੰ ਰੋਕਣ ਲਈ ਇਨ੍ਹਾਂ ਰੇਹੜੀ ਵਾਲਿਆਂ ਖਿਲਾਫ ਕਦੇ ਕੋਈ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਵਿਭਾਗ ਨੂੰ ਚਾਹੀਦਾ ਹੈ ਕਿ ਘਰੇਲੂ ਗੈਸ ਸਿਲੰਡਰ ਵਰਤਣ ਵਾਲੇ ਰੇਹੜੀ ਫੜ੍ਹੀ ਵਾਲਿਆਂ 'ਤੇ ਨਕੇਲ ਕੱਸੀ ਜਾਵੇ।

ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਵਸ ਮਨਾਓ : ਠਾਕੁਰ ਦਲੀਪ ਸਿੰਘ

ਜਲੰਧਰ-ਨਾਮਧਾਰੀ ਮੁਖੀ ਠਾਕੁਰ ਦਲੀਪ ਸਿੰਘ ਨੇ ਸੰਦੇਸ਼ ਦਿੱਤਾ ਕਿ ਕ੍ਰਿਸਮਸ ਦਾ ਤਿਉਹਾਰ ਮਨਾਉਣ ਦੀ ਬਜਾਏ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਵਸ ਮਨਾ ਕੇ, ਉਹਨਾਂ ਨੂੰ ਸ਼ਰਧਾਂਜਲੀ ਭੇਟ ਕਰਨੀ ਚਾਹੀਦੀ ਹੈ। ਕਿਉਂਕਿ, ਕ੍ਰਿਸਮਿਸ ਦਾ ਤਿਉਹਾਰ ਅਸਾਡਾ ਭਾਰਤਵਾਸੀਆਂ ਦਾ ਨਹੀਂ। ਕ੍ਰਿਸਮਸ ਦੇ ਦਿਨਾਂ ਵਿੱਚ ਧਰਮ, ਦੇਸ਼ ਦੀ ਰੱਖਿਆ ਵਾਸਤੇ ਗੁਰੂ ਗੋਬਿੰਦ ਸਿੰਘ ਜੀ ਦੇ ਮਾਤਾ ਗੁਜਰੀ ਜੀ, ਚਾਰੇ ਸਾਹਿਬਜ਼ਾਦਿਆਂ ਨੇ ਆਪਣੇ ਸਰੀਰ ਨਿਛਾਵਰ ਕਰ ਦਿੱਤੇ ਅਤੇ ਹਜ਼ਾਰਾਂ ਸਿੱਖ ਸ਼ਹੀਦ ਵੀ ਹੋਏ ਸਨ। ਉਹਨਾਂ ਦੀ ਮਹਾਨ ਕੁਰਬਾਨੀ ਨੂੰ ਯਾਦ ਕਰਦੇ ਹੋਏ ਸਾਨੂੰ ਆਪਣੇ ਬੱਚਿਆਂ ਵਿੱਚ ਅਤੇ ਆਪਣੇ ਪਰਵਾਰਾਂ ਵਿੱਚ ਵੀ ਅਜਿਹੀ ਭਾਵਨਾ ਭਰਨੀ ਚਾਹੀਦੀ ਹੈ ਕਿ ਅਸੀਂ ਆਪਣੇ ਧਰਮ ਅਤੇ ਰਾਸ਼ਟਰ ਦੀ ਰੱਖਿਆ ਕਰ ਸਕੀਏ। ਜੇ ਲੋੜ ਪਵੇ ਤਾਂ ਧਰਮ ਦੀ ਰਾਖੀ ਲਈ ਅਸੀਂ ਆਪਣੀ ਜਾਨ ਵੀ ਵਾਰ ਕਰ ਸਕੀਏ। ਗੁਲਾਮੀ ਕਾਰਨ, ਵਿਦੇਸ਼ੀ ਅਮ

25-Dec-PAGE-4.qxd 12/24/2024 11:30 PM Page 1

ਨਵਾਂ ਜ਼ਮਾਨਾ
ਬੁੱਧਵਾਰ, 25 ਦਸੰਬਰ 2024

ਅਸਹਿਮਤੀ ਨੂੰ ਕੁਚਲਣ ਖਾਤਰ

ਸਰਕਾਰ ਵਿਰੁੱਧ ਉੱਠਣ ਵਾਲੀਆਂ ਆਵਾਜ਼ਾਂ ਨੂੰ ਦਬਾਉਣ ਲਈ ਹੁਣ ਕੇਂਦਰੀ ਗ੍ਰਹਿ ਮੰਤਰਾਲੇ ਨੇ ਅਣਐਲਾਨੀਆ ਤੌਰ 'ਤੇ ਸੀ ਆਰ ਪੀ ਐੱਫ ਦੀ 'ਸ਼ਹਿਰੀ ਨਕਸਲੀਆਂ' ਤੇ ਓਵਰਗਰਾਊਂਡ ਮਾਓਵਾਦੀ ਰਣਨੀਤੀਕਾਰਾਂ ਤੇ ਹਮਦਰਦਾਂ ਦੀ ਪਛਾਣ ਕਰਨ ਦੀ ਡਿਊਟੀ ਲਾ ਦਿੱਤੀ ਹੈ, ਤਾਂ ਕਿ ਇਨ੍ਹਾਂ ਦੇ ਨੈੱਟਵਰਕ ਨੂੰ ਭੰਨਿਆ ਜਾਵੇ। ਦਰਅਸਲ 'ਅਰਬਨ ਨਕਸਲ' ਸੱਜੇ-ਪੱਖੀਆਂ ਦੀ ਘਾੜਤ ਹੈ, ਜਿਸ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਹੋਰ ਭਾਜਪਾ ਆਗੂ ਦੇਸ਼ ਦੀ ਸੁਰੱਖਿਆ ਨੂੰ ਸਭ ਤੋਂ ਵੱਡੇ ਖਤਰੇ ਵਜੋਂ ਪ੍ਰਚਾਰਦੇ ਹਨ। ਹਾਲੀਆ ਮਹਾਰਾਸ਼ਟਰ ਚੋਣਾਂ ਵਿੱਚ ਮੋਦੀ ਨੇ ਕਿਹਾ ਸੀ ਕਿ ਕਾਂਗਰਸ ਨੂੰ ਅਰਬਨ ਨਕਸਲੀਆਂ ਦਾ ਗੈਂਗ ਚਲਾ ਰਿਹਾ ਹੈ।

ਸੀ ਆਰ ਪੀ ਐੱਫ ਦੇਸ਼ ਵਿੱਚ ਮਾਓਵਾਦੀਆਂ ਵਿਰੁੱਧ ਲੜਨ ਵਾਲੀ ਮੁੱਖ ਫੋਰਸ ਹੈ। ਇਹ ਜੰਮੂ-ਕਸ਼ਮੀਰ ਤੇ ਉੱਤਰ-ਪੂਰਬ ਵਿੱਚ ਵਿਦਰੋਹੀਆਂ ਨਾਲ ਵੀ ਨਜਿੱਠਦੀ ਹੈ। ਗ੍ਰਹਿ ਮੰਤਰਾਲੇ ਨੇ ਹੁਣ ਇਸ ਦੀ ਮਾਓਵਾਦੀਆਂ ਦੇ ਸ਼ਹਿਰਾਂ ਵਿੱਚ ਰਹਿੰਦੇ ਰਣਨੀਤੀਕਾਰਾਂ ਤੇ ਹਮਦਰਦਾਂ ਦੇ ਮਗਰ ਪੈਣ ਦੀ ਡਿਊਟੀ ਲਾ ਦਿੱਤੀ ਹੈ। ਗ੍ਰਹਿ ਮੰਤਰਾਲੇ ਦੇ ਸੂਤਰਾਂ ਮੁਤਾਬਕ ਇੰਟੈਲੀਜੈਂਸ ਰਿਪੋਰਟਾਂ ਹਨ ਕਿ ਮਾਓਵਾਦੀਆਂ ਦੀਆਂ ਕਈ ਫਰੰਟ ਜਥੇਬੰਦੀਆਂ ਐੱਨ ਜੀ ਓਜ਼ ਤੇ ਸਿਵਲ ਸੁਸਾਇਟੀਆਂ ਦੇ ਭੇਸ 'ਚ ਕੋਲਕਾਤਾ, ਦਿੱਲੀ, ਮੁੰਬਈ, ਰਾਂਚੀ, ਹੈਦਰਾਬਾਦ, ਚੰਡੀਗੜ੍ਹ, ਮਦੁਰਾਇ, ਨਾਗਪੁਰ, ਪੁਣੇ ਤੇ ਤਿਰੁਅਨੰਤਪੁਰਮ ਵਿੱਚ ਸਰਗਰਮ ਹਨ। ਇਹ ਜੰਗਲਾਂ ਵਿੱਚ ਹਥਿਆਰਬੰਦ ਸੰਘਰਸ਼ ਕਰ ਰਹੇ ਮਾਓਵਾਦੀਆਂ ਦੀ ਮਦਦ ਕਰਦੀਆਂ ਹਨ। ਇਹ ਪੜ੍ਹੇ-ਲਿਖੇ ਨੌਜਵਾਨਾਂ ਨੂੰ ਮਾਓਵਾਦੀਆਂ ਦੀਆਂ ਸਫਾਂ ਵਿੱਚ ਸ਼ਾਮਲ ਹੋਣ ਲਈ ਪ੍ਰੇਰਦੀਆਂ ਹਨ।

ਕਿੰਨੀ ਹਾਸੋਹੀਣੀ ਗੱਲ ਹੈ ਕਿ ਗ੍ਰਹਿ ਮੰਤਰਾਲੇ ਨੇ ਮਾਰਚ 2020 ਵਿੱਚ ਸੰਸਦ 'ਚ ਕਿਹਾ ਸੀ ਕਿ ਉਹ ਅਰਬਨ ਨਕਸਲੀ ਸ਼ਬਦ ਨਹੀਂ ਵਰਤਦਾ, ਪਰ ਮੋਦੀ ਆਪਣੇ ਵਿਰੋਧੀਆਂ ਨੂੰ ਭੰਡਣ ਲਈ ਅਕਸਰ ਇਹ ਸ਼ਬਦ ਵਰਤਦੇ ਹਨ। ਅਰਬਨ ਨਕਸਲ ਸ਼ਬਦ ਸਭ ਤੋਂ ਪਹਿਲਾਂ 2018 'ਚ ਚੱਲਿਆ, ਜਦੋਂ ਐਲਗਾਰ ਪ੍ਰੀਸ਼ਦ ਵਰਗੀਆਂ ਮੋਦੀ ਸਰਕਾਰ ਦੀਆਂ ਅਲੋਚਕ ਜਥੇਬੰਦੀਆਂ ਨਾਲ 'ਦੇਸ਼-ਵਿਰੋਧੀ' ਦੇ ਨਾਲ-ਨਾਲ ਇਹ ਸ਼ਬਦ ਜੋੜਿਆ ਗਿਆ ਅਤੇ ਕਈ ਬੁੱਧੀਜੀਵੀਆਂ ਤੇ ਮਨੁੱਖੀ ਅਧਿਕਾਰ ਕਾਰਕੁਨਾਂ ਨੂੰ ਪ੍ਰਧਾਨ ਮੰਤਰੀ ਨੂੰ ਕਤਲ ਕਰਨ ਦੀ ਸਾਜ਼ਿਸ਼ ਤਹਿਤ ਜੇਲ੍ਹਾਂ ਵਿੱਚ ਸੁੱਟ ਦਿੱਤਾ ਗਿਆ।

ਸੀ ਆਰ ਪੀ ਐੱਫ ਤੇ ਹੋਰ ਕੇਂਦਰੀ ਬਲਾਂ ਦਾ ਮੁਢਲਾ ਕੰਮ ਦਹਿਸ਼ਤਗਰਦਾਂ ਜਾਂ ਫਸਾਦੀਆਂ ਨਾਲ ਨਜਿੱਠਣਾ ਹੁੰਦਾ ਹੈ, ਪਰ ਹੁਣ ਉਸ ਨੂੰ ਉਹ ਜ਼ਿੰਮੇਵਾਰੀ ਦਿੱਤੀ ਗਈ ਹੈ, ਜਿਹੜੀ ਇੰਟੈਲੀਜੈਂਸ ਏਜੰਸੀਆਂ ਜਾਂ ਸੂਬਾਈ ਪੁਲਸ ਦੇ ਅਧਿਕਾਰ ਖੇਤਰ 'ਚ ਆਉਂਦੀ ਹੈ। ਇਹ ਖਬਰਾਂ ਸੁਣਨ ਵਿੱਚ ਆ ਸਕਦੀਆਂ ਹਨ ਕਿ ਸੀ ਆਰ ਪੀ ਐੱਫ ਨੇ ਫਲਾਂ ਬੰਦੇ ਨੂੰ ਅਰਬਨ ਨਕਸਲੀ ਜਾਂ ਹਮਾਇਤੀ ਹੋਣ ਕਰਕੇ ਚੁੱਕ ਲਿਆ ਹੈ। ਇਸ ਤਰ੍ਹਾਂ ਸੀ ਆਰ ਪੀ ਐੱਫ ਨੂੰ ਬਿਨਾਂ ਦਿੱਤਿਆਂ ਹੀ ਪੁਲਸ ਵਾਲੇ ਅਧਿਕਾਰ ਮਿਲ ਜਾਣਗੇ। ਕੇਂਦਰ ਸਰਕਾਰ ਉਸ ਦੀ ਗੈਰ-ਭਾਜਪਾ ਸਰਕਾਰਾਂ ਵਿੱਚ ਦੁਰਵਰਤੋਂ ਕਰ ਸਕਦੀ ਹੈ। ਹਕੀਕਤ ਵੀ ਇਹ ਹੈ ਕਿ ਸੀ ਆਰ ਪੀ ਐੱਫ ਦੀ ਇਹ ਡਿਊਟੀ ਦੇਸ਼-ਵਿਰੋਧੀਆਂ ਨਾਲ ਨਜਿੱਠਣ ਲਈ ਨਹੀਂ, ਸਗੋਂ ਬੁੱਧੀਜੀਵੀਆਂ ਦੀ ਅਸਹਿਮਤੀ ਦੀ ਆਵਾਜ਼ ਨੂੰ ਖਾਮੋਸ਼ ਕਰਨ ਤੇ ਆਮ ਲੋਕਾਂ ਵਿੱਚ ਇਹ ਪ੍ਰਭਾਵ ਪੈਦਾ ਕਰਨ ਲਈ ਲਾਈ ਗਈ ਹੈ ਕਿ ਸਰਕਾਰ ਵਿਰੁੱਧ ਬਹੁਤ ਸਾਜ਼ਿਸ਼ਾਂ ਚੱਲ ਰਹੀਆਂ ਹਨ। ਸੀ ਆਰ ਪੀ ਐੱਫ ਦੀ ਲਾਈ ਗਈ ਇਸ ਡਿਊਟੀ ਨੂੰ ਤਾਨਾਸ਼ਾਹੀ ਨੂੰ ਹੋਰ ਮਜ਼ਬੂਤ ਕਰਨ ਲਈ ਅਹਿਮ ਅਦਾਰਿਆਂ ਨੂੰ ਆਪਣੇ ਥੱਲੇ ਲਾਉਣ ਦੀ ਯੋਜਨਾ ਦੀ ਨਵੀਂ ਕੜੀ ਵਜੋਂ ਦੇਖਿਆ ਜਾ ਸਕਦਾ ਹੈ।

ਈਗੋ !

ਪੂਰੀ ਦੁਨੀਆ ਦੇ ਦੇਸ਼ ਦਿਸ਼ਾਂਤ ਘੁੰਮੋ,
ਪੌਣਾ ਵਿਸ਼ਵ ਈਗੋ ਨੇ ਮਾਰਿਆ ਹੈ।
ਇਸ ਈਗੋ ਦੇ ਬੜੇ ਹੀ ਕਾਰਨਾਮੇ,
ਭਾਈ-ਭਾਈ ਨੇ ਹੱਥਾਂ 'ਤੇ ਚਾਰਿਆ ਹੈ।
ਛੁਰੇ ਪਿੱਠ ਵਿੱਚ ਈਗੋ ਹੀ ਮਾਰਦੀ ਹੈ,
ਬੰਦਾ ਅੰਤ ਨੂੰ ਏਸੇ ਤੋਂ ਹਾਰਿਆ ਹੈ।
ਪੱਠੇ ਆਪਣੀ ਈਗੋ ਨੂੰ ਪਾਉਣ ਪਿੱਛੇ,
ਬੰਦਾ ਤੀਸਰਾ ਇੱਥੇ ਹੰਕਾਰਿਆ ਹੈ।
ਲੇਪ ਕਰ ਕੇ ਮਨਾਂ 'ਤੇ ਵਾਸਨਾ ਦਾ,
ਆਪੋ ਵਿੱਚ ਪਿਆਰ ਦੀ ਗੱਲ ਕਰਦੇ।
ਕੁੰਡੀ ਸੁੱਟ ਕਿ ਮੱਛੀ ਨੂੰ ਪਕੜਨੇ ਲਈ,
ਮਾਣ ਅਤੇ ਸਤਿਕਾਰ ਦੀ ਗੱਲ ਕਰਦੇ।

-ਗੁਲਪੁਰ

ਲੋਕਤੰਤਰ ਲਈ ਖ਼ਤਰਾ ਬੁਲਡੋਜ਼ਰ ਨੀਤੀ

ਗੁਰਮੀਤ ਸਿੰਘ ਪਲਾਹੀ

ਦੇਸ਼ ਵਿੱਚ ਧੱਕੇ-ਧੌਂਸ ਦੀ ਸਿਆਸਤ ਦਾ ਹੋ ਰਿਹਾ ਪਸਾਰਾ ਬੇਹੱਦ ਚਿੰਤਾਜਨਕ ਹੈ। ਸੰਸਦ ਵਿੱਚ ਅਤੇ ਸੰਸਦ ਦੇ ਬਾਹਰ ਦੇਸ਼ ਦੇ ਚੁਣੇ ਮੈਂਬਰਾਂ ਨੂੰ ਆਪਣੇ ਵੱਲੋਂ ਰੋਸ ਪ੍ਰਗਟ ਕਰਨ ਵੇਲੇ, ਜਿਸ ਕਿਸਮ ਦੀਆਂ ਰੁਕਾਵਟਾਂ ਦਾ ਸਾਹਮਣਾ ਕਰਨਾ ਪਿਆ ਅਤੇ ਸੰਸਦ ਭਵਨ 'ਚ ਪ੍ਰਦਰਸ਼ਨ ਦੌਰਾਨ ਸੱਤਾ ਤੇ ਵਿਰੋਧੀ ਧਿਰ ਵਿਚਕਾਰ ਧੱਕਾ-ਮੁੱਕੀ ਹੋਈ, ਉਹ ਸ਼ਰਮਨਾਕ ਅਤੇ ਨਿੰਦਣਯੋਗ ਹੈ।

ਸੰਵਿਧਾਨ ਦੇ 75 ਵਰ੍ਹਿਆਂ ਦੀ ਗੌਰਵਸ਼ਾਲੀ ਯਾਤਰਾ 'ਚ ਬਹਿਸ ਦੌਰਾਨ ਮਹਿੰਗਾਈ, ਸੰਘਵਾਦ ਅਤੇ ਬੇਰੁਜ਼ਗਾਰੀ ਜਿਹੇ ਵਿਸ਼ਿਆਂ ਉਤੇ ਜ਼ੋਰਦਾਰ ਬਹਿਸ ਦੀ ਆਸ ਸੀ, ਪਰੰਤੂ ਉਸ ਦੀ ਥਾਂ ਗੌਤਮ ਅਡਾਨੀ, ਜਾਰਜ ਸੋਰੋਸ, ਪੰਡਤ ਜਵਾਹਰ ਲਾਲ ਨਹਿਰੂ ਚਰਚਾ ਵਿੱਚ ਰਹੇ, ਪਰ ਗ੍ਰਹਿ ਮੰਤਰੀ ਦਾ ਭਾਸ਼ਣ 'ਇਹ ਫੈਸ਼ਨੇਵਲ ਹੋ ਗਿਆ ਹੈ, ਅੰਬੇਡਕਰ, ਅੰਬੇਡਕਰ, ਅੰਬੇਡਕਰ, ਅੰਬੇਡਕਰ... ਅਗਰ ਆਪ ਨੇ ਏਨੀ ਵੇਰ ਭਗਵਾਨ ਦਾ ਨਾਂਅ ਲਿਆ ਹੁੰਦਾ ਤਾਂ ਸੱਤ ਜਨਮਾਂ ਦੇ ਲਈ ਸਵਰਗ ਚਲੇ ਜਾਂਦੇ' ।' ਇਸ ਬਿਆਨ 'ਤੇ ਸੰਸਦ ਦੇ ਅੰਦਰ ਅਤੇ ਬਾਹਰ ਹੰਗਾਮਾ ਹੋਇਆ।

75 ਸਾਲ ਦੇ ਸੰਸਦੀ ਇਤਿਹਾਸ ਵਿੱਚ 'ਮਾਣਯੋਗ-ਸਤਿਕਾਰ ਯੋਗ' ਆਪਣੀ ਪਾਰਟੀ ਦੀ ਖ਼ੈਰ-ਖੁਆਹੀ ਵਿੱਚ ਦੂਜੀ ਪਾਰਟੀ ਦੇ ਸਾਂਸਦ ਨਾਲ ਧੱਕਾ-ਮੁੱਕੀ ਕਰਨ ਲਗਣ ਤਾਂ ਇਹ ਕਹਿਣਾ ਕਿ ਭਾਰਤ ਵਿੱਚ ਲੋਕਤੰਤਰ ਦਾ ਇਤਿਹਾਸ 2000 ਸਾਲ ਪੁਰਾਣਾ ਹੈ, ਮਜ਼ਾਕ ਲੱਗੇਗਾ। ਇਹ ਮਜ਼ਾਕ ਉਸ ਵੇਲੇ ਵੀ ਜਾਪਦਾ ਹੈ, ਜਦੋਂ ਸੰਸਦ ਵਿੱਚ ਕੋਈ ਵਿਰੋਧੀ ਧਿਰ ਦਾ ਮੈਂਬਰ ਆਪਣੀ ਗੱਲ ਰੱਖਦਾ ਹੈ ਤਾਂ ਬਹੁਗਿਣਤੀ ਵਲੋਂ ਸੱਤਾਧਾਰੀ ਆਗੂ 'ਹੂਟਿੰਗ' ਕਰਦੇ ਹਨ।

ਪਿਛਲਾ ਇੱਕ ਦਹਾਕਾ ਦੇਸ਼ ਦੇ ਹਾਕਮਾਂ ਨੇ ਵੱਡੀਆਂ ਮਨ-ਮਾਨੀਆਂ ਕੀਤੀਆਂ ਹਨ। ਲੋਕਾਂ ਦੀਆਂ ਆਸਾਂ ਤੋਂ ਉਲਟ ਲੋਕ ਵਿਰੋਧੀ ਫ਼ੈਸਲੇ ਕੀਤੇ ਹਨ, ਉਹਨਾ ਦੇ ਅਧਿਕਾਰਾਂ ਦਾ ਘਾਣ ਕੀਤਾ ਹੈ, ਅਤੇ ਕਈ ਇਹੋ ਜਿਹੇ ਫ਼ੈਸਲੇ ਲਏ ਹਨ, ਜਿਸ ਨਾਲ ਲੋਕਤੰਤਰੀ ਭਾਰਤ ਦਾ ਚਿਹਰਾ ਤਿੜਕਿਆ ਹੈ। ਇਥੇ ਹੀ ਬੱਸ ਨਹੀਂ ਹਾਕਮਾਂ ਵਲੋਂ ਦੇਸ਼ ਦੇ ਸੰਘੀ ਢਾਂਚੇ ਦੇ ਪਰਖੱਚੇ ਉਡਾਕੇ ਸੂਬਿਆਂ ਦੀਆਂ ਸਰਕਾਰਾਂ ਦੇ ਹੱਕ-ਹਕੂਕ ਆਪਣੇ ਬੱਸ ਕਰਕੇ, ਸੰਵਿਧਾਨ ਦੀ ਮੂਲ ਭਾਵਨਾ ਉਤੇ ਸੱਟ ਮਾਰਨ ਤੋਂ ਵੀ ਹਾਕਮਾਂ ਨੇ ਗੁਰੇਜ ਨਹੀਂ ਕੀਤਾ।

ਇੱਕ ਵਰਤਾਰਾ ਇਹਨਾ ਸਾਲਾਂ ਵਿੱਚ ਵੇਖਣ ਲਈ ਜੋ ਆਮ ਮਿਲਿਆ ਉਹ ਇਹ ਸੀ ਕਿ ਵਿਰੋਧੀ ਵਿਚਾਰਾਂ ਵਾਲੇ ਬੁੱਧੀਜੀਵੀਆਂ, ਲੇਖਕਾਂ, ਚਿੰਤਕਾਂ ਨੂੰ ਜੇਲ੍ਹੀ ਡੱਕ ਕੇ ਉਹਨਾ ਲੋਕਾਂ ਦੀ ਆਵਾਜ਼ ਬੰਦ ਕੀਤੀ, ਜੋ ਹਕੂਮਤ ਦੇ ਆਸ਼ਿਆਂ ਦੇ ਵਿਰੁੱਧ ਕੋਈ ਵੀ ਆਵਾਜ਼ ਉਠਾਉਂਦੇ ਸਨ। ਸੈਂਕੜਿਆਂ ਦੀ ਗਿਣਤੀ 'ਚ ਪੱਤਰਕਾਰਾਂ ਖਿਲਾਫ਼ ਕੇਸ ਦਰਜ਼ ਹੋਏ ਹਨ, ਉਹਨਾ ਨੂੰ ਜੇਲ੍ਹੀ ਡੱਕਿਆ ਗਿਆ ਹੈ। ਸਿਆਸੀ ਵਿਰੋਧੀਆਂ ਨੂੰ ਆਪਣੇ ਨਾਲ ਮਿਲਾਉਣ ਲਈ ਸਾਮ, ਦਾਮ, ਦੰਡ ਦੇ ਫਾਰਮੂਲੇ ਦੀ ਵਰਤੋਂ ਦੇਸ਼-ਵਿਆਪੀ ਹੋਈ। ਸੂਬਿਆਂ ਦੀਆਂ ਵਿਰੋਧੀ ਸਰਕਾਰਾਂ, ਵਿਧਾਇਕ ਖਰੀਦ ਕੇ ਤੋੜੀਆਂ ਗਈਆਂ, ਜਿਸ ਵਿੱਚ ਸੀ ਬੀ ਆਈ, ਈ ਡੀ ਅਤੇ ਖੁਦਮੁਖਤਾਰ ਸੰਸਥਾਵਾਂ ਦੀ ਖੁਲ੍ਹੇਆਮ ਦੁਰਵਰਤੋਂ ਹੋਈ। ਕੀ ਇਹ ਸਚਮੁੱਚ ਲੋਕਤੰਤਰ ਦਾ ਘਾਣ ਨਹੀਂ ਸੀ?

ਘੱਟ ਗਿਣਤੀਆਂ ਨਾਲ, ਜੋ ਵਰਤਾਰਾ ਦੇਸ਼ ਦੇ ਵੱਖੋ-ਵੱਖਰੇ ਭਾਗਾਂ 'ਚ ਹੋਇਆ, ਉਸ ਦਾ ਬਿਆਨ ਕਰਨਾ ਕੁਥਾਂ ਨਹੀਂ ਹੋਏਗਾ । ਦਿੱਲੀ 'ਚ ਦੰਗੇ ਹੋਏ, ਯੂ.ਪੀ. 'ਚ ਮੁਸਲਮਾਨਾਂ, ਹਿੰਦੂਆਂ ਦੀਆਂ ਝੜਪਾਂ ਹੋਈਆਂ। ਇਥੇ ਇਕਪਾਸੜ ਕਾਰਵਾਈਆਂ ਕਰਦਿਆਂ ਜਿਵੇਂ ਯੂ ਪੀ ਸੂਬਾ ਸਰਕਾਰ ਵੱਲੋਂ ਬੁਲਡੋਜ਼ਰ ਨੀਤੀ ਅਪਨਾਈ ਗਈ, ਉਹ ਰਾਜਵਾੜਾਸ਼ਾਹੀ ਦੇ ਸਮਿਆਂ ਨੂੰ ਯਾਦ ਕਰਾਉਂਦੀ ਦਿਸੀ । ਮੌਕੇ 'ਤੇ ਹੀ ਰਿਹਾਇਸ਼ੀ ਮਕਾਨ ਢਾਹੁਣ ਦਾ ਫ਼ੈਸਲਾ ਕਰਨ ਲਈ ਅਧਿਕਾਰੀਆਂ ਨੂੰ ਦਿੱਤੀ ਖੁਲ੍ਹ ਨੇ ਜਿਵੇਂ ਪੂਰੇ ਦੇਸ਼ ਵਿੱਚ ਤਰਥੱਲੀ ਮਚਾ ਦਿੱਤੀ, ਜਿਸ ਸਬੰਧੀ ਦੇਸ਼ ਦੀ ਸੁਪਰੀਮ ਕੋਰਟ ਨੂੰ ਸਖ਼ਤ ਸਟੈਂਡ ਲੈਂਦਿਆਂ ਕਹਿਣਾ ਪਿਆ ਕਿ ਇਹ ਕਿਸੇ ਵੀ ਭਾਰਤੀ ਸ਼ਹਿਰੀ ਦੇ ਮੁਢਲੇ ਹੱਕਾਂ ਉਤੇ ਛਾਪਾ ਹੈ।

ਇਵੇਂ ਹੀ ਮਸਜਿਦਾਂ, ਮਸੀਤਾਂ ਹੇਠ ਮੰਦਰ ਦੀ ਹੋਂਦ ਦੀ ਗੱਲ, ਹੇਠਲੀਆਂ ਅਦਾਲਤਾਂ ਵਿੱਚ ਲਿਜਾ ਕੇ ਜਿਵੇਂ ਅੰਤਰਮ ਫ਼ੈਸਲੇ ਹੋਏ, ਉਸ ਨਾਲ ਫਿਰਕੂ ਦੰਗਿਆਂ ਦੀ ਅਸ਼ੰਕਾ ਵਧੀ, ਜਿਸ ਸੰਬੰਧੀ ਭਾਰਤੀ ਸੁਪਰੀਮ ਕੋਰਟ ਵੱਲੋਂ ਇੱਕ ਹੁਕਮ ਜਾਰੀ ਕਰਕੇ ਇਹ ਸਪੱਸ਼ਟ ਕੀਤਾ ਗਿਆ ਕਿ 1947 ਤੋਂ ਪਹਿਲਾਂ ਬਣੇ ਕਿਸੇ ਵੀ ਧਾਰਮਿਕ ਸਥਾਨ ਨੂੰ ਢਾਹਿਆ ਨਹੀਂ ਜਾ ਸਕਦਾ, ਨਾ ਉਸ ਸੰਬੰਧੀ ਕੋਈ ਕਾਰਵਾਈ ਕੀਤੀ ਜਾ ਸਕਦੀ ਹੈ, ਪਰ ਕੀ ਇਹਨਾਂ ਫ਼ੈਸਲਿਆਂ ਬਾਰੇ ਸਰਕਾਰ ਪਹਿਲਾਂ ਜਾਣੂ ਨਹੀਂ ਸੀ ਜਾਂ ਫਿਰ ਜਾਣ-ਬੁਝ ਕੇ ਭਾਈਚਾਰਕ ਮਾਹੌਲ ਖਰਾਬ ਕਰਨ ਜਾਂ ਖਰਾਬ ਮਾਹੌਲ ਸਮੇਂ ਚੁੱਪੀ ਵੱਟ ਲੈਣ ਦੀ ਧਾਰਨਾ ਤਹਿਤ ਦੇਸ਼ ਨੂੰ ਇੱਕ ਦੇਸ਼, ਇੱਕ ਕੌਮ, ਇੱਕ ਧਰਮ ਦੇ ਸੰਕਲਪ ਨੂੰ ਅੱਗੇ ਤੋਰਨ ਦੇ ਰਾਹ ਨੂੰ ਮੋਕਲਿਆਂ ਕਰਨ ਲਈ ਵਰਤਿਆ ਗਿਆ।

ਗੱਲ ਮਨੀਪੁਰ ਦੀ ਕਰ ਲੈਂਦੇ ਹਾਂ, ਜਿਥੇ ਦੋ-ਤਿੰਨ ਕਬੀਲਿਆਂ ਨੂੰ ਆਪਸ ਵਿੱਚ ਲੜਨ ਲਈ ਛੱਡ ਦਿੱਤਾ ਗਿਆ ਹੈ, ਜਿਥੇ ਰੋਜ਼ਾਨਾ ਅਗਜਨੀ, ਮਾਰ-ਵੱਢ ਹੁੰਦੀ ਹੈ ਤੇ ਸੂਬਾ ਸਰਕਾਰ ਚੁੱਪੀ ਧਾਰੀ ਬੈਠੀ ਹੈ ।

ਦੇਸ਼ ਦੀ ਮੋਦੀ ਸਰਕਾਰ ਵੱਲੋਂ ਨਿੱਤ ਨਵੀਆਂ ਸਕੀਮਾਂ ਘੜੀਆਂ ਗਈਆਂ, ਉਹਨਾਂ ਸਕੀਮਾਂ ਦਾ ਅਤਿਅੰਤ ਪ੍ਰਚਾਰ ਗੋਦੀ ਮੀਡੀਆ ਅਤੇ ਸਰਕਾਰੀ ਸਾਧਨਾਂ ਨਾਲ ਕਰਵਾਇਆ ਗਿਆ, ਪਰ ਉਹਨਾਂ ਵਿਚੋਂ 90 ਫ਼ੀਸਦੀ 'ਕੋਹ ਨਾ ਚੱਲੀ ਬਾਬਾ ਤਿਹਾਈ' ਵਾਂਗ ਚੁੱਪਚਾਪ ਕਾਗਜ਼ੀ ਪੱਤਰੀ ਨਿਪਟਾ ਦਿੱਤੀਆਂ ਗਈਆਂ। ਕਿਧਰ ਗਈ ਜਨ ਧਨ ਯੋਜਨਾ? ਸਟਾਰਟ ਅੱਪ ਯੋਜਨਾ? ਬੇਟੀ ਬਚਾਓ, ਬੇਟੀ ਪੜ੍ਹਾਓ ਯੋਜਨਾ? ਪ੍ਰਧਾਨ ਮੰਤਰੀ ਵਿਸ਼ਵਕਰਮਾ ਯੋਜਨਾ? ਉਂਜ ਕੁਲ ਮਿਲਾ ਕੇ 2022 ਦੇ ਕੇਂਦਰੀ ਬਜਟ ਅਨੁਸਾਰ 740 ਕੇਂਦਰੀ ਯੋਜਨਾਵਾਂ ਹਨ ਅਤੇ 65 ਕੇਂਦਰ ਵੱਲੋਂ ਸਪਾਂਸਰਡ ਯੋਜਨਾਵਾਂ ਹਨ ।ਇਹਨਾਂ ਵਿੱਚੋਂ ਕਿੰਨੀਆਂ ਲੋਕਾਂ ਦੇ ਦਰੀਂ ਪੁੱਜੀਆਂ ਹਨ ? ਜਿਹੜੀਆਂ ਕੁਝ ਯੋਜਨਾਵਾਂ 'ਆਯੂਸ਼ਮਾਨ' ਸਿਹਤ ਬੀਮਾ ਯੋਜਨਾ ਜਾਂ ਮਗਨਰੇਗਾ ਵਰਗੀਆਂ ਪੇਂਡੂ ਖੇਤਰ 'ਚ ਰੁਜ਼ਗਾਰ ਪ੍ਰਦਾਨ ਕਰਨ ਵਾਲੀਆਂ ਯੋਜਨਾਵਾਂ ਹਨ, ਜਿਹਨਾਂ ਦਾ ਲੋਕਾਂ ਨੂੰ ਫ਼ਾਇਦਾ ਤਾਂ ਹੋ ਸਕਦਾ ਹੈ, ਉਹ ਕੇਂਦਰੀ ਬਜਟ ਘਟਾ ਕੇ ਜਾਂ ਉਸ ਨੂੰ ਸੀਮਤ ਕਰਕੇ ਕੇਂਦਰ ਦੀ ਸਰਕਾਰ ਨੇ ਇਹਨਾਂ ਨੂੰ ਕੁਝ ਹੱਦ ਤੱਕ ਨੁਕਰੇ ਲਾਉਣ ਦਾ ਕੰਮ ਕੀਤਾ ਹੈ।

ਪਿਛਲੇ ਕੁਝ ਸਾਲਾਂ 'ਚ ਅਮੀਰਾਂ ਦੀ ਜਾਇਦਾਦ ਤੇਜ਼ੀ ਨਾਲ ਵਧੀ ਹੈ। ਦੇਸ਼ ਵਿੱਚ 8 ਕਰੋੜ ਤੋਂ ਜ਼ਿਆਦਾ ਜਾਇਦਾਦ ਵਾਲੇ 8.5 ਲੱਖ ਤੋਂ ਜ਼ਿਆਦਾ ਲੋਕ ਹਨ। 250 ਕਰੋੜ ਰੁਪਏ ਤੋਂ ਜ਼ਿਆਦਾ ਜਾਇਦਾਦ ਵਾਲੇ ਲੋਕਾਂ ਦੇ ਅਲਟਰਾ-ਹਾਈ-ਨੈੱਟਵਰਥ ਬੀਤੇ ਸਾਲ ਵਿੱਚ 6 ਫ਼ੀਸਦੀ ਵਧ ਗਏ ਅਤੇ ਇਹਨਾਂ ਦੀ ਗਿਣਤੀ 13,600 ਹੋ ਗਈ। ਅਮੀਰਾਂ ਦੀ ਸਭ ਤੋਂ ਜ਼ਿਆਦਾ ਕਮਾਈ ਟੈਕਨਾਲੋਜੀ, ਮੈਨੂਫੈਕਚਰਿੰਗ ਸੈਕਟਰ, ਰੀਅਲ ਇਸਟੇਟ, ਸ਼ੇਅਰ ਬਜ਼ਾਰ ਵਿੱਚ ਹੈ। ਉਧਰ ਦੇਸ਼ ਦੀ ਕੁੱਲ 142 ਕਰੋੜ ਆਬਾਦੀ ਵਿੱਚ 80 ਕਰੋੜ ਲੋਕ ਇਹੋ ਜਿਹੇ ਹਨ, ਜਿਹਨਾਂ ਨੂੰ ਸਰਕਾਰ ਮੁਫ਼ਤ ਰਾਸ਼ਨ ਮੁਹੱਈਆ ਕਰਦੀ ਹੈ।

ਮਸ਼ਹੂਰ ਅਰਥ ਸ਼ਾਸ਼ਤਰੀ ਥਾਮਸ ਪਿਕੇਟੀ ਦਾ ਕਹਿਣਾ ਹੈ ਕਿ ਭਾਰਤ ਵਿੱਚ ਦੱਖਣੀ ਅਫਰੀਕਾ ਦੇ ਬਾਅਦ ਗਰੀਬ-ਅਮੀਰ ਦੇ ਵਿੱਚ ਖਾਈ ਸਭ ਤੋਂ ਜ਼ਿਆਦਾ ਹੈ । ਉਹਨਾ ਸੁਝਾਇਆ ਕਿ ਸਿੱਖਿਆ, ਸਿਹਤ ਜਿਹੀਆਂ ਅਹਿਮ ਸੇਵਾਵਾਂ ਉਤੇ ਲੋੜੀਂਦੇ ਖ਼ਰਚ ਲਈ ਜ਼ਰੂਰੀ ਧਨ ਰਾਸ਼ੀ ਦੇਸ਼ ਦੇ ਸਿਰਫ਼ 167 ਅਰਬਪਤੀਆਂ ਉਤੇ ਦੋ ਫ਼ੀਸਦੀ 'ਸੁਪਰ ਟੈਕਸ' ਲਾ ਕੇ ਹਾਸਲ ਕੀਤੀ ਜਾ ਸਕਦੀ ਹੈ।

ਅੰਕੜਿਆਂ ਨਾਲ ਵੋਟਰਾਂ ਨੂੰ ਭਰਮਾਉਣ ਵਾਲੀ ਕੇਂਦਰ ਦੀ ਸਰਕਾਰ ਕਿਵੇਂ ਅੰਕੜਿਆਂ ਨਾਲ ਖੇਡਦੀ ਹੈ, ਉਸ ਦੀ ਇੱਕ ਉਦਾਹਰਨ ਕੇਂਦਰੀ ਕਿਰਤ ਮੰਤਰੀ ਦੇ ਇੱਕ ਬਿਆਨ ਤੋਂ ਵੇਖੀ ਜਾ ਸਕਦੀ ਹੈ, ਜਿਸ 'ਚ ਉਹ ਕਹਿੰਦੇ ਹਨ ਕਿ ਇੱਕ ਨਾਰੀ ਕਿਸੇ ਦੂਜੇ ਦੇ ਬੱਚੇ ਲਈ 'ਆਇਆ' ਦਾ ਕੰਮ ਕਰਦੀ ਹੈ ਤਾਂ ਉਹ ਰੁਜ਼ਗਾਰ ਮੰਨਿਆ ਜਾਂਦਾ ਹੈ, ਪਰ ਇਹੀ ਨਾਰੀ ਜੇਕਰ ਆਪਣਾ ਬੱਚਾ ਪਾਲੇ ਤਾਂ ਉਸ ਨੂੰ ਨੌਕਰੀਸ਼ੁਦਾ ਨਹੀਂ ਮੰਨਿਆ ਜਾਂਦਾ । ਸਾਨੂੰ ਇਸ ਵਿਸ਼ਵ ਪੱਧਰੀ ਪ੍ਰੀਭਾਸ਼ਾ ਦੀ ਜਗ੍ਹਾ ਆਪਣੀ ਪ੍ਰੀਭਾ

25-DEC-PAGE-5.qxd 12/24/2024 11:15 PM Page 1

ਡਾ. ਅੰਬੇਡਕਰ ਖਿਲਾਫ ਦਿੱਤੇ ਬਿਆਨ ਦਾ ਮਾਮਲਾ ਭਖਿਆ

ਅਮਿਤ ਸ਼ਾਹ ਖਿਲਾਫ ਕਾਂਗਰਸ ਵੱਲੋਂ ਰੋਸ ਪ੍ਰਦਰਸ਼ਨ

ਰਾਸ਼ਟਰਪਤੀ ਦੇ ਨਾਂਅ ਦਿੱਤਾ ਮੰਗ ਪੱਤਰ, ਮੰਤਰੀ ਮੰਡਲ 'ਚੋਂ ਬਾਹਰ ਕੱਢਣ ਦੀ ਮੰਗ

ਬਠਿੰਡਾ (ਪਰਵਿੰਦਰ ਜੀਤ ਸਿੰਘ)

ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਡਾਕਟਰ ਭੀਮ ਰਾਓ ਅੰਬੇਡਕਰ ਨੂੰ ਨਿਸ਼ਾਨਾ ਬਣਾਉਂਦਿਆਂ ਸੰਵਿਧਾਨ ਦੀ ਉਲਟ ਫੇਰ ਨੂੰ ਲੈ ਕੇ ਦਿੱਤੇ ਜਾ ਰਹੇ ਬਿਆਨ ਦਾ ਕਾਂਗਰਸ ਪਾਰਟੀ ਵੱਲੋਂ ਵਿਰੋਧ ਕਰਦਿਆਂ ਉਨ੍ਹਾਂ ਦੇ ਅਸਤੀਫੇ ਦੀ ਮੰਗ ਕੀਤੀ ਜਾ ਰਹੀ ਹੈ। ਅੱਜ ਬਠਿੰਡਾ ਦੀਆਂ ਸੜਕਾਂ 'ਤੇ ਕਾਂਗਰਸ ਉੱਤਰਦੀ ਹੋਈ ਨਜ਼ਰ ਆਈ ਤੇ ਕਾਰਜਕਾਰੀ ਮੇਅਰ ਅਸ਼ੋਕ ਕੁਮਾਰ, ਸਾਬਕਾ ਮੇਅਰ ਬਲਵੰਤ ਰਾਏ ਨਾਥ, ਪੀਪੀਸੀਸੀ ਦੇ ਜਨਰਲ ਸੈਕਟਰੀ ਕਿਰਨਜੀਤ ਸਿੰਘ ਗਹਿਰੀ, ਸਾਬਕਾ ਵਿਧਾਇਕ ਗੁਰਜੰਟ ਸਿੰਘ ਕੁੱਤੀਵਾਲ ਤੇ ਜ਼ਿਲ੍ਹਾ ਬਠਿੰਡਾ ਦੀ ਸੀਨੀਅਰ ਮੀਤ ਪ੍ਰਧਾਨ ਕਿਰਨਦੀਪ ਕੌਰ ਵਿਰਕ ਅਤੇ ਬਲਜਿੰਦਰ ਠੇਕੇਦਾਰ ਦੀ ਅਗਵਾਈ ਵਿੱਚ ਕਾਂਗਰਸੀ ਵਰਕਰਾਂ ਵੱਲੋਂ ਰੋਸ ਮਾਰਚ ਕੀਤਾ ਗਿਆ ਅਤੇ ਦੇਸ਼ ਦੇ ਰਾਸ਼ਟਰਪਤੀ ਦੇ ਨਾਮ ਡਿਪਟੀ ਕਮਿਸ਼ਨਰ ਬਠਿੰਡਾ ਰਾਹੀਂ ਮੰਗ ਪੱਤਰ ਦਿੰਦੇ ਹੋਏ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਮੰਤਰੀ ਮੰਡਲ ਵਿੱਚੋਂ ਬਰਖਾਸਤ ਕਰਨ ਦੀ ਜਿੱਥੇ ਮੰਗ ਕੀਤੀ, ਉੱਥੇ ਹੀ ਗ੍ਰਹਿ ਮੰਤਰੀ ਤੋਂ ਪੂਰੇ ਦੇਸ਼ ਤੋਂ ਬੋਲੇ ਗਏ ਅਪਸ਼ਬਦ ਲਈ ਮਾਫੀ ਮੰਗਣ ਦੀ ਵੀ ਮੰਗ ਕੀਤੀ ਅਤੇ ਕਿਹਾ ਕਿ ਦੇਸ਼ ਦੀ ਮੋਦੀ ਸਰਕਾਰ ਸੰਵਿਧਾਨ ਦੀਆਂ ਧੱਜੀਆਂ ਉਡਾਉਣ 'ਤੇ ਤੁਲੀ ਹੋਈ ਹੈ, ਪਰ ਕਾਂਗਰਸ ਪਾਰਟੀ ਕਦੇ ਵੀ ਸੰਵਿਧਾਨ ਵਿੱਚ ਵੱਡੀ ਫੇਰ ਬਦਲ ਨਹੀਂ ਹੋਣ ਦੇਵੇਗੀ।ਉਨ੍ਹਾਂ ਕਿਹਾ ਕਿ ਨੌਜਵਾਨ ਨੇਤਾ ਰਾਹੁਲ ਗਾਂਧੀ, ਪ੍ਰਿਅੰਕਾ ਗਾਂਧੀ ਤੇ ਕਾਂਗਰਸ ਪ੍ਰਧਾਨ ਮਲਿਕਾ ਅਰਜੁਨ ਖੜਗੇ ਦੀ ਅਗਵਾਈ ਵਿੱਚ ਵਿਰੋਧੀ ਧਿਰ ਮੋਦੀ ਸਰਕਾਰ ਦੀਆਂ ਇਨ੍ਹਾਂ ਸਾਜ਼ਿਸ਼ਾਂ ਨੂੰ ਕਦੇ ਵੀ ਕਾਮਯਾਬ ਨਹੀਂ ਹੋਣ ਦੇਵੇਗੀ।ਇਸ ਮੌਕੇ ਅਵਤਾਰ ਸਿੰਘ ਗੋਨਿਆਣਾ, ਦਰਸ਼ਨ ਸਿੰਘ ਸੰਧੂ, ਰਣਜੀਤ ਸਿੰਘ ਸੰਧੂ ਤੇ ਮੀਤ ਪ੍ਰਧਾਨ ਰੁਪਿੰਦਰ ਬਿੰਦਰਾ ਨੇ ਕਿਹਾ ਕਿ ਜੇਕਰ ਚੁਣੀ ਹੋਈ ਸਰਕਾਰ ਹੀ ਸੰਵਿਧਾਨ ਦੀਆਂ ਧੱਜੀਆਂ ਉਡਾਏਗੀ ਤਾਂ ਫਿਰ ਆਮ ਲੋਕ ਕਿੱਥੋਂ ਸੁਰੱਖਿਅਤ ਰਹਿਣਗੇ, ਪਰ ਕਾਂਗਰਸ ਪਾਰਟੀ ਜੋ ਹਮੇਸ਼ਾ ਹੀ ਦੇਸ਼ ਦੀ ਤਰੱਕੀ ਤੇ ਖੁਸ਼ਹਾਲੀ ਲਈ ਡਾਕਟਰ ਭੀਮ ਰਾਓ ਅੰਬੇਡਕਰ ਦੇ ਲਿਖੇ ਸੰਵਿਧਾਨ ਨੂੰ ਮੁੱਖ ਮੰਨਦੇ ਹੋਏ ਦਾਇਰੇ ਵਿੱਚ ਰਹਿ ਕੇ ਕੰਮ ਕਰਨ ਲਈ ਵਚਨਬੱਧ ਹੈ, ਇਸ ਤਰ੍ਹਾਂ ਕਦੇ ਵੀ ਸੰਵਿਧਾਨ ਦੀ ਉਲੰਘਣਾ ਨਹੀਂ ਹੋਣ ਦੇਵੇਗੀ।ਇਸ ਮੌਕੇ ਸੰਦੀਪ ਸਿੰਘ, ਅੰਗਰੇਜ ਸਿੰਘ, ਗੁਰਚਰਨ ਸਿੰਘ, ਕ੍ਰਿਸ਼ਨ ਸਿੰਘ (ਸਾਰੇ ਬਲਾਕ ਪ੍ਰਧਾਨ) ਨੇ ਕਿਹਾ ਕਿ ਕਾਂਗਰਸ ਪਾਰਟੀ ਉਦੋਂ ਤੱਕ ਟਿਕ ਕੇ ਨਹੀਂ ਬੈਠੇਗੀ, ਜਦੋਂ ਤੱਕ ਗ੍ਰਹਿ ਮੰਤਰੀ ਅਮਿਤ ਸ਼ਾਹ ਅਸਤੀਫਾ ਦੇ ਕੇ ਦੇਸ਼ ਵਾਸੀਆਂ ਤੋਂ ਮਾਫੀ ਨਹੀਂ ਮੰਗਦੇ, ਕਿਉਂਕਿ ਸੰਵਿਧਾਨ ਦੀ ਉਲੰਘਣਾ ਦੇਸ਼ ਲਈ ਸਭ ਤੋਂ ਵੱਡੀ ਘਾਤਕ ਕਾਰਵਾਈ ਹੈ, ਜੋ ਬਰਦਾਸ਼ਤਯੋਗ ਨਹੀਂ।ਜਗਮੀਤ ਸਿੰਘ, ਵਿਕਰਮ ਕ੍ਰਾਂਤੀ, ਅਸ਼ੀਸ਼ ਕਪੂਰ, ਸੁਨੀਲ ਕੁਮਾਰ, ਸੁਖਦੇਵ ਸਿੰਘ, ਬਲਜੀਤ ਸਿੰਘ, ਯੂਥ ਆਗੂ ਮਨਜੀਤ ਸਿੰਘ, ਗੁਰਜੰਟ ਸਿੰਘ, ਗੁਰਤੇਜ ਸਿੰਘ, ਰਮਨਦੀਪ ਸਿੰਘ, ਰੂਪ ਸਿੰਘ, ਕਰਤਾਰ ਸਿੰਘ, ਜਗਰਾਜ ਸਿੰਘ, ਰਾਧੇ ਸ਼ਾਮ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸ ਦੇ ਵਰਕਰ ਤੇ ਅਹੁਦੇਦਾਰ ਹਾਜ਼ਰ ਸਨ।

ਜਗਰਾਉਂ (ਅਮਿਤ ਖੰਨਾ)-ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਬਿਆਨ ਤੋਂ ਬਾਅਦ ਕਾਂਗਰਸੀ ਆਗੂ ਜਗਰਾਉਂ ਦੀਆਂ ਸੜਕਾਂ 'ਤੇ ਉੱਤਰੇ।ਇਸ ਦੌਰਾਨ ਕਾਂਗਰਸ ਨੇਤਾਵਾਂ ਨੇ ਆਪਣਾ ਗੁੱਸਾ ਕੱਢਿਆ ਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਅਸਤੀਫੇ ਦੀ ਮੰਗ ਕੀਤੀ।ਪ੍ਰਦਰਸ਼ਨਕਾਰੀਆਂ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਦੇਸ਼ ਤੋਂ ਮੁਆਫ਼ੀ ਮੰਗਣ ਲਈ ਵੀ ਕਿਹਾ, ਜਿਸ ਦੌਰਾਨ ਸਾਬਕਾ ਵਿਧਾਇਕ ਜਗਤਾਰ ਸਿੰਘ ਜੱਗਾ ਕਾਂਗਰਸ ਜ਼ਿਲ੍ਹਾ ਪ੍ਰਧਾਨ ਮੇਜਰ ਸਿੰਘ ਮੁੱਲਾਂਪੁਰ ਨੇ ਕਿਹਾ ਕਿ ਭਾਜਪਾ ਸਰਕਾਰ ਕੇਂਦਰ ਦੇ ਸੰਵਿਧਾਨ ਅਨੁਸਾਰ ਦੇਸ਼ ਨੂੰ ਚਲਾਉਣਾ ਚਾਹੁੰਦੀ ਹੈ, ਪਰ ਦੇਸ਼ ਡਾ: ਅੰਬੇਡਕਰ ਸਾਹਿਬ ਦੇ ਲਿਖੇ ਸੰਵਿਧਾਨ ਅਨੁਸਾਰ ਹੀ ਚੱਲੇਗਾ, ਕਾਂਗਰਸ ਨੇ ਭਾਜਪਾ ਆਗੂਆਂ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਭਾਜਪਾ ਨਾ ਸਿਰਫ਼ ਡਾ: ਅੰਬੇਡਕਰ ਦੇ ਵਿਚਾਰਾਂ ਦਾ ਅਪਮਾਨ ਕਰ ਰਹੀ ਹੈ, ਸਗੋਂ ਸੰਵਿਧਾਨ ਨੂੰ ਬਦਲਣ ਦੀ ਵੀ ਕੋਸ਼ਿਸ਼ ਕਰ ਰਹੀ ਹੈ, ਜਿਸ ਨੂੰ ਦੇਸ਼ ਦੇ ਲੋਕ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ। ਇਸ ਸਬੰਧੀ ਕਾਂਗਰਸੀ ਆਗੂਆਂ ਨੇ ਤਹਿਸੀਲਦਾਰ ਸੁਰਿੰਦਰ ਕੁਮਾਰ ਪੱਬੀ ਨੂੰ ਮੰਗ ਪੱਤਰ ਵੀ ਦਿੱਤਾ। ਇਸ ਮੌਕੇ ਕੌਂਸਲ ਪ੍ਰਧਾਨ ਜਤਿੰਦਰਪਾਲ ਰਾਣਾ, ਕੌਂਸਲਰ ਰਵਿੰਦਰਪਾਲ ਸਿੰਘ ਰਾਜੂ ਕਾਮਰੇਡ, ਸਾਬਕਾ ਚੇਅਰਮੈਨ ਮੰਡੀ ਬੋਰਡ ਕਾਕਾ ਗਰੇਵਾਲ, ਕੌਂਸਲਰ ਰਮੇਸ਼ ਕੁਮਾਰ ਮੇਸ਼ੀ, ਅਮਨ ਕਪੂਰ ਬੌਬੀ, ਮਨੀ ਗਰਗ, ਜਰਨੈਲ ਸਿੰਘ ਲੋਹਟ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਤੇ ਵਰਕਰ ਹਾਜ਼ਰ ਸਨ।

ਮਿਡਲ ਸਕੂਲਾਂ ਨੂੰ ਬੰਦ ਕਰਨ ਦੇ ਫੈਸਲੇ 'ਤੇ ਸਿੱਖਿਆ ਮੰਤਰੀ ਦੀ ਅਰਥੀ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ

ਮਾਨਸਾ (ਆਤਮਾ ਸਿੰਘ ਪਮਾਰ)

ਸਾਂਝਾ ਅਧਿਆਪਕ ਮੋਰਚਾ ਪੰਜਾਬ ਤੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਵਲੋਂ ਸਿੱਖਿਆ ਮੰਤਰੀ ਦੇ ਅੜੀਅਲ ਵਤੀਰੇ ਤੇ ਅਧਿਆਪਕਾਂ ਦੀਆਂ ਮੰਗਾਂ ਨਾ ਮੰਨਣ ਕਾਰਨ ਅਰਥੀ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ।ਸਾਂਝਾ ਅਧਿਆਪਕ ਮੋਰਚਾ ਜਿਲ੍ਹਾ ਮਾਨਸਾ ਦੇ ਕਨਵੀਨਰ ਨਰਿੰਦਰ ਸਿੰਘ ਮਾਖਾ, ਦਰਸ਼ਨ ਸਿੰਘ ਅਲੀਸ਼ੇਰ ਅਤੇ ਡੀ ਟੀ ਐਫ ਮਾਨਸਾ ਦੇ ਪ੍ਰਧਾਨ ਕਰਮਜੀਤ ਸਿੰਘ ਤਾਮਕੋਟ ਨੇ ਕਿਹਾ ਬੀਤੇ ਦਿਨੀਂ ਸਿੱਖਿਆ ਮੰਤਰੀ ਨਾਲ ਪੰਜਾਬ ਭਵਨ ਚੰਡੀਗੜ੍ਹ ਵਿਖੇ ਅੜੀਅਲ ਵਤੀਰੇ ਕਾਰਨ ਮੀਟਿੰਗ ਬੇਸਿੱਟਾ ਰਹੀ।

ਆਗੂਆਂ ਨੇ ਦੱਸਿਆ ਕਿ ਅਧਿਆਪਕਾਂ ਦੇ ਚਿਰਾਂ ਤੋਂ ਲਟਕਦੇ ਮਸਲੇ ਹੱਲ ਨਾ ਕਰਨ ਅਤੇ ਅਧਿਆਪਕਾਂ ਦੀਆਂ ਤਰੱਕੀਆਂ ਸਮੇਂ ਸਾਰੇ ਸਕੂਲਾਂ ਦੇ ਖਾਲੀ ਸਟੇਸ਼ਨ ਨਾ ਦਿਖਾਉਣ ਦੇ ਰੋਸ ਵਜੋਂ ਸਾਂਝੇ ਅਧਿਆਪਕ ਮੋਰਚੇ ਵੱਲੋਂ 6 ਦਸੰਬਰ ਨੂੰ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਵਿਖੇ ਰੋਸ ਪ੍ਰਦਰਸ਼ਨ ਵੀ ਕੀਤਾ ਸੀ, ਜਿਸ ਦੇ ਸਿੱਟੇ ਵਜੋਂ ਸਿੱਖਿਆ ਮੰਤਰੀ ਵੱਲੋਂ ਮੀਟਿੰਗ ਦਾ ਸਮਾਂ ਦਿੱਤਾ ਗਿਆ ਸੀ।ਸਾਂਝਾ ਅਧਿਆਪਕ ਮੋਰਚਾ ਪੰਜਾਬ ਅਤੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਵੱਲੋਂ ਸਿੱਖਿਆ ਮੰਤਰੀ ਨਾਲ ਕੀਤੀ ਗਈ ਸਾਂਝੀ ਮੀਟਿੰਗ ਵਿੱਚ ਸੀ. ਐਂਡ ਵੀ. ਅਧਿਆਪਕਾਂ ਦੇ ਪੇਅ ਸਕੇਲਾਂ ਸਬੰਧੀ ਵਿੱਤ ਵਿਭਾਗ ਵਲੋਂ ਜਾਰੀ ਤਰਕਹੀਣ ਸਪੀਕਿੰਗ ਆਰਡਰ ਤੁਰੰਤ ਰੱਦ ਕਰਨ, ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਰੈਗੂਲਰ ਕਰਨ, ਪ੍ਰਮੋਟ ਅਧਿਆਪਕਾਂ ਨੂੰ ਸਟੇਸ਼ਨ ਨੇੜੇ ਦੇਣ ਅਤੇ ਰਹਿੰਦੀਆਂ ਤਰੱਕੀਆਂ ਕਰਨ ਸਬੰਧੀ ਮੰਗ ਜ਼ੋਰਦਾਰ ਢੰਗ ਨਾਲ ਰੱਖੀ ਗਈ, ਪਰ ਸਿੱਖਿਆ ਮੰਤਰੀ ਨੇ ਇਹ ਮਸਲਾ ਵਿੱਤ ਵਿਭਾਗ ਦੇ ਅਧਿਕਾਰ ਖੇਤਰ ਦਾ ਕਹਿ ਕੇ ਇਸ ਦਾ ਕੋਈ ਹੱਲ ਨਹੀਂ ਕੀਤਾ।ਇਸ ਉਪਰੰਤ ਮਿਡਲ ਤੇ ਘੱਟ ਗਿਣਤੀ ਬੱਚਿਆਂ ਵਾਲੇ ਸਕੂਲ ਬੰਦ ਕਰਨ ਲਈ ਬਜਿਦ ਸਿੱਖਿਆ ਮੰਤਰੀ ਵਲੋਂ ਨਿਯੁਕਤੀਆਂ ਅਤੇ ਤਰੱਕੀਆਂ ਵਿੱਚ ਸਾਰੇ ਸਕੂਲਾਂ ਦੀਆਂ ਖਾਲੀ ਪੋਸਟਾਂ ਦਿਖਾਉਣ ਤੋਂ ਇਨਕਾਰ ਕਰਨ 'ਤੇ ਅਧਿਆਪਕ ਆਗੂਆਂ ਵਲੋਂ ਸਖਤ ਵਿਰੋਧ ਕਰਦਿਆਂ ਪ੍ਰਾਇਮਰੀ ਸਕੂਲਾਂ ਵਿੱਚ ਜਮਾਤਵਾਰ ਅਤੇ ਮਿਡਲ, ਹਾਈ ਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਵਿਸ਼ਾ ਵਾਰ ਅਧਿਆਪਕਾਂ ਦੀ ਮੰਗ ਕੀਤੀ, ਜਿਸ ਉਪਰੰਤ ਸਿੱਖਿਆ ਮੰਤਰੀ ਵੱਲੋਂ ਕੋਈ ਤਸੱਲੀਬਖ਼ਸ਼ ਨਹੀਂ ਦਿੱਤਾ ਗਿਆ ਤੇ ਅਧਿਕਾਰੀਆਂ ਨਾਲ ਮੀਟਿੰਗ ਜਾਰੀ ਰੱਖਣ ਦੀ ਹਦਾਇਤ ਕਰਕੇ ਮੀਟਿੰਗ ਚੋਂ ਉੱਠ ਕੇ ਚਲੇ ਗਏ। ਮਾਨਸਾ ਵਿਖੇ ਰੋਸ ਪ੍ਰਦਰਸ਼ਨ ਕਰਨ ਸਮੇਂ ਆਗੂਆਂ ਗੁਰਦਾਸ ਰਾਏਪੁਰ ਸੱਤ ਪ੍ਰਤਾਪ, ਗੁਰਤੇਜ ਉੱਭਾ, ਸੰਦੀਪ ਸਿੰਘ, ਰਾਜੇਸ਼ ਬੁਢਲਾਡਾ, ਜਗਤਾਰ ਝੱਬਰ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਮਿਡਲ ਸਕੂਲਾਂ ਬੰਦ ਕਰੇਗੀ ਤਾਂ ਇਸਦਾ ਤਿੱਖਾ ਵਿਰੋਧ ਕੀਤਾ ਜਾਵੇਗਾ।ਉਨ੍ਹਾਂ ਮੰਗ ਕੀਤੀ ਕਿ ਕੰਪਿਊਟਰ ਅਧਿਆਪਕਾਂ ਅਤੇ ਸਮੱਗਰਾ ਸਿਖਿਆ ਅਭਿਆਨ ਦੇ ਦਫ਼ਤਰੀ ਕਰਮਚਾਰੀਆਂ ਨੂੰ ਤੁਰੰਤ ਵਿਭਾਗ ਵਿੱਚ ਰੈਗੂਲਰ ਕੀਤਾ ਜਾਵੇ, ਸੀ ਐਂਡ ਵੀ ਕਾਡਰ ਦੀ ਤਨਖਾਹ ਕਟੌਤੀ ਦਾ ਪੱਤਰ ਵੀ ਤੁਰੰਤ ਵਾਪਸ ਲਿਆ ਜਾਵੇ, ਤਰੱਕੀਆਂ ਸਮੇਂ ਸਾਰੇ ਖ਼ਾਲੀ ਸਟੇਸ਼ਨ ਚੋਣ ਲਈ ਖੋਲ੍ਹੇ ਜਾਣ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਬੰਦ ਕੀਤੇ 37 ਭੱਤੇ ਬਹਾਲ ਕੀਤੇ ਜਾਣ, ਕੇਂਦਰੀ ਸਿਖਿਆ ਨੀਤੀ ਦੀ ਜਗ੍ਹਾ ਪੰਜਾਬ ਦੀ ਆਪਣੀ ਸਿਖਿਆ ਨੀਤੀ ਬਣਾਈ ਜਾਵੇ, ਗੈਰ ਸਿਧਾਂਤਕ ਪ੍ਰੋਜੈਕਟਾਂ ਦੀ ਬਜਾਏ ਸਿਲੇਬਸ ਅਨੁਸਾਰ ਪੜਾਈ ਕਰਵਾਈ ਜਾਵੇ, ਅਧਿਆਪਕਾਂ ਤੋਂ ਗੈਰ ਵਿੱਦਿਅਕ ਕੰਮ ਲੈਣੇ ਬੰਦ ਕੀਤੇ ਜਾਣ।ਜੇਕਰ ਉਕਤ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ ਤਾਂ ਵੱਡਾ ਅੰਦੋਲਨ ਵਿੱਢਿਆ ਜਾਵੇਗਾ।

ਕਾਤਰਾਂ

ਸ਼ਹੀਦ ਊਧਮ ਸਿੰਘ ਦਾ ਜਨਮ ਦਿਹਾੜਾ ਭਲਕੇ ਮਨਾਇਆ ਜਾਵੇਗਾ

ਜਲਾਲਾਬਾਦ (ਜੰਗੀਰ ਕੌਰ, ਜੀਤ ਕੁਮਾਰ)-ਸ਼ਹੀਦ ਊਧਮ ਸਿੰਘ ਯਾਦਗਾਰ ਸਭਾ ਜਲਾਲਾਬਾਦ ਵੱਲੋਂ ਸਭਾ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼ ਰਿਟਾਇਰਟ ਕਾਨੂੰਗੋ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ, ਜਿਸ ਵਿੱਚ ਫੈਸਲਾ ਕੀਤਾ ਗਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 26 ਦਸੰਬਰ ਨੂੰ ਦੇਸ਼ ਦੇ ਮਹਾਨ ਸ਼ਹੀਦ ਊਧਮ ਸਿੰਘ ਰਾਮ ਮੁਹੰਮਦ ਅਜ਼ਾਦ ਦਾ ਜਨਮ ਦਿਹਾੜਾ ਮਨਾਇਆ ਜਾਵੇਗਾ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸਭਾ ਦੇ ਸਰਪ੍ਰਸਤ ਫੂੰਮਣ ਸਿੰਘ ਕਾਠਗੜ੍ਹ ਨੇ ਦੱਸਿਆ ਕਿ ਸਭਾ ਵੱਲੋਂ ਹਰ ਸਾਲ ਸ਼ਹੀਦ ਊਧਮ ਸਿੰਘ ਦਾ ਜਨਮ ਦਿਹਾੜਾ ਇਨਕਲਾਬੀ ਸਮਾਗਮ ਕਰਵਾ ਕੇ ਮਨਾਇਆ ਜਾਂਦਾ ਹੈ, ਜਿਸ ਦੇ ਤਹਿਤ ਇਸ ਵਾਰ ਵੀ 26 ਦਸੰਬਰ ਨੂੰ ਸਵੇਰੇ 10 ਵਜੇ ਸਥਾਨਕ ਸ਼ਹੀਦ ਊਧਮ ਸਿੰਘ ਪਾਰਕ ਵਿਖੇ ਇਨਕਲਾਬੀ ਸਮਾਗਮ ਹੋਵੇਗਾ, ਜਿਸ ਵਿੱਚ ਲੋਕ ਕਲਾ ਮੰਚ ਜ਼ੀਰਾ ਦੀ ਟੀਮ ਮੇਘ ਰਾਜ ਰੱਲਾ ਵੱਲੋਂ ਸ਼ਹੀਦਾਂ ਨਾਲ ਸਬੰਧਤ ਕੋਰਿਓਗ੍ਰਾਫੀਆ ਤੇ ਨਾਟਕ ਖੇਡੇ ਜਾਣਗੇ। ਉਨ੍ਹਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਇਸ ਸਮਾਗਮ ਵਿੱਚ ਪਹੁੰਚ ਦੀ ਅਪੀਲ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰੇਮ ਪ੍ਰਕਾਸ਼ ਬਿੰਦ, ਸਭਾ ਦੇ ਜਨਰਲ ਸਕੱਤਰ ਤੇਜਪਾਲ, ਸੋਹਨ ਮਨੀਮ, ਰਕੇਸ਼ ਹਾਂਡਾ, ਮਹਿਤਾਬ ਰਾਮ, ਅਸ਼ੋਕ ਕੁਮਾਰ, ਕੇਵਲ ਕ੍ਰਿਸ਼ਨ, ਓਮ ਪ੍ਰਕਾਸ਼ ਰਿਟਾਇਰ ਬੀ.ਪੀ.ਓ., ਪ੍ਰੇਮ ਕੁਮਾਰ, ਪਰਮਜੀਤ ਸਿੰਘ ਸੋਹਣਾ ਸਾਂਦੜ ਆਦਿ ਮੌਜੂਦ ਸਨ।

ਉਰਦੂ ਭਾਸ਼ਾ ਦੀ ਮੁਫ਼ਤ ਸਿਖਲਾਈ ਪਹਿਲੀ ਤੋਂ

ਮਾਨਸਾ (ਆਤਮਾ ਸਿੰਘ ਪਮਾਰ)-ਜ਼ਿਲ੍ਹਾ ਭਾਸ਼ਾ ਅਫ਼ਸਰ ਮਾਨਸਾ ਤੇਜਿੰਦਰ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਸ਼ਾ ਵਿਭਾਗ ਪੰਜਾਬ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ, ਮਾਨਸਾ ਵਿਖੇ 01 ਜਨਵਰੀ 2025 ਤੋਂ ਉਰਦੂ ਭਾਸ਼ਾ ਦੀ ਸਿਖਲਾਈ ਲਈ 'ਉਰਦੂ ਆਮੋਜ਼' ਦਾ ਨਵਾਂ ਸੈਸ਼ਨ ਸ਼ੁਰੂ ਕੀਤਾ ਜਾ ਰਿਹਾ ਹੈ।ਉਨ੍ਹਾ ਦੱਸਿਆ ਕਿ ਇਹ ਕੋਰਸ ਛੇ ਮਹੀਨੇ ਦਾ ਹੋਵੇਗਾ।ਕਲਾਸ ਦਾ ਸਮਾਂ ਸ਼ਾਮ 5.15 ਵਜੇ ਤੋਂ 06.15 ਵਜੇ ਤੱਕ ਦਾ ਹੋਵੇਗਾ।ਚਾਹਵਾਨ ਉਮੀਦਵਾਰ 10 ਜਨਵਰੀ 2025 ਤੱਕ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਨਹਿਰੂ ਮੈਮੋਰੀਅਲ ਕਾਲਜ ਮਾਨਸਾ ਤੋਂ ਫਾਰਮ ਲੈ ਕੇ ਅਪਲਾਈ ਕਰ ਸਕਦੇ ਹਨ।

ਕੇਂਦਰੀ ਜੇਲ੍ਹ 'ਚੋਂ ਮੋਬਾਇਲ ਫੋਨ ਤੇ ਨਸ਼ੀਲਾ ਪਦਾਰਥ ਬਰਾਮਦ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਤਲਾਸ਼ੀ ਦੌਰਾਨ 8 ਮੋਬਾਇਲ ਫੋਨ ਤੇ 103 ਪੂੜੀਆਂ ਤੰਬਾਕੂ ਬਰਾਮਦ ਹੋਇਆ ਹੈ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਬ ਇੰਸਪੈਕਟਰ ਸਵਰਨ ਸਿੰਘ ਕਿ ਪੱਤਰ ਨੰਬਰ 9934 ਰਾਹੀਂ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ ਉਹ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਸਮੇਤ ਸਮੇਤ ਸਹਾਇਕ ਕਰਮਚਾਰੀਆਂ ਦੇ ਤਲਾਸ਼ੀ ਦੌਰਾਨ ਤੇ ਜੇਲ੍ਹ ਦੇ ਬਾਹਰੋਂ ਅਣਪਛਾਤੇ ਵਿਅਕਤੀਆਂ ਵੱਲੋਂ ਥਰੋ ਕਰਨ 'ਤੇ 4 ਕੀ ਪੈਡ ਮੋਬਾਇਲ ਫੋਨ, 4 ਟੱਚ ਸਕਰੀਨ ਮੋਬਾਇਲ ਫੋਨ ਤੇ 103 ਪੂੜੀਆਂ ਤੰਬਾਕੂ (ਜਰਦਾ) ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

ਅਮਿਤ ਸ਼ਾਹ ਦੇ ਅਸਤੀਫੇ ਨੂੰ ਲੈ

25-DEC-PAGE-10.qxd 12/24/2024 11:17 PM Page 1

ਬਾਬਾ ਸਾਹਿਬ ਬਾਰੇ ਕੀਤੀ ਟਿੱਪਣੀ ਲਈ ਗ੍ਰਹਿ ਮੰਤਰੀ ਅਸਤੀਫਾ ਦੇਵੇ : ਗਾਗੋਵਾਲ

ਮਾਨਸਾ (ਆਤਮਾ ਸਿੰਘ ਪਮਾਰ)-ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦਾ ਸੰਸਦ ਵਿੱਚ ਅਪਮਾਨ ਕਰਨ ਖਿਲਾਫ ਕਾਂਗਰਸ ਪਾਰਟੀ ਵੱਲੋਂ ਪ੍ਰੈੱਸ ਕਾਨਫਰੰਸ ਕੀਤੀ ਗਈ। ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਰਸ਼ਦੀਪ ਸਿੰਘ ਮਾਈਕਲ ਗਾਗੋਵਾਲ ਨੇ ਕਿਹਾ ਕਿ 18ਵੀਂ ਲੋਕ ਸਭਾ ਦੇ ਸਰਦ ਰੁੱਤ ਅਜਲਾਸ ਦੌਰਾਨ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਸੰਵਿਧਾਨ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਪ੍ਰਤੀ ਉਨ੍ਹਾਂ ਦਾ ਅਪਮਾਨ ਕਰਨ ਦੇ ਇਰਾਦੇ ਨਾਲ ਗਲਤ ਸ਼ਬਦਾਵਲੀ ਦੀ ਵਰਤੋਂ ਕੀਤੀ ਗਈ, ਜੋ ਸੰਘ ਤੇ ਭਾਜਪਾ ਦੀ ਮਨੂੰਵਾਦੀ ਮਾਨਸਿਕਤਾ ਦਾ ਪ੍ਰਗਟਾਵਾ ਹੈ। ਅਮਿਤ ਸ਼ਾਹ ਦੀ ਇਸ ਕਾਰਵਾਈ ਨੂੰ ਰੋਕਣ ਦੀ ਬਜਾਏ ਪ੍ਰਧਾਨ ਮੰਤਰੀ ਸ੍ਰੀ ਮੋਦੀ ਨੇ ਜਵਾਬੀ ਦੋਸ਼ਾਂ ਦੀ ਰਾਜਨੀਤੀ ਨੂੰ ਤੇਜ਼ ਕਰ ਦਿੱਤਾ ਹੈ। ਇੰਨਾ ਹੀ ਨਹੀਂ ਆਪਣੀਆਂ ਮੰਗਾਂ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਕਾਂਗਰਸ ਦੇ ਸੰਸਦ ਮੈਂਬਰਾਂ ਨਾਲ ਹੱਥੋਪਾਈ ਵੀ ਕੀਤੀ, ਪਾਰਟੀ ਪ੍ਰਧਾਨ ਮਲਿਕ ਅਰਜਨ ਖੜਗੇ ਨੂੰ ਜ਼ਮੀਨ 'ਤੇ ਸੁੱਟ ਦਿੱਤਾ ਗਿਆ। ਕਾਂਗਰਸ ਪਾਰਟੀ ਵੱਲੋਂ ਦੇਸ਼ ਦੇ ਸੰਵਿਧਾਨ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦਾ ਅਪਮਾਨ ਕਰਨ ਬਦਲੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਅਸਤੀਫੇ ਦੀ ਮੰਗ ਕੀਤੀ ਹੈ, ਜਦੋਂ ਤੱਕ ਅਮਿਤ ਸ਼ਾਹ ਅਸਤੀਫਾ ਨਹੀਂ ਦਿੰਦੇ, ਉਸ ਸਮੇਂ ਤੱਕ ਰੋਸ ਪ੍ਰਦਰਸ਼ਨ ਜਾਰੀ ਰਹਿਣਗੇ। ਇਸ ਮੌਕੇ ਅਮਨ ਸਿੰਗਲਾ ਢੈਪਈ ਸਪੋਕਸਮੈਨ, ਸੁਖਦਰਸ਼ਨ ਸਿੰਘ ਖਾਰਾ ਬਲਾਕ ਪ੍ਰਧਾਨ, ਗੁਰਦੀਪ ਸਿੰਘ ਦੀਪਾ ਐੱਮ ਸੀ, ਅੰਮ੍ਰਿਤਪਾਲ ਸਿੰਘ ਕੂਕਾ, ਐਡਵੋਕੇਟ ਬਲਕਰਨ ਸਿੰਘ ਬੱਲੀ, ਚੰਦਰ ਸੇਖਰ ਨੰਦੀ, ਪਵਨ ਕੁਮਾਰ ਸਾਬਕਾ ਮੀਤ ਪ੍ਰਧਾਨ ਨਗਰ ਕੌਂਸਲ ਮਾਨਸਾ, ਸਤੀਸ਼ ਮਹਿਤਾ, ਰਵੀ ਕੁਮਾਰ ਖੱਟਕ ਆਦਿ ਆਗੂ ਹਾਜ਼ਰ ਸਨ।

ਬਲੌਜ਼ਮਜ਼ ਕਾਨਵੈਂਟ ਸਕੂਲ ਵਿਖੇ ਕੈਰੀਅਰ ਕੌਂਸਲ ਪ੍ਰੋਗਰਾਮ

ਜਗਰਾਉਂ (ਅਮਿਤ ਖੰਨਾ, ਸੰਜੀਵ ਅਰੋੜਾ)-ਬਲੌਜ਼ਮਜ਼ ਕਾਨਵੈਂਟ ਸਕੂਲ ਵਿਖੇ ਮਾਪੇ-ਅਧਿਆਪਕ ਮੀਟਿੰਗ ਦੌਰਾਨ ਵਿਦਿਆਰਥੀਆਂ ਦੇ ਭਵਿੱਖ ਨੂੰ ਸੰਵਾਰਨ ਸਬੰਧੀ ਤੇ ਉਨ੍ਹਾਂ ਦੀ ਬਾਰਵੀਂ ਜਮਾਤ ਤੋਂ ਬਾਅਦ ਆਪਣੇ ਰਸਤੇ ਚੁਨਣ ਲਈ ਸਕੂਲ ਵਿਖੇ ਆਪੋ-ਆਪਣੇ ਕੋਰਸਾਂ ਸੰਬੰਧੀ ਲਗਭਗ 26 ਯੂਨੀਵਰਸਿਟੀਆਂ ਨੇ ਪ੍ਰਦਰਸਨੀਆਂ ਅਯੋਜਿਤ ਕੀਤੀਆਂ। ਇਸ ਵਿੱਚ ਉਹਨਾਂ ਵੱਲੋਂ ਆਏ ਸਾਰੇ ਹੀ ਨੁਮਾਇੰਦਿਆਂ ਨੇ ਵਿਦਿਆਰਥੀ ਤੇ ਉਨ੍ਹਾਂ ਦੇ ਮਾਪਿਆਂ ਨੂੰ ਆਪੋ ਆਪਣੀਆਂ ਯੂਨੀਵਰਸਿਟੀਆਂ ਦੇ ਕੋਰਸਾਂ ਤੇ ਉਨ੍ਹਾਂ ਵਿੱਚ ਵਿਦਿਆਰਥੀਆਂ ਦੇ ਬਣਨ ਵਾਲੇ ਭਵਿੱਖ ਸੰਬੰਧੀ ਜਾਣਕਾਰੀ ਦਿੱਤੀ। ਮਾਪਿਆਂ ਵੱਲੋਂ ਇਸ ਪ੍ਰੋਗਰਾਮ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਤੇ ਵਾਈਸ ਪ੍ਰਿੰਸੀਪਲ ਮਿਸਿਜ਼ ਰੰਜਨਾ ਕੌਸ਼ਲ ਨੇ ਮਾਪਿਆਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਅੱਜ ਦੇ ਸਮੇਂ ਵਿੱਚ ਵਿਦਿਆਰਥੀਆਂ ਵਿੱਚ ਕੇਵਲ ਬਾਹਰ ਜਾਣ ਦੀ ਚਾਹਨਾ ਹੈ, ਪਰ ਸਾਡੇ ਦੇਸ ਵਿੱਚ ਰਹਿ ਕੇ ਵੀ ਇਹ ਨੌਜਵਾਨ ਵਰਗ ਬੁਲੰਦ ਉਚਾਈਆਂ 'ਤੇ ਪਹੁੰਚ ਸਕਦਾ ਹੈ। ਇਸੇ ਕਰਕੇ ਅਸੀਂ ਇਸ ਉਪਰਾਲੇ ਸਦਕਾ ਮਾਪਿਆਂ ਦੇ ਸਮੇਂ ਦੀ ਬਚਤ ਕਰਦੇ ਹੋਏ ਇਹ ਪ੍ਰੋਗਰਾਮ ਉਲੀਕਿਆ ਸੀ, ਜਿਸ ਦਾ ਸਾਨੂੰ ਭਰਵਾਂ ਹੁੰਗਾਰਾ ਮਿਲਿਆ। ਇਸ ਦਾ ਸਿੱਧਾ ਫਾਇਦਾ ਵਿਦਿਆਰਥੀ ਵਰਗ ਨੂੰ ਹੈ, ਉਹ ਸੌਖੇ ਤਰੀਕੇ ਨਾਲ ਆਪਣੇ ਚੁਣੇ ਹੋਏ ਨਿਸ਼ਾਨੇ 'ਤੇ ਪਹੁੰਚ ਸਕਦੇ ਹਨ। ਇਸ ਮੌਕੇ ਸਕੂਲ ਦੇ ਚੇਅਰਮੈਨ ਹਰਭਜਨ ਸਿੰਘ ਜੌਹਲ, ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਨੇ ਕਿਹਾ ਕਿ ਅਸੀਂ ਵਿਦਿਆਰਥੀ ਵਰਗ ਦੇ ਭਵਿੱਖ ਲਈ ਹਮੇਸ਼ਾ ਚਿੰਤਨ ਰਹਿੰਦੇ ਹਾਂ।

ਚਾਰਜ ਸੰਭਾਲਣ 'ਤੇ ਆਡਿਟ ਸਟਾਫ ਐਸੋਸੀਏਸ਼ਨ ਵੱਲੋਂ ਸਨਮਾਨ

ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)-ਆਡਿਟ ਸਟਾਫ ਐਸੋਸੀਏਸ਼ਨ ਪੰਜਾਬ ਨੇ ਮੈਡਮ ਮਨੀਲਾ ਭਾਂਬਰੀ ਨੂੰ ਬਤੌਰ ਚੀਫ ਆਡੀਟਰ ਸਹਿਕਾਰਤਾ ਆਡਿਟ ਵਿਭਾਗ ਪੰਜਾਬ ਦੀ ਅਸਾਮੀ ਦਾ ਚਾਰਜ ਸੰਭਾਲਣ ਉਪਰੰਤ ਸਨਮਾਨਤ ਕੀਤਾ ਹੈ।ਮੈਡਮ ਮਨੀਲਾ ਭਾਂਬਰੀ ਨੇ ਐਸੋਸੀਏਸ਼ਨ ਦੇ ਮੈਂਬਰਜ਼ ਤੇ ਸਮੂਹ ਸਟਾਫ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਪਣਾ ਕੰਮ ਇਮਾਨਦਾਰੀ ਤੇ ਪੂਰੀ ਲਗਨ ਨਾਲ ਕਰਨਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਜੇਕਰ ਕਿਸੇ ਨੂੰ ਆਪਣੀ ਡਿਊਟੀ ਦੌਰਾਨ ਕੋਈ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਉਹ ਉਸ ਦੇ ਹੱਲ ਲਈ ਸਦਾ ਹਾਜ਼ਰ ਹੈ।ਉਨ੍ਹਾ ਸਮੁੱਚੀ ਐਸੋਸੀਏਸ਼ਨ ਤੇ ਹਾਜ਼ਰੀਨ ਦਫਤਰੀ ਸਟਾਫ ਦਾ ਧੰਨਵਾਦ ਕੀਤਾ।ਆਡਿਟ ਸਟਾਫ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਬਲਜੀਤ ਸਿੰਘ ਨੇ ਕਿਹਾ ਕਿ ਮੈਡਮ ਮਨੀਲਾ ਭਾਂਬਰੀ ਇੱਕ ਇਮਾਨਦਾਰ, ਮਿਹਨਤੀ ਤੇ ਯੋਗ ਆਫੀਸਰ ਹਨ ਤੇ ਉਨ੍ਹਾਂ ਦੀ ਅਗਵਾਈ ਵਿੱਚ ਵਿਭਾਗ ਬੁਲੰਦੀਆਂ ਨੂੰ ਛੂਹਣ ਦੇ ਨਾਲ-ਨਾਲ ਦਿਨ ਦੁੱਗਣੀ ਰਾਤ ਚੌਗਣੀ ਤਰੱਕੀ ਕਰੇਗਾ।ਇਸ ਮੌਕੇ ਅਮਲਾ ਅਫਸਰ ਬਲਜਿੰਦਰ ਕੌਰ, ਅਮਰਜੀਤ ਸਿੰਘ ਪੀ.ਏ. ਟੂ ਚੀਫ ਆਡੀਟਰ ਤੋਂ ਇਲਾਵਾ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਬਲਜੀਤ ਸਿੰਘ ਪਟਿਆਲਾ, ਸਰਪ੍ਰਸਤ ਡਾ: ਕੰਵਰਦੀਪ ਸਿੰਘ ਸੀਨੀਅਰ ਆਡੀਟਰ ਚੰਡੀਗੜ੍ਹ ਤੇ ਪੰਕਜ ਸ਼ਰਮਾਂ ਸੀਨੀਅਰ ਆਡੀਟਰ ਗੁਰਦਾਸਪੁਰ, ਜਨਰਲ ਸਕੱਤਰ ਰਵਿੰਦਰ ਸਿੰਘ ਸ੍ਰੀ ਫਤਿਹਗੜ੍ਹ ਸਾਹਿਬ, ਵਿੱਤ ਸਕੱਤਰ ਹਰਚਰਨ ਸਿੰਘ ਸੀਨੀਅਰ ਆਡੀਟਰ ਨਾਭਾ, ਦਰਸ਼ਨ ਸਿੰਘ ਸੀਨੀਅਰ ਆਡੀਟਰ ਸੀ.ਸੀ.ਬੀ. ਚੰਡੀਗੜ੍ਹ ਤੇ ਸੁਪਰਡੈਂਟ ਤੇਜਿੰਦਰ ਸਿੰਘ ਮੁੱਖ ਦਫਤਰ ਆਦਿ ਹਾਜ਼ਰ ਰਹੇ।

ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀਆਂ ਨੂੰ ਸਟੇਸ਼ਨਰੀ ਵੰਡੀ

ਕੋਟਕਪੂਰਾ (ਰਛਪਾਲ ਭੁੱਲਰ)-ਸਮਾਜ ਸੇਵਾ ਦੇ ਖੇਤਰ ਵਿੱਚ ਇਲਾਕੇ ਦੀਆਂ ਨਾਮਵਾਰ ਕਲੱਬਾਂ ਲਾਇਨਜ਼ ਕਲੱਬ ਕੋਟਕਪੂਰਾ ਗਰੇਟਰ ਤੇ ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਵੱਲੋਂ ਮਾਤਾ ਗੁਜਰ ਕੌਰ, ਚਾਰ ਸਾਹਿਬਜ਼ਾਦਿਆਂ ਤੇ ਅਨੇਕਾਂ ਸਿੰਘ/ਸਿੰਘਣੀਆਂ ਦੀਆਂ ਲਾਸਾਨੀ ਸ਼ਹਾਦਤਾਂ ਨੂੰ ਸਮਰਪਤ ਲਗਾਏ ਜਾ ਰਹੇ ਪ੍ਰੋਜੈਕਟਾਂ ਦੀ ਲੜੀ ਅਧੀਨ ਅੱਜ ਦੋਹਾਂ ਕਲੱਬਾਂ ਦੇ ਪ੍ਰਧਾਨਾਂ ਲਾਇਨ ਰਛਪਾਲ ਸਿੰਘ ਭੁੱਲਰ ਤੇ ਲਾਇਨ ਅਰੁਣ ਮਖੀਜਾ ਦੀ ਅਗਵਾਈ ਹੇਠ ਸਥਾਨਕ ਸਰਕਾਰੀ ਪ੍ਰਾਇਮਰੀ ਸਕੂਲ ਮੁੱਡੇ ਵਿਖੇ ਬਣੇ ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀਆਂ ਦੇ ਸੈਂਟਰ ਵਿੱਚ ਸਟੇਸ਼ਨਰੀ ਵੰਡੀ ਗਈ।ਇਸ ਸਟੇਸ਼ਨਰੀ ਦੀ ਸੇਵਾ ਸੀਨੀਅਰ ਮੈਂਬਰ ਲਾਇਨ ਅਮਨਦੀਪ ਸਿੰਘ ਮੱਕੜ ਵੱਲੋਂ ਕੀਤੀ ਗਈ।ਇਸ ਮੌਕੇ ਰੀਜਨ ਚੇਅਰਮੈਨ ਸੁਰਿੰਦਰ ਸਿੰਘ ਤੇ ਰੀਜਨ ਐਡਮਿਨਿਸਟ੍ਰੇਟਰ ਰਜਿੰਦਰ ਸਿੰਘ ਸਰਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀ ਸਰੀਰਕ ਜਾਂ ਮਾਨਸਿਕ ਕਮੀ ਕਾਰਨ ਵਿਸ਼ੇਸ਼ ਨਹੀਂ ਹਨ, ਸਗੋਂ ਇਸ ਤਰ੍ਹਾਂ ਦੀਆਂ ਕਮੀਆਂ ਦੇ ਬਾਵਜੂਦ ਵਿਲੱਖਣ ਪ੍ਰਤਿਭਾ ਦੇ ਮਾਲਕ ਹੋਣ ਕਾਰਨ ਵਿਸ਼ੇਸ਼ ਹਨ।ਉਨ੍ਹਾਂ ਕਿਹਾ ਕਿ ਇਨ੍ਹਾਂ ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀਆਂ ਨੂੰ ਆਤਮ ਵਿਸ਼ਵਾਸੀ ਬਣਾ ਕੇ ਸਾਧਾਰਨ ਬੱਚਿਆਂ ਵਾਂਗ ਜ਼ਿੰਦਗੀ ਜਿਉਣ ਦੇ ਸਮਰੱਥ ਬਣਾਉਣ ਵਾਲੇ ਅਧਿਆਪਕ ਕੇਵਲ ਨੌਕਰੀ ਹੀ ਨਹੀਂ ਕਰ ਰਹੇ, ਸਗੋਂ ਸਮਾਜ ਦੀ ਬਹੁਤ ਵੱਡੀ ਸੇਵਾ ਕਰ ਰਹੇ ਹਨ।ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਰੀਜਨ ਸਕੱਤਰ ਹਰਬੀਰ ਸਿੰਘ ਨੇ ਦੱਸਿਆ ਕਿ ਦੋਹਾਂ ਕਲੱਬਾਂ ਵੱਲੋਂ ਇਸ ਸ਼ਹੀਦੀ ਹਫਤੇ ਦੌਰਾਨ ਹਰ ਰੋਜ਼ ਵੱਖ ਵੱਖ ਥਾਵਾਂ ਤੇ ਕਈ ਸਮਾਜ ਸੇਵਾ ਦੇ ਪ੍ਰੋਜੈਕਟ ਲਗਾਏ ਜਾ ਰਹੇ ਹਨ।ਇਸ ਉਪਰਾਲੇ ਲਈ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਕੋਟਕਪੂਰਾ ਸੁਰਜੀਤ ਸਿੰਘ ਤੇ ਸੈਂਟਰ ਮੁਖੀ ਪ੍ਰਵੀਨ ਰਾਣੀ ਨੇ ਦੋਹਾਂ ਕਲੱਬਾਂ ਦਾ ਧੰਨਵਾਦ ਕੀਤਾ।

ਬਾਬਾ ਫਰੀਦ ਪਬਲਿਕ ਸਕੂਲ ਵਿਖੇ ਗਣਿਤ ਪ੍ਰਦਰਸ਼ਨੀ

ਫਰੀਦਕੋਟ (ਐਲਿਗਜੈਂਡਰ ਡਿਸੂਜਾ)-ਬਾਬਾ ਫਰੀਦ ਪਬਲਿਕ ਸਕੂਲ ਵਿਖੇ ਮਾਪੇ-ਅਧਿਆਪਕ ਮਿਲਣੀ ਤਹਿਤ ਵਿਦਿਆਰਥੀਆਂ ਦੁਆਰਾ ਗਣਿਤ ਦਿਵਸ ਨੂੰ ਸਮਰਪਤ ਗਣਿਤ ਤੇ ਏ ਆਈ ਦੀ ਮਾਡਲ ਪ੍ਰਦਰਸ਼ਨੀ ਇੱਕ ਖਿੱਚ ਦਾ ਕੇਂਦਰ ਰਹੀ।ਇਸ ਵਿੱਚ ਵਿਦਿਆਰਥੀਆਂ ਨੇ ਗਣਿਤ ਵਿਸ਼ੇ ਨੂੰ ਮਾਡਲ ਰੂਪ ਰਾਹੀਂ ਪੇਸ਼ ਕਰਕੇ ਵਿਦਿਆਰਥੀਆਂ ਦੇ ਮਨ ਅੰਦਰ ਵਿਸ਼ੇ ਵਿੱਚ ਖਾਸ ਰੁਚੀ ਰਖਣ ਲਈ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਏ ਆਈ ਦੇ ਮਾਡਲ, ਜੋ ਕਿ ਪ੍ਰਦੂਸ਼ਣ, ਸਮਾਰਟ ਰੇਲਵੇ ਸਟੇਸ਼ਨ, ਡੀਫੈਂਸ ਆਦਿ ਨਾਲ ਸੰਬੰਧਤ ਵਿਸ਼ੇ ਇਸ ਵਿੱਚ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ।ਮਾਪਿਆਂ ਨੇ ਪੂਰੇ ਉਤਸ਼ਾਹ ਨਾਲ ਇਸ ਪ੍ਰਦਰਸ਼ਨੀ ਵਿੱਚ ਸ਼ਿਰਕਤ ਕਰਕੇ ਵਿਦਿਆਰਥੀਆਂ ਨੂੰ ਸਲਾਹੁੰਦੇ ਹੋਏ ਉਨ੍ਹਾਂ ਦੀ ਕਾਰਗੁਜ਼ਾਰੀ ਨੂੰ ਖੂਬ ਉਤਸ਼ਾਹਤ ਕੀਤਾ।ਇਸ ਸਮੇਂ ਅਦਾਰੇ ਦੀ ਸਮੁੱਚੀ ਕਮੇਟੀ ਵੱਲੋਂ ਵੀ ਇਸ ਪ੍ਰਦਰਸ਼ਨੀ ਵਿੱਚ ਸ਼ਿਰਕਤ ਕਰਕੇ ਵਿਦਿਆਰਥੀਆਂ ਤੇ ਅਧਿਆਪਕਾਂ ਦੀ ਖੂਬ ਹੌਸਲਾ ਅਫਜ਼ਾਈ ਕੀਤੀ ਗਈ।ਉਨ੍ਹਾਂ ਵਿਦਿਆਰਥੀਆਂ ਨੂੰ ਅਸ਼ੀਰਵਾਦ ਦਿੰਦੇ ਹੋਏ ਕਿਹਾ ਕਿ ਅਜਿਹੇ ਹੋਣਹਾਰ ਬੱਚੇ ਭਵਿੱਖ ਵਿੱਚ ਵੀ ਖੂਬ ਤਰੱਕੀਆਂ ਕਰਕੇ ਆਪਣੇ ਮਾਪੇ, ਅਧਿਆਪਕਾਂ ਤੇ ਸੰਸਥਾ ਦਾ ਨਾਂ ਰੋਸ਼ਨ ਕਰਨਗੇ।ਬਾਬਾ ਫਰੀਦ ਜੀ ਅੱਗੇ ਇਹੀ ਅਰਦਾਸ ਹੈ ਕਿ ਉਹ ਇਨ੍ਹਾਂ ਵਿਦਿਆਰਥੀਆਂ ਉੱਪਰ ਆਪਣਾ ਮੇਹਰ ਭਰਿਆ ਹੱਥ ਰੱਖਣ ਤੇ ਇਨ੍ਹਾਂ ਨੂੰ ਅੱਗੇ ਵਧਣ ਲਈ ਬਲ ਬਖਸ਼ਣ।

ਅਨੰਦ ਈਸ਼ਰ ਪਬਲਿਕ ਸਕੂਲ 'ਚ ਸ਼ਹੀਦੀ ਦਿਹਾੜਾ ਮਨਾਇਆ

ਜਗਰਾਉਂ (ਸੰਜੀਵ ਅਰੋੜਾ)-ਅਨੰਦ ਈਸ਼ਰ ਪਬਲਿਕ ਸਕੂਲ ਕੋਠੇ ਪੋਨਾ ਵਿਖੇ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਹਾੜਾ ਸ਼ਰਧਾ-ਭਾਵਨਾ ਨਾਲ ਮਨਾਇਆ ਗਿਆ, ਜਿਸ 'ਚ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕਰਦਿਆਂ ਤੇ ਕਵਿਤਾਵਾਂ, ਕਵਿਸ਼ਰੀ ਰਾਹੀਂ ਸਾਹਿਬਜ਼ਾਦਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਸਕੂਲ ਸਟਾਫ਼ ਤੇ ਵਿਦਿਆਰਥੀਆਂ ਨੇ 6 ਪੋਹ ਤੋਂ ਸਵੇਰ ਦੀ ਸਭਾ ਦੌਰਾਨ ਚੌਪਈ ਸਾਹਿਬ ਦੇ ਪਾਠ ਕੀਤੇ ਗਏ। ਸਮਾਗਮ 'ਚ ਸਕੂਲ ਸਟਾਫ਼ ਤੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਇਸ ਮੌਕੇ ਵਾਈਸ ਪ੍ਰਿੰਸੀਪਲ ਕੰਵਲਦੀਪ ਕੌਰ ਨੇ ਆਪਣੇ ਸੰਬੋਧਨ ਵਿੱਚ ਸਕੂਲ ਦੇ ਵਿਦਿਆਰਥੀਆਂ ਨੂੰ ਸਮੂਹ ਗੁਰੂ ਸਾਹਿਬਾਨਾਂ ਤੇ ਸਾਹਿਬਜ਼ਾਦਿਆਂ ਦੇ ਜੀਵਨ, ਸਿੱਖੀ ਦੇ ਗੌਰਵਮਈ ਇਤਿਹਾਸ ਤੋਂ ਸੇਧ ਲੈਣ ਦੀ ਅਪੀਲ ਕੀਤੀ। ਵਿਦਿਆਰਥੀਆਂ ਨੂੰ ਗੁਰੂ ਸਿੱਖਿਆਵਾਂ ਅਨੁਸਾਰ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸੁਖਜਿੰਦਰ ਸਿੰਘ, ਮੈਡਮ ਜਸਪ੍ਰੀਤ ਕੌਰ, ਹਰਿੰਦਰ ਸਿੰਘ ਤੇ ਸਮੂਹ ਸਟਾਫ਼ ਹਾਜ਼ਰ ਸੀ। ਇਸ ਮੌਕੇ ਸਕੂਲ ਵਿੱਚ ਕੇਸਰੀ ਚੁੰਨੀਆਂ ਲੈ ਕੇ ਤੇ ਕੇਸਰੀ ਦਸਤਾਰਾਂ ਸਜ਼ਾ ਕੇ ਆਏ ਬੱਚੇ ਬੱਚਿਆਂ ਨੇ ਸਾਹਿਬਜ਼ਾਦਿਆਂ ਨੂੰ ਕੋਟਿਨ-ਕੋਟਿ ਪ੍ਰਣਾਮ ਕੀਤਾ।

'ਅਪਾਰ ਸਟੂਡੈਂਟ ਆਈ ਡੀ' ਨੂੰ ਲੈ ਕੇ ਮਾਪਿਆਂ 'ਚ ਭੰਬਲਭੂਸਾ ਬਣਿਆ

- ਅਪਾਰ ਆਈ. ਡੀ. 'ਚ ਵਿਦਿਆਰਥੀ 'ਤੇ ਮੈਡੀਕਲ ਤਜਰਬੇ ਕਰਨ ਬਾਰੇ ਕੁੱਝ ਵੀ ਦਰਜ ਨਹੀਂ : ਡਾ. ਜਗਜੀਤ ਸਿੰਘ
- ਵਿਦਿਆਰਥੀਆਂ ਤੇ ਮਾਪਿਆਂ ਦੇ ਦਸਤਾਵੇਜ਼ ਮੰਗਣੇ ਕੇਂਦਰ ਸਰਕਾਰ ਦਾ ਧੱਕਾ : ਗੁਰੀ ਮਾਨ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਸਿੱਖਿਆ ਵਿਭਾਗ ਵੱਲੋਂ ਸੂਬੇ ਦੇ ਸਰਕਾਰੀ ਤੇ ਗੈਰ-ਸਰਕਾਰੀ ਸਕੂਲਾਂ 'ਚ ਪੜ੍ਹ ਰਹੇ ਵਿਦਿਆਰਥੀਆਂ ਲਈ ਚਲਾਏ ਜਾਂਦੇ ਪ੍ਰੋਗਰਾਮਾਂ 'ਤੇ ਅਕਸਰ ਸਵਾਲੀਆ ਚਿੰਨ੍ਹ ਲੱਗਦੇ ਰਹਿੰਦੇ ਹਨ। ਅੱਜਕੱਲ੍ਹ ਪੰਜਾਬ ਦੇ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ 'ਚ ਪੜ੍ਹਦੇ ਵਿਦਿਆਰਥੀਆਂ ਲਈ ਅਪਾਰ ਸਟੂਡੈਂਟ ਆਈ ਡੀ ਨੂੰ ਬਣਾਉਣ ਦੇ ਸਰਕਾਰੀ ਹੁਕਮ ਚਰਚਾ ਦਾ ਵਿਸ਼ਾ ਬਣੇ ਹੋਏ ਹਨ। ਪ੍ਰਾਪਤ ਜਾਣਕਾਰੀ ਅਨੁਸਾਰ ਬੱਚਿਆਂ ਦੇ ਮਾਪਿਆਂ ਦੀ ਸਹਿਮਤੀ ਨਾਲ ਬਣਨ ਵਾਲੀ ਇਸ ਅਪਾਰ ਆਈ ਡੀ ਰਾਹੀਂ ਬੱਚਿਆਂ ਨੂੰ ਆਮ ਜਾਣਕਾਰੀ ਤੇ ਵੱਖ-ਵੱਖ ਤਰ੍ਹਾਂ ਦੀਆਂ ਪ੍ਰੀਖਿਆਵਾਂ, ਵਿਦਿਆਰਥੀਆਂ ਲਈ ਸਰਕਾਰੀ ਸਕੀਮਾਂ ਦਾ ਲਾਭ ਲੈਣ, ਦਸਤਾਵੇਜ਼ਾਂ 'ਚ ਹੁੰਦੀ ਘਪਲੇਬਾਜ਼ੀ ਨੂੰ ਰੋਕਣ ਲਈ ਵਰਤਿਆ ਜਾ ਸਕੇਗਾ। ਮਾਪਿਆਂ ਦਾ ਕਹਿਣਾ ਹੈ ਕਿ ਕੋਰੋਨਾ ਕਾਲ ਦੌਰਾਨ ਵੀ ਪ੍ਰਾਈਵੇਟ ਐਪ ਡਾਊਨਲੋਡ ਕਰਵਾ ਕੇ ਦੇਸ਼ ਦੇ ਕਰੋੜਾਂ ਵਿਦਿਆਰਥੀਆਂ ਨੂੰ ਜ਼ਬਰਦਸਤੀ ਆਨਲਾਈਨ ਕਲਾਸਾਂ ਲਾਉਣ ਲਈ ਮਜਬੂਰ ਕੀਤਾ ਗਿਆ ਸੀ ਤੇ ਕੋਰੋਨਾ ਕਾਲ ਦੌਰਾਨ ਹੀ ਸਕੂਲਾਂ-ਕਾਲਜਾਂ 'ਚ ਪੜ੍ਹ ਰਹੇ ਕਰੋੜਾ

25-DEC-PAGE-7.qxd 12/24/2024 11:13 PM Page 1

ਵਾਈ ਐੱਸ ਪਬਲਿਕ ਸਕੂਲ ਵਿਖੇ ਵੀਰ ਬਾਲ ਦਿਵਸ ਮਨਾਇਆ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਪੰਜਾਬ ਸਕੂਲ ਸਿੱਖਿਆ ਵਿਭਾਗ ਦੇ ਨਿਰਦੇਸ਼ਾਂ ਤਹਿਤ ਸਕੂਲ ਦੇ ਚੇਅਰਮੈਨ ਜਸਵਿੰਦਰ ਸਿੰਘ ਦੀ ਅਗਵਾਈ ਵਿੱਚ ਵਾਈ. ਐੱਸ. ਪਬਲਿਕ ਸੀਨੀਅਰ ਸੈਕੰਡਰੀ ਸਕੂਲ ਥਾਂਦੇਵਾਲਾ ਵਿਖੇ ਵੀਰ ਬਾਲ ਦਿਵਸ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਸੰਬੰਧੀ ਕਵਿਤਾਵਾਂ, ਨਾਟਕ ਤੇ ਭਾਸ਼ਣ ਆਦਿ ਨੂੰ ਪੇਸ਼ ਕੀਤਾ।ਉਨ੍ਹਾਂ ਕਵਿਤਾਵਾਂ, ਨਾਟਕ ਤੇ ਭਾਸ਼ਣ ਰਾਹੀਂ ਸਿੱਖ ਇਤਿਹਾਸ ਨੂੰ ਪੇਸ਼ ਕੀਤਾ।ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਸਕੂਲ ਦੇ ਚੇਅਰਮੈਨ ਸ੍ਰ. ਜਸਵਿੰਦਰ ਸਿੰਘ ਨੇ ਦੱਸਿਆ ਕਿ ਸਾਨੂੰ ਆਪਣੇ ਇਤਿਹਾਸ ਤੇ ਵਿਰਸੇ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ, ਜਿਹੜੀਆਂ ਕੌਮਾਂ ਆਪਣੇ ਸ਼ਹੀਦਾਂ ਤੇ ਇਤਿਹਾਸ ਨੂੰ ਭੁੱਲਦੀਆਂ ਹਨ, ਉਹ ਇੱਕ ਦਿਨ ਦੁਨੀਆ ਦੇ ਨਕਸ਼ੇ ਤੋਂ ਖ਼ਤਮ ਹੋ ਜਾਂਦੀਆਂ ਹਨ।ਇਸ ਮੌਕੇ ਵਧੀਆ ਕਵਿਤਾ ਤੇ ਭਾਸ਼ਣ ਪੇਸ਼ ਕਰਨ ਵਾਲੇ ਵਿਦਿਆਰਥੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਸਟੇਜ ਸਕੱਤਰ ਦੀ ਭੂਮਿਕਾ ਮੈਡਮ ਰਮਨਦੀਪ ਕੌਰ ਦੋਦਾ ਨੇ ਨਿਭਾਈ।ਸਕੂਲ ਦੇ ਪ੍ਰਿੰਸੀਪਲ ਮੈਡਮ ਬੀਰਪਾਲ ਕੌਰ ਵੱਲੋਂ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੀ ਬਹਾਦਰੀ ਤੇ ਦ੍ਰਿੜ੍ਹਤਾ ਬਾਰੇ ਦੱਸ ਕੇ ਨੈਤਿਕ ਗੁਣਾਂ ਵੱਲ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਨੇ ਸਕੂਲ ਦੇ ਬਹੁਤ ਮਿਹਨਤੀ ਅਧਿਆਪਕਾਂ ਦੀ ਸ਼ਲਾਘਾ ਕੀਤੀ ਤੇ ਸਾਰਿਆਂ ਦਾ ਧੰਨਵਾਦ ਕੀਤਾ।ਇਸ ਮੌਕੇ ਸਮੂਹ ਸਟਾਫ਼ ਮੈਂਬਰ ਤੇ ਵਿਦਿਆਰਥੀ ਵੀ ਹਾਜ਼ਰ ਸਨ।

ਸਹੋਤਾ ਗਰੁੱਪ ਦੇ ਕੁੰਬੜਾ ਪ੍ਰਧਾਨ ਤੇ ਸ਼ੇਰਗਿੱਲ ਮੀਤ ਪ੍ਰਧਾਨ ਬਣੇ

ਲੁਧਿਆਣਾ (ਰਾਜ ਸਿੰਗਲਾ)-ਆਲ ਇੰਡੀਆ ਫਾਰੈਸਟ ਆਫ਼ੀਸਰਜ਼ ਫੈਡਰੇਸ਼ਨ ਦੀ ਕਾਰਜਕਰਨੀ ਦੀ ਚੋਣ ਵਣ ਵਿਗਿਆਨ ਭਵਨ ਨਵੀਂ ਦਿੱਲੀ ਵਿਖੇ 22 ਦਸੰਬਰ ਨੂੰ ਹੋਈ, ਜਿਸ ਵਿੱਚ ਭਾਰਤ ਦੇ ਵੱਖ-ਵੱਖ ਰਾਜਾਂ ਤੋਂ ਆਏ ਅਹੁਦੇਦਾਰਾਂ ਨੇ ਭਾਗ ਲਿਆ।ਫੈਡਰੇਸ਼ਨ ਦੀ ਕਾਰਜਕਰਨੀ ਦੀ ਚੋਣ ਸਾਬਕਾ ਪ੍ਰਧਾਨ ਸਤੀਸ਼ ਮਿਸ਼ਰਾ ਤੇ ਜਨਰਲ ਸਕੱਤਰ ਕਮਲ ਯਾਦਵ ਅਤੇ ਸੇਵਾ ਮੁਕਤ ਅਹੁਦੇਦਾਰ ਸਾਥੀਆਂ ਦੀ ਹਾਜ਼ਰੀ ਵਿੱਚ ਫੈਡਰੇਸ਼ਨ ਦੀ ਚੋਣ ਕੀਤੀ ਗਈ, ਜਿਸ ਵਿੱਚ ਸਰਬਸੰਮਤੀ ਨਾਲ ਸੂਬਾ ਪੰਜਾਬ ਤੋਂ ਸਾਥੀ ਜਗਦੀਪ ਸਿੰਘ ਕੁੰਬੜਾ ਪ੍ਰਧਾਨ ਤੇ ਸਾਥੀ ਜਸਵੀਰ ਸਿੰਘ ਸ਼ੇਰਗਿੱਲ ਨੂੰ ਮੀਤ ਪ੍ਰਧਾਨ ਚੁਣਿਆ ਅਤੇ ਬਾਕੀ ਜ਼ੋਨਜ਼ ਦੇ ਅਨੁਸਾਰ ਇੰਡੀਆ ਦੀ ਨੈਸ਼ਨਲ ਬਾਡੀ ਦੇ ਅਹੁਦਿਆਂ ਲਈ ਹੋਰ ਰਾਜਾਂ ਦੇ ਸਾਥੀਆਂ ਨੂੰ ਚੁਣਿਆ ਗਿਆ। ਜਗਦੀਪ ਕੁੰਬੜਾ ਨੇ ਸਾਰੇ ਸਾਥੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਮੁਲਾਜ਼ਮਾਂ ਦੀਆਂ ਸਾਰੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਵਾਇਆ ਜਾਵੇਗਾ।ਮੀਟਿੰਗ ਵਿੱਚ ਸੂਬਾ ਪੰਜਾਬ ਤੋਂ ਹਾਜ਼ਰ ਸਾਥੀ ਗੁਰਿੰਦਰ ਸਹੋਤਾ ਸੂਬਾ ਪ੍ਰਧਾਨ, ਗੁਰਮੋਹਨ ਸਿੰਘ ਸੀਨੀਅਰ ਮੀਤ ਪ੍ਰਧਾਨ, ਭੁਪਿੰਦਰ ਸਿੰਘ ਸੂਬਾ ਵਿੱਤ ਸਕੱਤਰ, ਅਮਰਿੰਦਰ ਸਿੰਘ ਮੰਡਲ ਸਕੱਤਰ, ਅਭਿਸ਼ੇਕ ਅਭੀ ਸੂਬਾ ਸਪੈਸ਼ਲ ਮੈਂਬਰ, ਪਰਗਟ ਸਿੰਘ ਮੰਡਲ ਖਜ਼ਾਨਚੀ, ਗੁਰਜੋਤ ਮੋਹਾਲੀ ਸਰਕਲ ਸਕੱਤਰ ਚੁਣੇ ਗਏ।

ਗਲੋਬਲ ਸਕੂਲ 'ਚ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਕੀਤਾ ਯਾਦ

ਰਾਮਪੁਰਾ ਫੂਲ (ਡੀ ਕੇ ਜਿੰਦਲ)-ਸਿੱਖਾਂ ਦੇ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਮਾਤਾ, ਮਾਤਾ ਗੁਜਰੀ ਜੀ ਤੇ ਚਾਰ ਸਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਵਿਖੇ ਪ੍ਰਿੰਸੀਪਲ ਅੰਜੂ ਨਾਗਪਾਲ ਦੀ ਅਗਵਾਈ ਹੇਠ ਵਿਸ਼ੇਸ਼ ਪ੍ਰਾਰਥਨਾ ਸਭਾ ਕਰਵਾਈ ਗਈ। ਇਸ ਮੌਕੇ ਸਕੂਲ ਦੇ ਚੇਅਰਮੈਨ ਇੰਜਨੀਅਰ ਕਮਲੇਸ਼ ਸਰਾਫ ਨੇ ਕਿਹਾ ਕਿ ਚਾਰ ਸਾਹਿਬਜ਼ਾਦਿਆਂ ਦੀ ਸ਼ਹਾਦਤ ਉਨ੍ਹਾਂ ਦੀ ਕੌਮ ਲਈ ਮਹਾਨ ਕੁਰਬਾਨੀ ਨੂੰ ਦਰਸਾਉਂਦੀ ਹੈ, ਜੋ ਕਿ ਮੁਗਲ ਸਾਮਰਾਜ ਨਾਲ ਸੰਘਰਸ਼ ਦੌਰਾਨ ਸ਼ਹੀਦ ਹੋਏ ਸਨ।ਇਹ ਘਟਨਾ ਦਸੰਬਰ 1704 ਈ. ਨੂੰ ਵਾਪਰੀ।ਇਨ੍ਹਾਂ ਚਾਰ ਸਾਹਿਬਜ਼ਾਦਿਆਂ ਦੀ ਸ਼ਹਾਦਤ ਇਤਿਹਾਸ ਦੇ ਪੰਨਿਆਂ 'ਤੇ ਅਮਰ ਰਹੇਗੀ।ਵਾਇਸ ਚੇਅਰਮੈਨ ਅਮਿਤ ਸਰਾਫ ਨੇ ਗੁਰੂ ਜੀ ਤੇ ਸਾਹਿਬਜ਼ਾਦਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ।ਅਧਿਆਪਕਾਂ ਵੱਲੋਂ ਸਾਹਿਬਜ਼ਾਦਿਆਂ ਨੂੰ ਸਮਰਪਤ ਸ਼ਬਦ ਗਾਇਨ ਕੀਤੇ ਗਏ।ਸਾਹਿਬਜ਼ਾਦਿਆਂ ਦੇ ਜੀਵਨ ਦੇ ਵੱਖ-ਵੱਖ ਪਹਿਲੂਆਂ ਤੋਂ ਬੱਚਿਆਂ ਨੂੰ ਜਾਣੂ ਕਰਵਾਉਣ ਦੇ ਮੰਤਵ ਨਾਲ ਕੁਇੰਜ਼ ਕਰਵਾਈ ਗਈ।ਅਧਿਆਪਕਾ ਮਨਮੀਤ ਕੌਰ ਨੇ ਬੱਚਿਆਂ ਨੂੰ ਗੁਰੂ ਪਰਵਾਰ ਦੀ ਸ਼ਹੀਦੀ ਤੋਂ ਜਾਣੂ ਕਰਵਾਇਆ। ਪ੍ਰਿੰਸੀਪਲ ਅੰਜੂ ਨਾਗਪਾਲ ਨੇ ਕਿਹਾ ਕਿ ਬਹਾਦਰਾਂ ਦੀਆਂ ਕੁਰਬਾਨੀਆਂ ਨੂੰ ਯੁੱਗਾਂ ਤੱਕ ਯਾਦ ਰੱਖਿਆ ਜਾਵੇਗਾ।

ਸਰਸਵਤੀ ਸਕੂਲ 'ਚ ਸ਼ਹਾਦਤ ਨੂੰ ਸਮਰਪਤ ਸਮਾਰੋਹ

ਜੈਤੋ (ਸਤੀਸ਼ ਕੁਮਾਰ ਭੋਲਾ)-ਸਥਾਨਕ ਸਰਸਵਤੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਯਾਦਗਾਰੀ ਸਮਾਰੋਹ ਦਾ ਅਯੋਜਨ ਕੀਤਾ ਗਿਆ।ਪੰਜਾਬੀ ਅਧਿਆਪਕਾ ਵੀਰਪਾਲ ਕੌਰ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਪਰਵਾਰ ਤੇ ਚਾਰੋ ਸਾਹਿਬਜ਼ਾਦਿਆਂ ਦੀ ਸ਼ਹੀਦੀ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਵਿਦਿਆਰਥੀਆਂ ਨੇ ਸ਼ਬਦ ਗਾਇਨ ਕੀਤੇ, ਇਸ ਤੋਂ ਇਲਾਵਾ ਵਿਦਿਆਰਥੀਆਂ ਤੇ ਸਮੂਹ ਸਟਾਫ਼ ਵੱਲੋਂ ਮੂਲ ਮੰਤਰ ਦੇ ਜਾਪ ਕੀਤੇ ਗਏ।ਸਕੂਲ ਪ੍ਰਿੰ: ਕੁਸਮ ਕਾਲੜਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਗੁਰੂ ਸਾਹਿਬਾਨਾਂ ਦੀਆਂ ਕੁਰਬਾਨੀਆਂ ਤੋਂ ਪ੍ਰੇਰਣਾ ਲੈਣ ਅਤੇ ਕੋਟਿ-ਕੋਟਿ ਪ੍ਰਣਾਮ ਕਰਨ ਲਈ ਕਿਹਾ।

ਰਸਤੇ 'ਚ ਖੜੀਆਂ ਗੱਡੀਆਂ ਦਾ ਹੱਲ ਸਿਰਫ ਪਾਰਕਿੰਗ : ਨਿਰਭੈ ਸਿੰਘ

ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਸਿੰਘ ਭੱਟੀ)-ਆਏ ਦਿਨ ਸੁਨਾਮ ਵਿੱਚ ਟ੍ਰੈਫਿਕ ਦੀ ਸਮੱਸਿਆ ਵਧਦੀ ਜਾ ਰਹੀ, ਜਿਸ ਵਿੱਚ ਰਾਹਗੀਰਾਂ ਨੂੰ ਭਾਰੀ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਹੈ। ਰੇਲਵੇ ਸਟੇਸ਼ਨ ਤੋਂ ਮਾਲ ਗੁਦਾਮ ਤੱਕ ਨਵੀਂ ਬਣੀ ਸੜਕ ਉੱਪਰ ਦੀ ਲੰਘਣਾ ਬਹੁਤ ਹੀ ਮੁਸ਼ਕਲ ਹੈ। ਗੱਡੀਆਂ ਦੋਨੇ ਸਾਈਡ ਖੜੀਆਂ ਰਹਿੰਦੀਆਂ ਹਨ। ਟ੍ਰੈਫਿਕ ਇੰਚਾਰਜ ਨਿਰਭੈ ਸਿੰਘ ਨੇ ਪੱਤਰਕਾਰਾਂ ਨਾਲ ਗੱਲ ਕਰਦੇ ਕਿਹਾ ਕਿ ਇਨ੍ਹਾਂ ਗੱਡੀਆਂ ਦਾ ਹੱਲ ਸਿਰਫ ਪਾਰਕਿੰਗ ਹੈ। ਇਹ ਬਹੁਤ ਵੱਡੀ ਮੁਸ਼ਕਲ ਹੈ, ਜੋ ਲੰਮੇ ਸਮੇਂ ਤੋਂ ਸੁਨਾਮ ਵਿੱਚ ਲਟਕਦੀ ਆ ਰਹੀ ਹੈ, ਪਤਾ ਨਹੀਂ ਇਸ ਮੁਸ਼ਕਲ ਦਾ ਕਦੋਂ ਹੱਲ ਹੋਵੇਗਾ? ਟ੍ਰੈਫਿਕ ਇੰਚਾਰਜ ਨਿਰਭੈ ਸਿੰਘ ਨੇ ਕਿਹਾ ਕਿ ਇਨ੍ਹਾਂ ਗੱਡੀਆਂ ਨੂੰ ਨੇੜੇ ਪੈਂਦੀ ਰੇਲਵੇ ਸਟੇਸ਼ਨ ਵਾਲੀ ਪਾਰਕਿੰਗ ਵਿੱਚ ਖੜਾ ਕੀਤਾ ਜਾਵੇ, ਨਹੀਂ ਤਾਂ ਬਣਦੀ ਕਾਰਵਾਈ ਕੀਤੀ ਜਾਵੇਗੀ।

ਟੱਚ ਸਕਾਈ ਨੇ ਪਤੀ-ਪਤਨੀ ਦਾ ਕੈਨੇਡਾ ਵਿਜ਼ਟਰ ਵੀਜ਼ਾ ਲਵਾਇਆ

ਬਾਘਾ ਪੁਰਾਣਾ (ਮਨੀ ਸਿੰਗਲਾ)-ਬਾਘਾ ਪੁਰਾਣਾ ਟੱਚ ਸਕਾਈ ਇੰਸਟੀਟਿਊਟ ਆਫ ਇੰਗਲਿਸ਼ ਤੇ ਇਮੀਗ੍ਰੇਸ਼ਨ ਸਰਵਿਸ ਵੱਲੋਂ ਐਡਵੋਕੇਟ ਪ੍ਰਦੀਪ ਕੁਮਾਰ ਤੇ ਉਨ੍ਹਾਂ ਦੀ ਪਤਨੀ ਸ੍ਰੀਮਤੀ ਅੰਜਲੀ (ਵਾਸੀ ਮੋਗਾ) ਦਾ ਕੈਨੇਡਾ ਦਾ ਵਿਜ਼ਟਰ ਵੀਜ਼ਾ ਲਗਵਾ ਕੇ ਵਿਦੇਸ਼ ਜਾਣ ਦਾ ਸੁਪਨਾ ਸਾਕਾਰ ਕੀਤਾ।ਗੱਲਬਾਤ ਕਰਦਿਆਂ ਐਡਵੋਕੇਟ ਪ੍ਰਦੀਪ ਕੁਮਾਰ ਤੇ ਉਨ੍ਹਾਂ ਦੀ ਪਤਨੀ ਨੇ ਦੱਸਿਆ ਕਿ ਟੱਚ ਸਕਾਈ ਇੰਸਟੀਚਿਊਟ ਆਫ ਇੰਗਲਿਸ਼ ਤੇ ਇਮੀਗ੍ਰੇਸ਼ਨ ਸਰਵਿਸ ਨਾਲ ਜੁੜਨ ਤੋਂ ਬਾਅਦ ਉਨ੍ਹਾਂ ਨੇ ਉਹ ਸਹੀ ਰਾਹ ਲੱਭ ਲਿਆ, ਜਿਸ ਨਾਲ ਉਨ੍ਹਾਂ ਦਾ ਕੈਨੇਡਾ ਜਾਣ ਦਾ ਸੁਪਨਾ ਸਾਕਾਰ ਹੋਇਆ।ਉਨ੍ਹਾ ਦੱਸਿਆ ਕਿ ਇੱਥੋਂ ਦਾ ਸਟਾਫ ਬਹੁਤ ਹੀ ਵਧੀਆ ਤੇ ਮਿਹਨਤੀ ਹੈ ਅਤੇ ਗੱਲ ਨੂੰ ਬਹੁਤ ਹੀ ਵਧੀਆ ਤਰੀਕੇ ਨਾਲ ਸੁਣਦੇ ਹਨ ਅਤੇ ਸਮਝਾਉਂਦੇ ਹਨ।ਸੰਸਥਾ ਦੀ ਡਾਇਰੈਕਟਰ ਸੰਦੀਪ ਮਹਿਤਾ ਤੇ ਪੰਕਜ ਗੁਪਤਾ ਨੇ ਦੱਸਿਆ ਕਿ ਉਨ੍ਹਾਂ ਦੀ ਟੀਮ ਦੁਆਰਾ ਫਾਈਲ ਨੂੰ ਬਹੁਤ ਹੀ ਸੁਚੱਜੇ ਢੰਗ ਨਾਲ ਅੰਬੈਸੀ ਵਿੱਚ ਪੁੱਟਅਪ ਕੀਤਾ ਜਾਂਦਾ ਹੈ, ਜਿਸ ਸਦਕਾ ਆਏ ਦਿਨ ਵਿਜ਼ਟਰ ਵੀਜ਼ੇ ਤੇ ਸਟੱਡੀ ਵੀਜ਼ੇ ਜਾਰੀ ਕੀਤੇ ਜਾ ਰਹੇ ਹਨ।

ਪੰਡਤ ਮਦਨ ਮੋਹਨ ਮਾਲਵੀਆ ਦੀ ਜਨਮ ਸ਼ਤਾਬਦੀ ਮਨਾਈ

ਧੂਰੀ (ਸੁਖਦੇਵ ਧੂਰੀ)-ਭਾਰਤੀਆ ਮਹਾਂਵੀਰ ਦਲ ਵੱਲੋਂ ਸਥਾਨਕ ਦਫਤਰ ਵਿਖੇ ਸਮਾਜ ਸੇਵੀ ਪੰਡਤ ਮਦਨ ਮੋਹਨ ਮਾਲਵੀਆ ਦੀ ਜਨਮ ਸ਼ਤਾਬਦੀ ਬਹੁਤ ਹੀ ਸ਼ਰਧਾ ਤੇ ਉਤਸਾਹ ਨਾਲ ਮਨਾਈ ਗਈ। ਇਸ ਸਮਾਗਮ ਦੇ ਮੁੱਖ ਮਹਿਮਾਨ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਤਿੰਦਰ ਸਿੰਘ ਚੱਠਾ ਸਨ। ਚੱਠਾ ਨੇ ਇਸ ਮੌਕੇ ਕਿਹਾ ਕਿ ਪੰਡਤ ਮਦਨ ਮੋਹਨ ਮਾਲਵੀਆ ਨੇ ਸਮਾਜ ਸੇਵਾ ਵਿਸ਼ੇਸ਼ ਕਰਕੇ ਸਿੱਖਿਆ ਦੇ ਖੇਤਰ ਵਿੱਚ ਵੱਡਾ ਯੋਗਦਾਨਾ ਪਾਇਆ ਹੈ। ਬਨਾਰਸ ਹਿੰਦੂ ਯੂਨੀਵਰਸਿਟੀ ਇਸ ਦੀ ਉਘੜਵੀਂ ਮਿਸਾਲ ਹੈ। ਇਸ ਮੌਕੇ ਸਮੂਚੇ ਪੰਜਾਬ 'ਚੋਂ ਭਾਰਤੀਆ ਮਹਾਂਵੀਰ ਦਲ ਦੀਆਂ ਕਈ ਸ਼ਖਸੀਅਤਾਂ ਹਾਜ਼ਰ ਹੋਈਆਂ, ਜਿਨ੍ਹਾਂ ਵਿੱਚ ਮੋਹਨ ਲਾਲ ਪ੍ਰਧਾਨ ਗੋਬਿੰਦਗੜ੍ਹ, ਕਪਿਲ ਦੇਵ ਸ਼ਰਮਾ ਪ੍ਰਧਾਨ ਰੋਪੜ, ਕ੍ਰਿਸ਼ਨ ਕੁਮਾਰ ਗਰਗ ਪ੍ਰਧਾਨ ਬਠਿੰਡਾ, ਦੀਪਕ ਸਿੰਗਲਾ ਪ੍ਰਧਾਨ ਬਰਨਾਲਾ ਪ੍ਰਮੁੱਖ ਸਨ। ਇਸ ਮੌਕੇ ਭਾਰਤੀਆ ਮਹਾਂਵੀਰ ਦਲ ਦਾ ਪੁਨਰਗਠਨ ਕਰਦੇ ਹੋਏ ਧੂਰੀ ਸ਼ਾਖਾ ਦੇ ਪ੍ਰਧਾਨ ਰਮੇਸ਼ ਗਰਗ ਨੂੰ ਪੰਜਾਬ ਪੱਧਰ 'ਤੇ ਮੀਤ ਪ੍ਰਧਾਨ ਨਾਮਜ਼ਦ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਰਤ ਭੂਸ਼ਨ ਭਾਟੀਆ, ਮਨਜੀਤ ਸਿੰਘ ਬਖਸ਼ੀ ਸੇਵਾ ਮੁਕਤ ਡਿਪਟੀ ਡਾਇਰੈਕਟਰ ਲੋਕ ਸੰਪਰਕ ਵਿਭਾਗ, ਦੇਵ ਰਾਜ, ਪਵਨ ਕੁਮਾਰ, ਵਿਨੋਦ ਕੁਮਾਰ, ਰਾਜਿੰਦਰ ਪਾਲ, ਗੁਲਸਨ ਕੁਮਾਰ, ਹਰਦਵਾਰੀ ਧੀਰ, ਅਸ਼ੋਕ ਕੁਮਾਰ ਜਿੰਦਲ, ਹਰਗੋਪਾਲ ਗੋਇਲ, ਦਵਿੰਦਰ ਗੁਪਤਾ, ਹਰਜੀਤ ਢਿੱਲੋਂ, ਜਗਦੀਪ ਸ਼ਰਮਾ, ਪੰਕਜ ਮਹਿਰਾ, ਪ੍ਰਸ਼ੋਤਮ ਸ਼ਰਮਾ, ਅਕਾਸ਼ ਗਰਗ, ਪੁਸ਼ਕਰ ਸਿੰਗਲਾ, ਸੰਜੀਵ ਗੋਇਲ ਸਮੇਤ ਅਨੇਕਾਂ ਸ਼ਖਸੀਅਤਾਂ ਹਾਜ਼ਰ ਸਨ।

ਸਾਂਝਾ ਅਧਿਆਪਕ ਮੋਰਚਾ ਨੇ ਸਿੱਖਿਆ ਮੰਤਰੀ ਦਾ ਫੂਕਿਆ ਪੁਤਲਾ

ਜਲਾਲਾਬਾਦ (ਸੰਗੀਰ ਕੌਰ/ਜੀਤ ਕੁਮਾਰ)

ਅਧਿਆਪਕਾਂ ਦੇ ਚਿਰਾਂ ਤੋਂ ਲਟਕਦੇ ਮਸਲੇ ਹੱਲ ਨਾ ਕਰਨ ਤੇ ਅਧਿਆਪਕਾਂ ਦੀਆਂ ਤਰੱਕੀਆਂ ਸਮੇਂ ਸਾਰੇ ਸਕੂਲਾਂ ਦੇ ਖਾਲੀ ਸਟੇਸ਼ਨ ਨਾ ਦਿਖਾਉਣ ਦੇ ਰੋਸ ਵਜੋਂ ਸਾਂਝੇ ਅਧਿਆਪਕ ਮੋਰਚੇ ਵੱਲੋਂ ਇਥੇ ਤਹਿਸੀਲ ਕੰਪਲੈਕਸ ਵਿਖੇ ਪੰਜਾਬ ਦੇ ਸਿੱਖਿਆ ਮੰਤਰੀ ਦਾ ਪੁਤਲਾ ਫੂਕਿਆ ਗਿਆ। ਬੀਤੇ ਕੱਲ੍ਹ ਦੇਰ ਸ਼ਾਮ ਨੂੰ ਤਹਿਸੀਲ ਜਲਾਲਾਬਾਦ ਦੇ ਅਧਿਆਪਕ ਇਕੱਠੇ ਹੋਏ ਅਤੇ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੋਰਚੇ ਦੇ ਸੂਬਾ ਕਨਵੀਨਰ ਸੁਰਿੰਦਰ ਕੰਬੋਜ ਨੇ ਦੱਸਿਆ ਕਿ ਸਾਂਝਾ ਅਧਿਆਪਕ ਮੋਰਚਾ ਪੰਜਾਬ ਤੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੀ ਸਿੱਖਿਆ ਮੰਤਰੀ ਨਾਲ ਪੰਜਾਬ ਭਵਨ ਚੰਡੀਗੜ੍ਹ ਵਿਖੇ ਹੋਈ ਮੀਟਿੰਗ ਬੇਸਿੱਟਾ ਰਹੀ। ਮੋਰਚੇ ਵੱਲੋਂ 6 ਦਸੰਬਰ ਨੂੰ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ ਸੀ, ਜਿਸ ਦੇ ਸਿੱਟੇ ਵਜੋਂ ਸਿੱਖਿਆ ਮੰਤਰੀ ਵੱਲੋਂ ਮੀਟਿੰਗ ਦਾ ਸਮਾਂ ਦਿੱਤਾ ਗਿਆ ਸੀ। ਸਾਂਝਾ ਅਧਿਆਪਕ ਮੋਰਚਾ ਪੰਜਾਬ ਤੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਵੱਲੋਂ ਸਿੱਖਿਆ ਮੰਤਰੀ ਨਾਲ ਕੀਤੀ ਗਈ ਸਾਂਝੀ ਮੀਟਿੰਗ ਵਿੱਚ ਪੀ. ਟੀ. ਆਈਜ਼/ ਆਰਟ ਐਂਡ ਕਰਾਫਟ ਟੀਚਰਜ਼ ਆਦਿ ਸੀ. ਐਂਡ ਵੀ. ਅਧਿਆਪਕਾਂ ਦੇ ਪੇਅ ਸਕੇਲਾਂ ਸਬੰਧੀ ਵਿੱਤ ਵਿਭਾਗ ਵੱਲੋਂ ਜਾਰੀ ਤਰਕਹੀਣ ਸਪੀਕਿੰਗ ਆਰਡਰ ਤੁਰੰਤ ਰੱਦ ਕਰਨ ਸਬੰਧੀ ਮੰਗ ਜ਼ੋਰਦਾਰ ਢੰਗ ਨਾਲ ਰੱਖੀ ਗਈ, ਪਰ ਸਿੱਖਿਆ ਮੰਤਰੀ ਨੇ ਇਹ ਮਸਲਾ ਵਿੱਤ ਵਿਭਾਗ ਦੇ ਅਧਿਕਾਰ ਖੇਤਰ ਦਾ ਕਹਿ ਕੇ ਇਸ ਦਾ ਕੋਈ ਹੱਲ ਨਹੀਂ ਕੀਤਾ। ਇਸ ਉਪਰੰਤ ਮਿਡਲ ਤੇ ਘੱਟ ਗਿਣਤੀ ਬੱਚਿਆਂ ਵਾਲੇ ਸਕੂਲ ਬੰਦ ਕਰਨ ਲਈ ਬਜ਼ਿਦ ਸਿੱਖਿਆ ਮੰਤਰੀ ਵੱਲੋਂ ਨਿਯੁਕਤੀਆਂ ਤੇ ਤਰੱਕੀਆਂ ਵਿੱਚ ਸਾਰੇ ਸਕੂਲਾਂ ਦੀਆਂ ਖਾਲੀ ਪੋਸਟਾਂ ਦਿਖਾਉਣ ਤੋਂ ਇਨਕਾਰ ਕਰਨ 'ਤੇ ਅਧਿਆਪਕ ਆਗੂਆਂ ਵੱਲੋਂ ਸਖਤ ਵਿਰੋਧ ਕਰਦਿਆਂ ਪ੍ਰਾਇਮਰੀ ਸਕੂਲਾਂ ਵਿੱਚ ਜਮਾਤਵਾਰ ਤੇ ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਵਿਸ਼ਾਵਾਰ ਅਧਿਆਪਕਾਂ ਦੀ ਮੰਗ ਕੀਤੀ, ਜਿਸ ਉਪਰੰਤ ਸਿੱਖਿਆ ਮੰਤਰੀ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ ਜਾਰੀ ਰੱਖਣ ਦੀ ਹਦਾਇਤ ਕਰਕੇ ਮੀਟਿੰਗ ਛੱਡ ਦਿੱਤੀ ਗਈ। ਸਾਂਝਾ ਅਧਿਆਪਕ ਮੋਰਚਾ ਪੰਜਾਬ ਤੇ ਡੈਮੋਕ੍ਰੇ

25-Dec-PAG-8.qxd 12/24/2024 11:24 PM Page 1

ਗੁਰਦੁਆਰਾ ਸ੍ਰੀ ਰਣਜੀਤਗੜ੍ਹ ਸਾਹਿਬ ਤੋਂ ਨਿਹੰਗ ਸਿੰਘਾਂ ਸਜਾਇਆ ਮਹੱਲਾ

ਸ੍ਰੀ ਚਮਕੌਰ ਸਾਹਿਬ , (ਗੁਰਵਿੰਦਰਪਾਲ ਸਿੰਘ ਬੰਬੀ) ਗੁਰਦੁਆਰਾ ਸ੍ਰੀ ਰਣਜੀਤਗੜ੍ਹ ਸਾਹਿਬ ਚਮਕੌਰ ਸਾਹਿਬ ਤੋਂ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁੱਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਅਗਵਾਈ ਅਤੇ ਇਤਿਹਾਸਕ ਨਿਸ਼ਾਨ ਨਿਗਾਰਿਆਂ ਦੀ ਛਤਰ ਛਾਇਆ ਹੇਠ ਮਹੱਲੇ ਦੀ ਆਰੰਭਤਾ ਹੋਈ। ਇਸ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਰਣਜੀਤਗੜ੍ਹ ਛਾਉਣੀ ਬੁੱਢਾ ਦਲ ਵਿਖੇ ਆਖੰਡ ਪਾਠਾਂ ਦੇ ਭੋਗ ਨਿਹੰਗ ਸਿੰਘਾਂ ਦੀ ਚਲੀ ਆਉਦੀ ਮਰਯਾਦਾ ਅਨੁਸਾਰ ਪਾਏ ਗਏ। ਬੁੱਢਾ ਦਲ ਦੇ ਹੈੱਡ ਗ੍ਰੰਥੀ ਬਾਬਾ ਮੱਘਰ ਸਿੰਘ, ਬਾਬਾ ਜੋਗਾ ਸਿੰਘ ਕਰਨਾਲ , ਬਾਬਾ ਮਨਮੋਹਨ ਸਿੰਘ ਬਾਰਨ ਵਾਲਿਆਂ ਨੇ ਗੁਰਬਾਣੀ ਦਾ ਮਨੋਹਰ ਕੀਰਤਨ ਕੀਤਾ। ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ ਨੇ ਕਿਹਾ ਕਿ ਜਿਹੜੀ ਕੌਮ ਦੀ ਜਵਾਨੀ ਬਹਾਦਰ ਤੇ ਅਣਖੀਲੀ ਹੁੰਦੀ ਹੈ ਉਸ ਕੌਮ ਨੂੰ ਗੁਲਾਮ ਬਨਾਉਣ ਦੀ ਤਾਕਤ ਵੱਡੀ ਤੋਂ ਵੱਡੀ ਤਾਕਤਵਰ ਧਿਰ ਵੀ ਸਮਰੱਥ ਨਹੀਂ ਹੋ ਸਕਦੀ ਅਤੇ ਜਿਹੜੀ ਕੌਮ ਦੇ ਲੋਕ ਡਰਪੋਕ ਤੇ ਸੁਆਰਥੀ ਹੋਵਣ ਉਹ ਕੌਮ ਸਿਰ ਸੁੱਟ ਕੇ ਜਿਊਣ ਵਾਲੇ ਗੁਲਾਮਾਂ 'ਚ ਸ਼ਾਮਲ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਦਸਮ ਪਿਤਾ ਦੇ ਸਾਹਿਬਜ਼ਾਦਿਆਂ ਨੇ ਕੌਮ ਦੀ ਅਗਵਾਈ ਕਰਦਿਆਂ ਕੌਮ ਨੂੰ ਅਣਖ, ਦਲੇਰ ਅਤੇ ਨਿਰਭੈ ਹੋ ਕੇ ਜਿਊਣ ਦਾ ਮਾਰਗ ਦਿੱਤਾ , ਉਸ ਮਾਰਗ 'ਤੇ ਚੱਲਣ ਲਈ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਵਿਚਾਰ ਮਈ ਹੋਣਾ ਚਾਹੀਦਾ ਹੈ ।ਉਨ੍ਹਾਂ ਕਿਹਾ ਕਿ ਪੰਥ ਤੋਂ ਉਖੜ

ਕੇ ਕੌਮਾਂ ਦੁਸ਼ਵਾਰੀਆਂ ਦੇ ਰਾਹ ਪੈ ਜਾਦੀਆਂ ਹਨ ਪਰ ਸੱਚੇ ਮਾਰਗ ਚਲਦਿਆਂ ਗੁਰੂ ਆਪ ਅੰਗ ਸੰਗ ਸਹਾਈ ਹੁੰਦਾ ਹੈ। ਨਰਸਿੰਙਿਆਂ ਬੈਂਡ ਵਾਜਿਆਂ ਦੀ ਸ਼ਬਦੀ ਧੁਨਾਂ ਖਾਲਸਾਈ ਜੈਕਾਰਿਆਂ ਦੀ ਗੂੰਜ ਵਿੱਚ ਇਹ ਨਿਹੰਗ ਸਿੰਘਾਂ ਦਾ ਮਹੱਲਾ ਗੁਰਦੁਆਰਾ ਸ੍ਰੀ ਰਣਜੀਤਗੜ੍ਹ ਸਾਹਿਬ ਤੋਂ ਆਰੰਭ ਹੋ ਕੇ ਚਮਕੌਰ ਸਾਹਿਬ ਦੇ ਵੱਖ-ਵੱਖ ਬਜ਼ਾਰਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਤੋਂ ਸਟੇਡੀਅਮ ਦੇ ਗਰਾਊਂਡ ਵਿੱਚ ਪੁੱਜਾ, ਜਿੱਥੇ ਨਿਹੰਗ ਸਿੰਘਾਂ ਨੇ ਘੋੜਿਆਂ ਦੀਆਂ ਦੌੜਾਂ ਕਰਾਈਆਂ। ਮਹੱਲੇ ਵਿੱਚ ਨਿਹੰਗ ਸਿੰਘ ਦਲਾਂ ਦੇ ਮੁਖੀਆਂ ਤੇ ਵੱਡੀ ਗਿਣਤੀ ਵਿੱਚ ਨਿਹੰਗ ਸਿੰਘਾਂ ਦੀ ਫੌਜ ਨੇ ਤਿਆਰ ਬਰ ਤਿਆਰ ਸ਼ਸਤਰਧਾਰੀ ਹੋ ਕੇ ਸ਼ਮੂਲੀਅਤ ਕੀਤੀ। ਨਿਹੰਗ ਸਿੰਘਾਂ ਨੇ ਸੁੰਦਰ ਦੁਮਾਲਿਆਂ ਤੇ ਚੱਕਰ , ਖੰਡੇ, ਚੰਦ, ਗੁਰਜ, ਸ਼ਿੰਗਾਰ, ਬਾਗਨਖਾ ਸਜਾਈ, ਛੋਟੀਆਂ ਵੱਡੀਆਂ ਕਿਰਪਾਨਾਂ ਪਹਿਨੀ ਤੇ ਲੱਕ ਪਿਛੇ ਢਾਲਾਂ ਸਜਾਏ, ਹੱਥਾਂ ਵਿੱਚ ਨੇਜੇ, ਖੰਡੇ ਫੜੀ, ਨੀਲਿਆਂ ਕੇਸਰੀ ਬਾਣਿਆਂ ਵਿੱਚ ਜੰਗੀ ਮਾਹੌਲ

ਦਾ ਦ੍ਰਿਸ਼ ਪੇਸ਼ ਕਰ ਰਹੇ ਸਨ। ਉਪਰੰਤ ਨਿਹੰਗ ਸਿੰਘਾਂ ਨੇ ਗਤਕਾ, ਘੋੜ ਦੌੜ, ਨੇਜੇ ਨਾਲ ਕਿੱਲੇ ਪੁੱਟੇ ਅਤੇ ਇੱਕ ਤੋਂ ਦੋ, ਦੋ ਤੋਂ ਚਾਰ ਘੋੜਿਆਂ ਦੀ ਸਵਾਰੀ ਕਰਕੇ ਜੰਗੀ ਕਰਤੱਬ ਦਿਖਾਏ ਅਤੇ ਵੱਧ ਤੋਂ ਵੱਧ ਕਿੱਲੇ ਪੁੱਟਣ ਤੇ ਇਨਾਮ ਪ੍ਰਾਪਤ ਕੀਤੇ। ਗੱਤਕੇ ਦੇ ਖੁੱਲੇ ਪ੍ਰਦਰਸ਼ਨ ਰਾਹੀਂ ਨਿਹੰਗ ਸਿੰਘਾਂ ਨੇ ਗਤਕੇ ਦੇ ਜੌਹਰ ਵਿਖਾਏ। ਇਸ ਮੌਕੇ ਬਾਬਾ ਮੇਜਰ ਸਿੰਘ ਸੋਢੀ , ਬਾਬਾ ਨਾਗਰ ਸਿੰਘ, ਬਾਬਾ ਨੌਰੰਗ ਸਿੰਘ , ਬਾਬਾ ਨਿਰਵੈਰ ਸਿੰਘ, ਬਾਬਾ ਜਰਨੈਲ ਸਿੰਘ , ਬਾਬਾ ਇੰਦਰਜੀਤ ਸਿੰਘ, ਬਾਬਾ ਰਘੁਬੀਰ ਸਿੰਘ , ਬਾਬਾ ਮਹਿਤਾਬ ਸਿੰਘ, ਬਾਬਾ ਰਾਜਾ ਰਾਜ ਸਿੰਘ, ਬਾਬਾ ਇੰਦਰ ਸਿੰਘ, ਬਾਬਾ ਲਾਲ ਸਿੰਘ ਅਤੇ ਬਾਬਾ ਮਾਨ ਸਿੰਘ ਆਦਿ ਹਾਜਰ ਸਨ।

ਸਿੱਖਿਆ ਵਿਭਾਗ ਦੇ ਦਫਤਰੀ ਕਾਮਿਆਂ ਪੱਕਾ ਧਰਨਾ 26ਵੇਂ ਦਿਨ ਵੀ ਜਾਰੀ

ਜਲੰਧਰ(ਰਾਜੇਸ਼ ਥਾਪਾ) ਆਪਣੀਆਂ ਹੱਕੀ ਮੰਗਾਂ ਪੱਕਾ ਕਰਨ, ਤਨਖਾਹ ਕਟੋਤੀ ਬੰਦ ਕਰਨ ਨੂੰ ਲੈ ਕੇ ਹੜਤਾਲ 'ਤੇ ਚੱਲ ਰਹੇ ਸਿੱਖਿਆ ਵਿਭਾਗ ਦੇ ਦਫ਼ਤਰੀ ਕਰਮਚਾਰੀਆਂ ਨੇ ਵੱਡੇ ਐਕਸ਼ਨ ਦਾ ਐਲਾਨ ਕਰ ਦਿੱਤਾ ਹੈ।ਆਗੂਆਂ ਨੇ ਐਲਾਨ ਕੀਤਾ ਹੈ ਕਿ ਜੇਕਰ 26 ਦਸੰਬਰ ਨੂੰ ਵਿੱਤ ਮੰਤਰੀ ਹਰਪਾਲ ਚੀਮਾ ਦੀ ਪ੍ਰਧਾਨਗੀ ਹੇਠ ਹੋਣ ਵਾਲੀ ਮੀਟਿੰਗ ਵਿੱਚ ਰੈਗੂਲਰ ਤਨਖਾਹ ਕਟੋਤੀ ਸਮੇਤ ਬਾਕੀ ਸਾਰੀਆਂ ਮੰਗਾਂ ਦਾ ਠੋਸ ਹੱਲ ਨਾ ਹੋਇਆ ਅਤੇ ਸਰਕਾਰ ਨੇ ਮੁਲਾਜ਼ਮਾਂ ਨਾਲ ਕੁਝ ਜਬਰੀ ਕਰਨ ਦੀ ਕੋਸ਼ਿਸ਼ ਕੀਤੀ ਤਾਂ 26 ਦਸੰਬਰ ਨੂੰ ਚੰਡੀਗੜ੍ਹ ਵਿੱਚ ਗੁਪਤ ਐਕਸ਼ਨ ਕੀਤਾ ਜਾਵੇਗਾ ਅਤੇ ਸਰਕਾਰ ਦੀ ਪੋਲ ਖੋਲ੍ਹੀ ਜਾਵੇਗੀ ।ਆਗੂਆਂ ਨੇ ਕਿਹਾ 14 ਮਾਰਚ 2024 ਨੂੰ ਵਿੱਤ ਮੰਤਰੀ ਹਰਪਾਲ ਚੀਮਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਮੰਗਾਂ ਮੰਨਣ ਉਪਰੰਤ ਦਫ਼ਤਰੀ ਮੁਲਾਜ਼ਮਾਂ ਨੂੰ 8886 ਅਧਿਆਪਕਾਂ ਦੀ ਤਰਜ 'ਤੇ ਰੈਗੂਲਰ ਕਰਨ ਸਬੰਧੀ ਪੰਜਾਬ ਦੇ ਐਡਵੋਕੇਟ ਜਨਰਲ ਵੀ ਆਪਣੀ ਸਹਿਮਤੀ ਦੇ ਚੁੱਕੇ ਹਨ ਅਤੇ ਹੁਣ ਮੁਲਾਜ਼ਮਾਂ ਨੂੰ ਸਿੱਖਿਆ ਵਿਭਾਗ ਵਿੱਚ ਪੱਕੇ ਕਰਨ ਵਿੱਚ ਕੋਈ ਕਾਨੂੰਨੀ ਅੜਚਨ ਨਹੀਂ ਹੈ।ਆਗੂਆਂ ਨੇ ਕਿਹਾ ਕਿ ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ ਅਧਿਕਾਰੀਆਂ ਨੂੰ 15 ਦਿਨ ਦੇ ਅੰਦਰ ਅੰਦਰ ਰੈਗੂਲਰ

ਅਤੇ ਤਨਖਾਹ ਕਟੋਤੀ ਦਾ ਮਸਲਾ ਹੱਲ ਕਰਨ ਦੇ ਹੁਕਮ ਜਾਰੀ ਕੀਤੇ ਸਨ। ਪਰ ਵਿੱਤ ਮੰਤਰੀ ਦੇ ਹੁਕਮਾਂ ਨੂੰ ਵਿੱਤ ਵਿਭਾਗ ਅਤੇ ਪ੍ਰਸੋਨਲ ਵਿਭਾਗ ਦੇ ਅਧਿਕਾਰੀ ਅਣਗੋਲਿਆ ਕਰ ਰਹੇ ਹਨ।ਆਗੂਆਂ ਨੇ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਠੇਕਾ ਪ੍ਰਣਾਲੀ ਨੂੰ ਜੜ੍ਹੋਂ ਖ਼ਤਮ ਕਰਨ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਸਰਕਾਰ ਹੁਣ ਮਸਲੇ ਹੱਲ ਕਰਨ ਤੋਂ ਭੱਜਣ ਲੱਗੀ ਹੈ।ਸਿੱਖਿਆ ਵਿਭਾਗ ਦੇ ਦਫਤਰੀ ਕਾਮਿਆਂ ਦੀ ਪੂਰੇ ਪੰਜਾਬ ਦੇ ਦਫ਼ਤਰਾਂ ਵਿੱਚ ਕਲਮ ਛੋੜ ਹੜਤਾਲ 20ਵੇਂ ਦਿਨ ਵੀ ਜਾਰੀ ਰਹੀ ਅਤੇ ਸਿੱਖਿਆ ਭਵਨ ਦੇ ਬਾਹਰ ਪੱਕਾ ਧਰਨਾ ਅੱਜ 26ਵੇਂ ਦਿਨ ਵਿੱਚ ਦਾਖਿਲ ਹੋ ਗਿਆ। ਸਰਵ ਸਿੱਖਿਆ ਅਭਿਆਨ ਮਿਡ ਡੇ ਮੀਲ ਦਫਤਰੀ ਕਰਮਚਾਰੀ ਯੂਨੀਅਨ ਦੇ ਆਗੂ ਸ਼ੋਭਿਤ ਭਗਤ, ਗਗਨਦੀਪ ਸ਼ਰਮਾ, ਰਾਜੀਵ ਸ਼ਰਮਾ, ਸੁਖਰਾਜ, ਮਨਜੀਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਦੇ ਫੈਸਲੇ ਤੋਂ ਬਾਅਦ ਕੈਬਿਨਟ ਸਬ ਕਮੇਟੀ ਵੱਲੋਂ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਤਨਖਾਹ ਕਟੋਤੀ ਦੂਰ ਕਰਨ ਦੇ ਫੈਸਲੇ ਲੈ ਕੇ 4 ਵਾਰ ਅਧਿਕਾਰੀਆ ਨੂੰ ਆਦੇਸ਼ ਦਿੱਤੇ। ਪਰ ਸੂਬੇ ਦੀ ਅਫਸਰਸ਼ਾਹੀ ਨੇ ਮੁਲਾਜ਼ਮਾਂ ਦੇ ਮਸਲਿਆਂ 'ਤੇ ਕੋਈ ਕਾਰਵਾਈ ਨਹੀਂ ਕੀਤੀ।ਆਗੂਆਂ ਨੇ ਕਿਹਾ ਕਿ ਮੁਲਾਜ਼ਮ ਵਿਭਾਗ ਦੇ ਅਫਸਰਾਂ ਦੇ ਭਰੋਸੇ ਪਹਿਲਾਂ ਵੀ ਦੋ ਵਾਰ ਹੜਤਾਲ ਵਾਪਸ ਲੈ ਚੁੱਕੇ ਹਨ, ਪਰ ਹੜਤਾਲ ਵਾਪਸ ਲੈਣ ਉਪਰੰਤ ਵਿਭਾਗ ਮੁਲਾਜ਼ਮਾਂ ਦੀਆਂ ਮੰਗਾਂ 'ਤੇ ਫਿਰ ਚੁੱਪੀ ਵੱਟ ਲੈਂਦਾ ਹੈ।ਇਸ ਲਈ ਹੁਣ ਮੁਲਾਜ਼ਮ ਆਪਣੀਆ ਮੰਗਾਂ ਮੰਨਵਾ ਕੇ ਹੀ ਮੁੜਨਗੇ। ਜੇਕਰ ਸੰਰਘਸ਼ ਦੌਰਾਨ ਕੋਈ ਵੀ ਅਣਸੁਖਾਵੀਂ ਘਟਨਾ ਵਾਪਰਦੀ ਹੈ ਤਾਂ ਉਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੀ ਹੋਵੇਗੀ।

ਸਾਲਾਨਾ ਖੇਡਾਂ ਕਰਵਾਈਆਂ

ਬਲਾਚੌਰ (ਜਸਵਿੰਦਰ ਬੈਂਸ)-ਇਲਾਕੇ ਦੇ ਨਾਮਵਾਰ ਸਕੂਲ ਨਿਊ ਆਦਰਸ਼ ਸੀਨੀਅਰ ਸੈਕੰਡਰੀ ਸਕੂਲ, ਸੜੋਆ ਵਿਖੇ ਸਕੂਲ ਦੇ ਐੱਮ. ਡੀ. ਸੰਜੇ ਮਲਹੋਤਰਾ ਦੀ ਦੇਖ-ਰੇਖ ਹੇਠ ਪ੍ਰਿੰਸੀਪਲ ਸ੍ਰੀਮਤੀ ਗੀਤਿਕਾ ਚੰਦੇਲ ਦੀ ਅਗਵਾਈ ਵਿੱਚ ਪਿਛਲੇ ਦੋ ਦਿਨਾਂ ਤੋਂ ਸਾਲਾਨਾ ਖੇਡਾਂ ਹੋਈਆਂ। ਬੱਚਿਆਂ ਨੇ ਅਲੱਗ-ਅਲੱਗ ਖੇਡਾਂ ਵਿਚ ਬਹੁਤ ਉਤਸ਼ਾਹ ਨਾਲ ਭਾਗ ਲਿਆ।ਬੱਚਿਆਂ ਲਈ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਬੱਚਿਆਂ ਨੂੰ ਮੈਡਲ ਅਤੇ ਟਰਾਫੀਆਂ ਦਿੱਤੀਆਂ ਗਈਆਂ।ਬੱਚਿਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿਚ ਵੀ ਭਾਗ ਲੈਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ 'ਤੇ ਸਮੂਹ ਸਟਾਫ ਮੌਜੂਦ ਸੀ।

ਵਿਸ਼ਵ ਸਿਹਤ ਸੰਗਠਨ ਵੱਲੋਂ 100 ਦਿਨਾ ਟੀ ਬੀ ਮੁਕਤੀ ਅਭਿਆਨ ਲਈ ਵਿਸ਼ੇਸ਼ ਟ੍ਰੇਨਿੰਗ

ਫਿਲੌਰ, (ਨਿਰਮਲ)-ਸਿਵਲ ਸਰਜਨ ਜਲੰਧਰ ਡਾ ਗੁਰਮੀਤ ਲਾਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਟੀ.ਬੀ. (ਤਪੇਦਿਕ) ਦੀ ਬਿਮਾਰੀ ਤੋਂ ਮੁਕਤ ਹੋਣ ਕਰਨ ਲਈ ਵਿਸ਼ਵ ਸਿਹਤ ਸੰਗਠਨ ਨੇ 100 ਦਿਨਾ ਟੀ.ਬੀ. ਮੁਕਤੀ ਮੁਹਿੰਮ ਤਹਿਤ ਸਿਹਤ ਕਾਮਿਆਂ ਲਈ ਵਿਸ਼ੇਸ਼ ਟ੍ਰੇਨਿੰਗ ਪ੍ਰੋਗਰਾਮ ਦਾ ਆਯੋਜਨ ਕੀਤਾ। ਇਸ ਟ੍ਰੇਨਿੰਗ ਦਾ ਮੁੱਖ ਉਦੇਸ਼ ਸਿਹਤ ਕਰਮਚਾਰੀਆਂ ਨੂੰ ਟੀ.ਬੀ. ਦੀ ਪਛਾਣ, ਇਲਾਜ ਅਤੇ ਰੋਕਥਾਮ ਲਈ ਜਾਣਕਾਰੀ ਅਤੇ ਤਕਨਾਲੋਜੀ ਨਾਲ ਲੈਸ ਕਰਨਾ ਹੈ। ਸੀਨੀਅਰ ਮੈਡੀਕਲ ਅਫਸਰ ਅਮਿਤਾ ਲੂਨਾ ਨੇ ਦੱਸਿਆ ਕਿ ਇਸ ਟ੍ਰੇਨਿੰਗ ਵਿੱਚ ਬੜਾ ਪਿੰਡ ਅਤੇ ਬਿਲਗਾ ਬਲਾਕ ਦੇ ਸਿਹਤ ਕਾਮਿਆਂ ਨੂੰ ਟੀ.ਬੀ. ਦੇ ਇਲਾਜ ਸਬੰਧੀ ਪ੍ਰੋਟੋਕੋਲ, ਦਵਾਈਆਂ ਦੇ ਸਹੀ ਉਪਯੋਗ ਅਤੇ ਮਰੀਜਾਂ ਦੀ ਕਾਉਂਸਿਲ ਬਾਰੇ ਸਿਖਾਇਆ ਗਿਆ। ਵਿਸ਼ਵ ਸਿਹਤ ਸੰਗਠਨ ਤੋਂ ਰਾਸਟਰੀ ਟੀ ਬੀ ਮੁਕਤ ਪ੍ਰੋਗਰਾਮ ਦੇ ਕੰਸਲਟੈਂਟ ਡਾ ਪ੍ਰਭਦੀਪ ਨੇ ਕਿਹਾ ਕਿ ਟੀ.ਬੀ. ਦੇ ਖਾਤਮੇ ਲਈ ਸਾਡੇ ਸਿਹਤ ਕਰਮਚਾਰੀਆਂ ਨੂੰ ਸਹੀ ਤਕਨੀਕੀ ਜਾਨਕਾਰੀ ਪ੍ਰਦਾਨ ਕਰਨਾ ਬਹੁਤ ਜਰੂਰੀ ਹੈ। ਇਹ ਮੁਹਿੰਮ ਟੀ.ਬੀ. ਪੀੜਤਾਂ ਦੇ ਸੁਰੱਖਿਅਤ ਅਤੇ ਸਹੀ ਇਲਾਜ ਲਈ ਜਮੀਨੀ ਪੱਧਰ 'ਤੇ ਬੇਹਤਰੀ ਲਿਆਣ ਵਿੱਚ ਸਹਾਈ ਹੋਵੇਗੀ। ਇਸ ਟ੍ਰੇਨਿੰਗ ਵਿੱਚ ਲੋਕਾਂ ਨੂੰ ਵੀ ਅਪੀਲ ਕੀਤੀ ਗਈ ਹੈ ਕਿ ਉਹ ਟੀ.ਬੀ. ਦੇ ਲੱਛਣਾਂ ਨੂੰ ਗੰਭੀਰਤਾ ਨਾਲ ਲੈਣ ਅਤੇ ਨੇੜਲੇ ਸਿਹਤ ਕੇਂਦਰ ਵਿੱਚ ਟੈਸਟ ਜਰੂਰ ਕਰਵਾਉਣ। ਇਸ ਮੌਕੇ 'ਤੇ ਮੈਡੀਕਲ ਅਫਸਰ ਡਾ ਮਮਤਾ ਗੌਤਮ, ਬਲਾਕ ਐਕਸਟੈਨਸਨ ਐਜੂਕੇਟਰ ਪ੍ਰੀਤਇੰਦਰ ਸਿੰਘ, ਟੀ ਬੀ ਸੁਪਰਵਾਈਜ਼ਰ ਆਸੀਮ ਅਤੇ ਸਮੂਹ ਸਟਾਫ ਹਾਜ਼ਰ ਸੀ।

ਰੈਪਿਡ ਐਕਸ਼ਨ ਪਲਟੂਨ 194 ਦੇ ਸਹਾਇਕ ਕਮਾਂਡੈਂਟ ਵੱਲੋਂ ਡਿਪਟੀ ਕਮਿਸ਼ਨਰ ਨਾਲ ਮੁਲਾਕਾਤ

ਸਾਹਿਬਜਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)– ਰੈਪਿਡ ਐਕਸ਼ਨ ਪਲਟੂਨ 194 ਦੇ ਸਹਾਇਕ ਕਮਾਂਡੈਂਟ ਪ੍ਰਹਿਲਾਦ ਰਾਮ ਵੱਲੋਂ ਪ੍ਰਬੰਧਕੀ ਕੰਪਲੈਕਸ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਡਿਪਟੀ ਕਮਿਸ਼ਨਰ, ਸ੍ਰੀਮਤੀ ਆਸ਼ਿਕਾ ਜੈਨ ਨਾਲ ਮੁਲਾਕਾਤ ਦੌਰਾਨ ਦੱਸਿਆ ਕਿ ਗ੍ਰਹਿ ਮੰਤਰਾਲਾ, ਭਾਰਤ ਸਰਕਾਰ ਅਤੇ ਕਿਸ਼ੋਰ ਕੁਮਾਰ ਕਮਾਂਡੈਂਟ 194 ਬਟਾਲੀਅਨ ਦੇ ਦਿਸ਼ਾ-ਨਿਰਦੇਸ਼ ਤਹਿਤ 194 ਬਟਾਲੀਅਨ ਦੀਆਂ 30 ਜਵਾਨਾਂ ਦੀਆਂ 2 ਟੀਮਾਂ ਐੱਸ.ਏ.ਐਸ.ਨਗਰ ਵਿਖੇ ਇੱਕ ਹਫਤੇ ਦੀ ਜਾਣ-ਪਛਾਣ ਅਭਿਆਸ ਲਈ ਪੁੱਜ ਚੁੱਕੀਆਂ ਹਨ। ਇਸ ਅਭਿਆਸ ਦੇ ਹਿੱਸੇ ਵਜੋਂ, ਸ੍ਰੀਮਤੀ ਆਸ਼ਿਕਾ ਜੈਨ, ਆਈ.ਏ.ਐਸ., ਡਿਪਟੀ ਕਮਿਸ਼ਨਰ ਅਤੇ ਹਰਿਦਰ ਸਿੰਘ ਮਾਨ ਪੁਲਿਸ ਸੁਪਰਡੈਂਟ, ਹੈੱਡਕੁਆਰਟਰ ਨਾਲ ਮੁਲਾਕਾਤ ਕੀਤੀ ਅਤੇ ਅਭਿਆਸ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ। ਸਹਾਇਕ ਕਮਾਂਡੈਂਟ ਨੇ ਦੱਸਿਆ ਕਿ ਇਸ ਅਭਿਆਸ ਦਾ ਉਦੇਸ਼ ਜ਼ਿਲ੍ਹੇ ਬਾਰੇ ਪੂਰੀ ਜਾਣਕਾਰੀ ਪ੍ਰਾਪਤ ਕਰਨਾ, ਇਲਾਕੇ ਤੋਂ ਜਾਣੂ ਹੋਣਾ, ਸਥਾਨਕ ਪੁਲਸ ਅਤੇ ਆਮ ਲੋਕਾਂ ਨਾਲ ਤਾਲਮੇਲ ਬਣਾਉਣਾ ਹੈ ਤਾਂ ਜੋ ਭਵਿੱਖ ਵਿੱਚ ਜੇਕਰ ਰੈਪਿਡ ਐਕਸ਼ਨ ਫੋਰਸ ਨੂੰ ਬੁਲਾਇਆ ਜਾਵੇ ਜਾਂ ਆਉਣਾ ਪਵੇ ਤਾਂ ਉਹ ਆਪਣੀ ਡਿਊਟੀ ਸਮੇਂ ਸਿਰ ਅਤੇ ਆਸਾਨੀ ਨਾਲ ਕਰ ਸਕਣ। ਇਸੇ ਤਹਿਤ ਟੀਮ ਨੇ ਥਾਣਾ ਸਿਟੀ, ਖਰੜ ਅਤੇ ਥਾਣਾ ਸਦਰ, ਖਰੜ ਵਿੱਚ ਅਭਿਆਸ ਕੀਤਾ ਅਤੇ ਥਾਣਾ ਸਦਰ ਦੇ ਖੇਤਰਾਂ ਵਿੱਚ ਫਲੈਗ ਮਾਰਚ ਕੱਢਿਆ। ਇਸ ਅਭਿਆਸ ਦੌਰਾਨ ਰੈਪਿਡ ਐਕਸ਼ਨ ਫੋਰਸ ਦੇ ਜਵਾਨ ਅਤੇ ਸਥਾਨਕ ਪੁਲਸ ਕਰਮਚਾਰੀ ਮੌਜੂਦ ਸਨ

ਚੱਕ ਰਾਮੂੰ ਦਾ ਕਬੱਡੀ ਕੱਪ ਵੇਅ ਆਫ ਪੈਲੰਟੀ ਨਿਊਜ਼ੀਲੈਂਡ ਨੇ ਜਿੱਤਿਆ

ਬੰਗਾ (ਅਵਤਾਰ ਕਲੇਰ) ਯੰਗ ਸਪੋਰਟਸ ਕਲੱਬ ਚੱਕ ਰਾਮੂੰ, ਗ੍ਰਾਮ ਪੰਚਾਇਤ,ਐਨਆਰਆਈ ਵੀਰਾਂ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਾਲਾਨਾ ਤੀਸਰਾ ਕਬੱਡੀ ਕੱਪ ਟੂਰਨਾਮੈਂਟ ਚੱਕ ਰਾਮੂੰ ਵਿਖੇ ਕਰਵਾਇਆ ਗਿਆ। 6 ਨਾਮੀ ਅਕੈਡਮੀਆਂ ਅਤੇ 6 ਨਾਮੀ ਕਲੱਬਾਂ ਦੇ ਖਿਡਾਰੀਆਂ ਵਿਚਕਾਰ ਕਬੱਡੀ ਦੇ ਬਹੁਤ ਹੀ ਫਸਵੇਂ ਮੁਕਾਬਲੇ ਹੋਏ।ਕਲੱਬਾਂ ਦੇ ਮੈਚਾਂ ਵਿੱਚ ਪਹਿਲਾ ਇਨਾਮ ਟਾਈਗਰ ਕਬੱਡੀ ਕਲੱਬ ਫਗਵਾੜਾ ਨੇ ਜਿੱਤਿਆ। ਦੂਸਰਾ ਸਥਾਨ ਵੇ ਆਫ ਪੈਲੰਟੀ ਨਿਊਜ਼ੀਲੈਂਡ ਨੇ ਪ੍ਰਾਪਤ ਕੀਤਾ। ਪਹਿਲੇ ਅਤੇ ਦੂਜੇ ਸਥਾਨ 'ਤੇ ਆਉਣ ਵਾਲੀਆਂ ਟੀਮਾਂ ਨੂੰ ਕ੍ਰਮਵਾਰ 51 ਹਜ਼ਾਰ ਰੁਪਏ ਤੇ 41 ਹਜ਼ਾਰ ਰੁਪਏ ਤੇ ਟਰਾਫੀ ਨਾਲ ਸਨਮਾਨਿਤ ਕੀਤਾ ਗਿਆ।ਅਕੈਡਮੀਆਂ ਦੇ ਮੈਚਾਂ 'ਚ ਪਹਿਲਾ ਸਥਾਨ ਵੇਅ ਆਫ ਪੈਲੰਟੀ ਨਿਊਜ਼ੀਲੈਂਡ ਦੀ ਟੀਮ ਨੇ ਪ੍ਰਾਪਤ ਕੀਤ,ਾ ਜਿਸ ਨੂੰ ਇਕ ਲੱਖ ਇਕਵੰਜਾ ਹਜ਼ਾਰ ਰੁਪਏ ਤੇ ਟਰਾਫੀ ਨਾਲ ਸਨਮਾਨਿਤ ਕੀਤਾ ਗਿਆ।ਦੂਸਰਾ ਸਥਾਨ ਸ਼ਹੀਦ ਭਗਤ ਸਿੰਘ ਕਬੱਡੀ ਕਲੱਬ ਸਰਕਾਰਾਂ

25-Dec-PAGE-9--Doaba-24.qxd 12/24/2024 11:32 PM Page 1

ਸੰਵਿਧਾਨ ਨੂੰ ਖਤਰੇ 'ਚ ਦੱਸਣ ਵਾਲੀ ਕਾਂਗਰਸ ਅੱਜ ਖੁਦ ਖਤਰੇ 'ਚ : ਨਾਇਬ ਸਿੰਘ ਸੈਣੀ

ਚੰਡੀਗੜ੍ਹ, (ਕ੍ਰਿਸ਼ਨ ਗਰਗ) : ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਜ਼ਿਲ੍ਹਾ ਕਰਨਾਲ ਦੇ ਇੰਦਰੀ ਵਿਧਾਨ ਸਭਾ ਖੇਤਰ ਵਿਚ ਪ੍ਰਬੰਧਿਤ ਧੰਨਵਾਦ ਪ੍ਰੋਗ੍ਰਾਮ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਕਿ ਸੂਬੇ ਦੀ ਜਨਤਾ ਨੇ ਭਾਜਪਾ ਸਰਕਾਰ ਦੀ ਨੀਤੀਆਂ 'ਤੇ ਭਰੋਸਾ ਜਤਾ ਕੇ ਹਰਿਆਣਾ ਵਿਚ ਲਗਾਤਾਰ ਤੀਜੀ ਵਾਰ ਭਾਜਪਾ ਸਰਕਾਰ ਬਣਾ ਕੇ ਜਨ ਵਿਰੋਧੀ ਤਾਕਤਾਂ ਨੂੰ ਹਰਾਉਣ ਦਾ ਕੰਮ ਕੀਤਾ ਹੈ। ਜਨਤਾ ਨੇ ਉਨ੍ਹਾਂ ਤਾਕਤਾਂ ਨੂੰ ਕਰਾਰਾ ਜਵਾਬ ਦੇਣ ਦਾ ਕੰਮ ਕੀਤਾ ਹੈ ਜੋ ਸੰਵਿਧਾਨ ਨੂੰ ਖਤਰਾ ਬਣਾ ਕੇ ਆਪਣੀ ਰਾਜਨੀਤਿਕ ਰੋਟੀਆਂ ਸੇਕਣ ਦਾ ਕੰਮ ਕਰ ਰਹੀ ਸੀ। ਕਾਂਗਰਸ ਬੋਲਦੀ ਸੀ ਕਿ ਸੰਵਿਧਾਨ ਨੂੰ ਖਤਰਾ ਹੈ, ਜਦੋਂ ਕਿ ਸਚਾਈ ਇਹ ਹੈ ਕਿ ਸੰਵਿਧਾਨ ਨੂੰ ਕੋਈ ਖਤਰਾ ਨਹੀਂ ਹੈ, ਖਤਰਾ ਤਾਂ ਕਾਂਗਰਸ ਨੂੰ ਹੈ। ਦੇਸ਼ ਦੀ ਜਨਤਾ ਨੇ ਕਾਂਗਰਸ ਨੂੰ ਨਕਾਰ ਦਿੱਤਾ ਹੈ। ਮੁੱਖ ਮੰਤਰੀ ਨੇ ਕਾਂਗਰਸ 'ਤੇ ਕਟਾਕਸ਼ ਕਰਦੇ ਹੋਏ ਕਿਹਾ ਕਿ ਕਾਂਗਰਸ ਦੇ ਨੇਤਾ ਚੋਣਾਂ ਦੌਰਾਨ ਬੋਲਦੇ ਸਨ ਕਿ 50 ਵੋਟ ਸਾਨੂੰ ਦੇ ਦਿਓ ਇਕ ਨੌਕਰੀ ਦੇਣ ਦਾ ਕੰਮ ਕਰਾਂਗੇ, ਪਰ ਸੂਬੇ ਦੀ ਜਨਤਾ ਨੇ ਅਜਿਹੀ ਸੋਚ ਨੂੰ ਹਰਾਉਣ ਦਾ ਕੰਮ ਕੀਤਾ ਹੈ। ਜਨਤਾ ਨੇ ਚੋਣਾਂ ਤੋਂ ਪਹਿਲਾਂ ਹੀ ਨੌਕਰੀਆਂ ਵਿਚ ਬੰਦਰਬਾਂਟ ਕਰਨ ਦਾ ਐਲਾਨ ਕਰਨ ਵਾਲੇ ਲੋਕਾਂ ਨੂੰ ਬਾਹਰ ਦਾ ਰਸਤਾ ਦਿਖਾਇਆ ਹੈ।ਉਨ੍ਹਾਂ ਨੇ ਕਿਹਾ ਕਿ ਹਰਿਆਣਾ ਦੀ ਜਨਤਾ ਨੇ ਭਾਜਪਾ ਸਰਕਾਰ ਬਣਾ ਕੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਸਾਲ 2047 ਤੱਕ ਭਾਰਤ ਨੂੰ ਵਿਕਸਿਤ ਰਾਸ਼ਟਰ ਬਨਾਉਣ, ਅੰਤੋਂਦੇਯ ਦਰਸ਼ਨ ਦੇ ਅਨੁਰੂਪ ਸੱਭ ਤੋਂ ਪਹਿਲਾਂ ਸੱਭਤੋਂ ਗਰੀਬ ਦੇ ਉਥਾਨ ਦੀ ਨੀਤੀ, ਸੱਭਕਾ ਸਾਥ-ਸੱਭਕਾ ਵਿਕਾਸ ਅਤੇ ਹਰਿਆਣਾ ਏਕ-ਹਰਿਆਣਵੀਂ ਏਕ ਦੀ ਭਾਵਨਾ ਨਾਲ ਜਨਭਲਾਈ ਦੀ ਨੀਤੀਆਂ ਨੂੰ ਜਤਾਉਣ ਦਾ ਕੰਮ ਕੀਤਾ ਹੈ।ਉਨ੍ਹਾਂ ਨੇ ਕਿਹਾ ਕਿ ਸਾਡੀ ਸਰਕਾਰ ਨੇ ਬਿਨਾ ਪਰਚੀ-ਬਿਨਾ ਖਰਚੀ ਦੇ ਹਰਿਆਣਾ ਦੇ ਲੱਖਾਂ ਨੌਜੁਆਨਾਂ ਨੂੰ ਸਰਕਾਰੀ ਨੌਕਰੀਆਂ ਦੇਣ ਦਾ ਕੰਮ ਕੀਤਾ ਹੈ। ਉਨ੍ਹਾਂ ਨੇ ਕਿਹਾ ਕਿ ਜਿਸ ਤਰ੍ਹਾ ਪਿਛਲੇ 10 ਸਾਲਾਂ ਵਿਚ ਅਸੀਂ ਹਰਿਆਣਾ ਦੇ ਵਿਕਾਸ ਲਈ ਕੰਮ ਕੀਤਾ ਹੈ, ਤੀਜੇ ਕਾਰਜਕਾਲ ਵਿਚ ਵੀ ਸਾਡੀ ਸਰਕਾਰ ਤਿੰਨ ਗੁਣਾ ਵੱਧ ਗਤੀ ਨਾਲ ਵਿਕਾਸ ਕੰਮ ਕਰੇਗੀ। ਉਨ੍ਹਾਂ ਨੇ ਕਿਹਾ ਕਿ ਇਹ ਰੈਲੀ ਇੰਦਰੀ ਦੇ ਵਿਕਾਸ ਨੂੰ ਇਕ ਨਵੀਂ ਗਤੀ, ਨਵੀ ਦਿਸ਼ਾ ਦੇਣ ਦਾ ਕੰਮ ਕਰੇਗੀ। ਇਸ ਮੌਕੇ 'ਤੇ ਵਿਧਾਇਕ ਰਾਮ ਕੁਮਾਰ ਕਸ਼ਯਪ ਨੇ ਮੁੱਖ ਮੰਤਰੀ ਦਾ ਸਵਾਗਤ ਕੀਤਾ ।

ਅਧਿਆਪਕਾਂ ਦੀਆਂ ਮੰਗਾਂ ਨਾ ਮੰਨਣ 'ਤੇ ਸਿੱਖਿਆ ਮੰਤਰੀ ਦੀ ਅਰਥੀ ਫੂਕ ਕੇ ਕੀਤਾ ਪ੍ਰਦਰਸ਼ਨ

ਜਲੰਧਰ (ਰਾਜੇਸ਼ ਥਾਪਾ) ਸਾਂਝਾ ਅਧਿਆਪਕ ਮੋਰਚਾ ਪੰਜਾਬ ਤੇ ਅਤੇ ਡੈਮੋਕਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਸੱਦੇ ਤੇ ਸਿੱਖਿਆ ਮੰਤਰੀ ਦੇ ਅੜੀਅਲ ਵਤੀਰੇ ਤੇ ਅਧਿਆਪਕਾਂ ਦੀਆਂ ਮੰਗਾ ਨਾ ਮੰਨਣ 'ਤੇ ਅਰਥੀ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਸਾਂਝਾ ਅਧਿਆਪਕ ਮੋਰਚਾ ਜ਼ਿਲ੍ਹਾ ਜਲੰਧਰ ਦੇ ਕਨਵੀਨਰ ਕਰਨੈਲ ਫਿਲੌਰ, ਨਵਪ੍ਰੀਤ ਬੱਲੀ, ਗੁਰਮੀਤ ਕੋਟਲੀ ਨੇ ਕਿਹਾ ਬੀਤੇ ਦਿਨੀਂ ਸਿੱਖਿਆ ਮੰਤਰੀ ਨਾਲ ਪੰਜਾਬ ਭਵਨ ਚੰਡੀਗੜ੍ਹ ਵਿਖੇ ਅੜੀਅਲ ਵਤੀਰੇ ਕਾਰਨ ਮੀਟਿੰਗ ਬੇਸਿੱਟਾ ਰਹੀ।ਆਗੂਆਂ ਨੇ ਦੱਸਿਆ ਕਿ ਅਧਿਆਪਕਾਂ ਦੇ ਚਿਰਾਂ ਤੋਂ ਲਟਕਦੇ ਮਸਲੇ ਹੱਲ ਨਾ ਕਰਨ ਅਤੇ ਅਧਿਆਪਕਾਂ ਦੀਆਂ ਤਰੱਕੀਆਂ ਸਮੇਂ ਸਾਰੇ ਸਕੂਲਾਂ ਦੇ ਖਾਲੀ ਸਟੇਸ਼ਨ ਨਾ ਦਿਖਾਉਣ ਦੇ ਰੋਸ ਵਜੋਂ ਸਾਂਝੇ ਅਧਿਆਪਕ ਮੋਰਚੇ ਵੱਲੋਂ 6 ਦਸੰਬਰ ਨੂੰ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ ਸੀ। ਜਿਸ ਦੇ ਸਿੱਟੇ ਵਜੋਂ ਸਿੱਖਿਆ ਮੰਤਰੀ ਵੱਲੋਂ ਮੀਟਿੰਗ ਦਾ ਸਮਾਂ ਦਿੱਤਾ ਗਿਆ ਸੀ। ਸਾਂਝਾ ਅਧਿਆਪਕ ਮੋਰਚਾ ਪੰਜਾਬ ਅਤੇ ਡੈਮੋਕਰੇਟਿਕ ਟੀਚਰਜ਼ ਫਰੰਟ ਪੰਜਾਬ ਵੱਲੋਂ ਸਿੱਖਿਆ ਮੰਤਰੀ ਨਾਲ ਕੀਤੀ ਗਈ ਸਾਂਝੀ ਮੀਟਿੰਗ ਵਿੱਚ ਪੀ. ਟੀ. ਆਈਜ਼ / ਆਰਟ ਐਂਡ ਕਰਾਫਟ ਟੀਚਰਜ਼ ਆਦਿ ਸੀ. ਐਂਡ ਵੀ. ਅਧਿਆਪਕਾਂ ਦੇ ਪੇਅ ਸਕੇਲਾਂ ਸਬੰਧੀ ਵਿੱਤ ਵਿਭਾਗ ਵਲੋਂ ਜਾਰੀ ਤਰਕਹੀਣ ਸਪੀਕਿੰਗ ਆਰਡਰ ਤੁਰੰਤ ਰੱਦ ਕਰਨ, ਤੇ ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਰੈਗੂਲਰ ਕਰਨ, ਪ੍ਰਮੋਟ ਅਧਿਆਪਕਾਂ ਨੂੰ ਸਟੇਸ਼ਨ ਨੇੜੇ ਦੇਣ ਤੇ ਰਹਿੰਦੀਆਂ ਤਰੱਕੀਆਂ ਕਰਨ ਸਬੰਧੀ ਮੰਗ ਜੋਰਦਾਰ ਢੰਗ ਨਾਲ ਰੱਖੀ ਗਈ, ਪਰ ਸਿੱਖਿਆ ਮੰਤਰੀ ਨੇ ਇਹ ਮਸਲਾ ਵਿੱਤ ਵਿਭਾਗ ਦੇ ਅਧਿਕਾਰ ਖੇਤਰ ਦਾ ਕਹਿ ਕੇ ਇਸ ਦਾ ਕੋਈ ਹੱਲ ਨਹੀਂ ਕੀਤਾ। ਇਸ ਉਪਰੰਤ ਮਿਡਲ ਅਤੇ ਘੱਟ ਗਿਣਤੀ ਬੱਚਿਆਂ ਵਾਲੇ ਸਕੂਲ ਬੰਦ ਕਰਨ ਲਈ ਬਜਿਦ ਸਿੱਖਿਆ ਮੰਤਰੀ ਵਲੋਂ ਨਿਯੁਕਤੀਆਂ ਅਤੇ ਤਰੱਕੀਆਂ ਵਿੱਚ ਸਾਰੇ ਸਕੂਲਾਂ ਦੀਆਂ ਖਾਲੀ ਪੋਸਟਾਂ ਦਿਖਾਉਣ ਤੋਂ ਇਨਕਾਰ ਕਰਨ 'ਤੇ ਅਧਿਆਪਕ ਆਗੂਆਂ ਵਲੋਂ ਸਖਤ ਵਿਰੋਧ ਕਰਦਿਆਂ ਪ੍ਰਾਇਮਰੀ ਸਕੂਲਾਂ ਵਿੱਚ ਜਮਾਤਵਾਰ ਅਤੇ ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਵਿਸ਼ਾਵਾਰ ਅਧਿਆਪਕਾਂ ਦੀ ਮੰਗ ਕੀਤੀ। ਜਿਸ ਉਪਰੰਤ ਸਿੱਖਿਆ ਮੰਤਰੀ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ ਜਾਰੀ ਰੱਖਣ ਦੀ ਹਦਾਇਤ ਕਰਕੇ ਮੀਟਿੰਗ ਛੱਡ ਦਿੱਤੀ ਗਈ। ਅਧਿਆਪਕ ਆਗੂਆਂ ਵੱਲੋਂ ਸਿੱਖਿਆ ਮੰਤਰੀ ਨਾਲ ਕੀਤੀ ਜਾ ਰਹੀ ਮੀਟਿੰਗ ਅਧਿਕਾਰੀਆਂ ਨਾਲ ਜਾਰੀ ਰੱਖਣ ਤੋਂ ਇਨਕਾਰ ਕਰਕੇ ਵਾਕਆਊਟ ਕੀਤਾ ਗਿਆ।

ਸਾਂਝਾ ਅਧਿਆਪਕ ਮੋਰਚਾ ਸਾਂਝੀ ਮੀਟਿੰਗ ਵਿੱਚ ਸਿੱਖਿਆ ਮੰਤਰੀ ਵੱਲੋਂ ਮਿਡਲ ਅਤੇ ਘੱਟ ਗਿਣਤੀ ਬੱਚਿਆਂ ਵਾਲੇ ਸਕੂਲਾਂ ਨੂੰ ਬੰਦ ਕਰਨ, ਤਰੱਕੀਆਂ ਅਤੇ ਨਿਯੁਕਤੀਆਂ ਸਮੇਂ ਸਮੁੱਚੇ ਸਕੂਲਾਂ ਦੀਆਂ ਖਾਲੀ ਪੋਸਟਾਂ ਦਿਖਾਉਣ ਤੋਂ ਇਨਕਾਰ ਕਰਨ ਅਤੇ ਅਧਿਆਪਕਾਂ ਦੇ ਚਿਰਾਂ ਤੋਂ ਲਟਕਦੇ ਮਸਲਿਆਂ ਸਬੰਧੀ ਸੰਜੀਦਾ ਨਾ ਹੋਣ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਗਿਆ ਕਿ ਅਗਰ ਅਧਿਆਪਕਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਵੱਡਾ ਅੰਦੋਲਨ ਕੀਤਾ ਜਾਵੇਗਾ।ਇਸ ਸਮੇਂ ਸੁਖਵਿੰਦਰ ਸਿੰਘ ਮੱਕੜ , ਕੰਵਲਜੀਤ ਸੰਗੋਵਾਲ, ਹਰਮੰਗਤ ਸਿੰਘ, ਬਲਜੀਤ ਸਿੰਘ ਕੁਲਾਰ, ਰਸ਼ਮਿੰਦਰ ਸੋਨੂੰ, ਹਰਮਨਜੋਤ ਸਿੰਘ ਵਾਲੀਆ, ਸੁਖਵਿੰਦਰਪ੍ਰੀਤ ਸਿੰਘ, ਰਮਨ ਕੁਮਾਰ, ਅੰਮ੍ਰਿਤਪਾਲ ਸਿੰਘ, ਅਮਨਦੀਪ ਸਿੰਘ, ਬਲਵਿੰਦਰ ਸਿੰਘ, ਅਸ਼ੋਕ ਕੁਮਾਰ, ਜਸਵੀਰ ਸਿੰਘ, ਵਿਜੇ ਕੁਮਾਰ, ਸੰਦੀਪ ਕੰਬੋਜ਼, ਅਮਨਦੀਪ ਸਿੰਘ, ਗੌਰਵ ਕੁਮਾਰ, ਮਨਜਿੰਦਰ ਸਿੰਘ, ਪੰਕਜ ਕੁਮਾਰ, ਰਣਜੀਤ ਠਾਕੁਰ, ਵਿਨੋਦ ਭੱਟੀ, ਵੇਦ ਰਾਜ, ਲੇਖ ਰਾਜ, ਜਤਿੰਦਰ ਸਿੰਘ, ਬਖਸ਼ੀ ਰਾਮ, ਅਸੀਮ ਕੁਮਾਰ, ਵਰਿੰਦਰਵੀਰ ਸਿੰਘ, ਗੁਰਿੰਦਰ ਸਿੰਘ, ਪ੍ਰਣਾਮ ਸਿੰਘ, ਅਸ਼ੋਕ ਕੁਮਾਰ, ਨਿਰਮਲ ਸਿੰਘ, ਵਿਕਰਮ ਕੁਮਾਰ, ਸਰਬਜੀਤ ਢੇਸੀ, ਅਸ਼ਵਨੀ ਕੁਮਾਰ, ਅਮਰਜੀਤ ਪੰਡੋਰੀ ਕੁਲਦੀਪ ਕੁਮਾਰ, ਗੁਰਚਰਨ ਸਿੰਘ ਪਰਤਾਪਪੁਰਾ, ਸੰਦੀਪ ਸ਼ਰਮਾ ਆਦਿ ਆਗੂ ਸ਼ਾਮਿਲ ਸਨ।

ਸਾਂਸਦ ਡਾ: ਰਾਜ ਨੇ ਕਿਸਾਨ ਦਿਵਸ 'ਤੇ ਸ਼ੁੱਭਕਾਮਨਾਵਾਂ ਦਿੱਤੀਆਂ

ਹੁਸ਼ਿਆਰਪੁਰ (ਬਲਵੀਰ ਸਿੰਘ)—ਕਿਸਾਨ ਦਿਵਸ ਮੌਕੇ ਹੁਸ਼ਿਆਰਪੁਰ ਦੇ ਸੰਸਦ ਮੈਂਬਰ ਡਾ: ਰਾਜ ਕੁਮਾਰ ਚੱਬੇਵਾਲ ਨੇ ਦੇਸ਼ ਭਰ ਦੇ ਕਿਸਾਨਾਂ ਨੂੰ ਸ਼ੁੱਭਕਾਮਨਾਵਾਂ ਦਿੰਦੇ ਹੋਏ ਕਿਸਾਨਾਂ ਨੂੰ ਦੇਸ਼ ਦਾ ਅੰਨਦਾਤਾ ਦੱਸਦਿਆਂ ਕਿਹਾ ਕਿ ਉਨ੍ਹਾਂ ਦਾ ਯੋਗਦਾਨ ਹੀ ਦੇਸ਼ ਦੀ ਖੁਸ਼ਹਾਲੀ ਅਤੇ ਵਿਕਾਸ ਦਾ ਆਧਾਰ ਹੈ। ਉਨ੍ਹਾਂ ਕਿਹਾ ਕਿ ਅਸੀਂ ਭਾਵੇਂ ਸ਼ਹਿਰਾਂ ਵਿੱਚ ਕਿੰਨੀ ਵੀ ਤਰੱਕੀ ਕਰ ਲਈਏ, ਫਿਰ ਵੀ ਜੀਵਨ ਦੀ ਸਭ ਤੋਂ ਮੁੱਢਲੀ ਲੋੜ, ਭੋਜਨ ਲਈ ਅਸੀਂ ਆਪਣੇ ਪਿੰਡਾਂ ਦੇ ਕਿਸਾਨਾਂ 'ਤੇ ਨਿਰਭਰ ਰਹਾਂਗੇ।ਉਨ੍ਹਾਂ ਕਿਸਾਨਾਂ ਦੀ ਮਿਹਨਤ ਨੂੰ ਸਲਾਮ ਕਰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਅਪੀਲ ਕੀਤੀ ਕਿ ਉਹ ਹੁਣ ਹੋਰ ਸ਼ਹਾਦਤਾਂ ਲਏ ਬਿਨਾ ਕਿਸਾਨਾਂ ਦੀਆਂ ਸਾਰੀਆਂ ਮੰਗਾਂ ਤੁਰੰਤ ਪੂਰੀਆਂ ਕਰਨ। ਡਾ: ਰਾਜ ਨੇ ਸਵਾਮੀਨਾਥਨ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਨੂੰ ਲਾਗੂ ਕਰਨ 'ਤੇ ਵੀ ਜ਼ੋਰ ਦਿੱਤਾ । ਉਨ੍ਹਾਂ ਕਿਹਾ ਕਿ ਸਵਾਮੀਨਾਥਨ ਰਿਪੋਰਟ ਨੂੰ ਪੂਰੀ ਤਰ੍ਹਾਂ ਲਾਗੂ ਕਰਕੇ ਕਿਸਾਨਾਂ ਨੂੰ ਉਨ੍ਹਾਂ ਦਾ ਹੱਕ ਦਿੱਤਾ ਜਾਵੇ।ਉਨ੍ਹਾਂ ਪੰਜਾਬ ਅਤੇ ਹਰਿਆਣਾ ਵਿੱਚ ਚੱਲ ਰਹੇ ਕਿਸਾਨ ਅੰਦੋਲਨਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਕਿਸਾਨ ਪਿਛਲੇ ਕਈ ਸਾਲਾਂ ਤੋਂ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਦੀ ਬੇਰੁਖ਼ੀ ਬਰਦਾਸ਼ਤ ਕਰਨ ਯੋਗ ਨਹੀਂ ਹੈ। ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਭੁੱਖ ਹੜਤਾਲ ਦਾ ਵੀ ਕੇਂਦਰ ਸਰਕਾਰ 'ਤੇ ਕੋਈ ਅਸਰ ਨਹੀਂ ਹੋ ਰਿਹਾ । ਉਹਨਾਂ ਦੀ ਵਿਗੜਦੀ ਸਿਹਤ 'ਤੇ ਚਿੰਤਾ ਪ੍ਰਗਟ ਕਰਦਿਆਂ ਡਾ ਰਾਜ ਨੇ ਕਿਹਾ ਕਿ ਸਰਕਾਰ ਨੂੰ ਇਸ ਅੰਦੋਲਨ ਦੀ ਡੂੰਘਾਈ ਨੂੰ ਸਮਝਣਾ ਚਾਹੀਦਾ ਹੈ ਅਤੇ ਤੁਰੰਤ ਹੱਲ ਕੱਢਣਾ ਚਾਹੀਦਾ ਹੈ।ਉਨ੍ਹਾਂ ਕਿਸਾਨਾਂ ਨਾਲ ਇਕਮੁੱਠਤਾ ਦਾ ਪ੍ਰਗਟਾਵਾ ਕਰਦਿਆਂ ਭਰੋਸਾ ਦਿੱਤਾ ਕਿ ਉਹ ਹਰ ਕਦਮ 'ਤੇ ਉਨ੍ਹਾਂ ਦੇ ਨਾਲ ਖੜ੍ਹੇ ਰਹਿਣਗੇ।

ਢਾਈ ਸਾਲਾਂ 'ਚ ਸੂਬੇ 'ਚ 86 ਹਜ਼ਾਰ ਕਰੋੜ ਰੁਪਏ ਤੋਂ ਜ਼ਿਆਦਾ ਦਾ ਨਿਵੇਸ਼ ਹੋਇਆ: ਸੌਂਦ

ਚੰਡੀਗੜ੍ਹ (ਗੁਰਜੀਤ ਬਿੱਲਾ)-ਪੰਜਾਬ ਦੇ ਉਦਯੋਗ ਤੇ ਵਣਜ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕੌਮੀ ਅਤੇ ਕੌਮਾਂਤਰੀ ਉਦਯੋਗਪਤੀਆਂ ਨੂੰ ਪੰਜਾਬ ਵਿੱਚ ਨਿਵੇਸ਼ ਕਰਨ ਦਾ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਸਨਅਤ ਪੱਖੀ ਨੀਤੀਆਂ ਸਦਕਾ ਦੁਨੀਆਂ ਭਰ ਦੇ ਉਦਯੋਗਪਤੀ ਇੱਥੇ ਨਿਵੇਸ਼ ਕਰਨ ਵਿੱਚ ਰੁਚੀ ਦਿਖਾ ਰਹੇ ਹਨ। ਉਨ੍ਹਾਂ ਕਿਹਾ ਕਿ ਮਾਰਚ 2022 ਤੋਂ ਲੈ ਕੇ ਹੁਣ ਤੱਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 86,541 ਕਰੋੜ ਰੁਪਏ ਦਾ ਨਿਵੇਸ਼ ਪ੍ਰਾਪਤ ਹੋ ਚੁੱਕਾ ਹੈ।ਉਨ੍ਹਾਂ ਦੱਸਿਆ ਕਿ 2022 ਤੋਂ ਹੁਣ ਤੱਕ 5,300 ਤੋਂ ਜ਼ਿਆਦਾ ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ ਹਨ, ਜਿਨ੍ਹਾਂ ਵਿੱਚੋਂ 86,541 ਕਰੋੜ ਰੁਪਏ ਦਾ ਨਿਵੇਸ਼ ਹੋ ਚੁੱਕਾ ਹੈ, ਜਿਸ ਨਾਲ ਤਕਰੀਬਨ 3,92,540 ਵਿਅਕਤੀਆਂ ਨੂੰ ਰੁਜ਼ਗਾਰ ਮਿਲੇਗਾ।ਉਨ੍ਹਾਂ ਦੱਸਿਆ ਕਿ ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ ਪ੍ਰਾਪਤ ਹੋਏ ਕੁਝ ਪ੍ਰਮੁੱਖ ਪ੍ਰੋਜੈਕਟਾਂ ਵਿੱਚੋਂ ਟਾਟਾ ਸਟੀਲ ਲਿਮਟਿਡ ਨੇ (2600 ਕਰੋੜ ਰੁਪਏ), ਸਨਾਥਨ ਪੋਲੀਕੋਟ ਪ੍ਰਾਈਵੇਟ ਲਿਮਟਿਡ (1600 ਕਰੋੜ ਰੁਪਏ), ਅੰਬੂਜਾ ਸੀਮੈਂਟਸ ਲਿਮਟਿਡ (1400 ਕਰੋੜ ਰੁਪਏ), ਰੁਚਿਰਾ ਪੇਪਰਜ਼ ਲਿਮਟਿਡ (1137 ਕਰੋੜ ਰੁਪਏ), ਟੋਪਨ ਸਪੈਸ਼ਲਿਟੀ ਫਿਲਮਜ਼ ਲਿਮਿਟਡ (787 ਕਰੋੜ ਰੁਪਏ), ਨੇਸਲੇ ਇੰਡੀਆ ਲਿਮਟਿਡ (583 ਕਰੋੜ ਰੁਪਏ), ਹੈਪੀ ਫੋਰਜਿੰਗਜ਼ ਲਿਮਟਿਡ (438 ਕਰੋੜ ਰੁਪਏ), ਫਰੂਡੇਨਬਰਗ ਗਰੁੱਪ (339 ਕਰੋੜ ਰੁਪਏ), ਓਏਕੋਮੇਟਕੋਰਪ ਲਿਮਿਟਡ (309 ਕਰੋੜ ਰੁਪਏ) ਅਤੇ ਕਾਰਗਿਲ ਇੰਡੀਆ ਪ੍ਰਾਈਵੇਟ ਲਿਮਟਿਡ (160 ਕਰੋੜ ਰੁਪਏ) ਦਾ ਨਿਵੇਸ਼ ਕੀਤਾ ਹੈ।ਉਨ੍ਹਾਂ ਸੱਦਾ ਦਿੱਤਾ ਕਿ ਹੋਰ ਕਾਰੋਬਾਰੀ ਵੀ ਆਪਣੀਆਂ ਸਨਅਤਾਂ ਪੰਜਾਬ ਵਿੱਚ ਸ਼ੁਰੂ ਕਰਨ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਹਰ ਪੱਖੋਂ ਉਦਯੋਗਪਤੀਆਂ ਦਾ ਸਾਥ ਦੇਵੇਗੀ।ਉਨ੍ਹਾਂ ਕਿਹਾ ਕਿ ਨਿਵੇਸ਼ ਲਈ ਪੰਜਾਬ ਦਾ ਮਾਹੌਲ ਸਾਜਗਾਰ, ਢੁਕਵਾਂ ਅਤੇ ਸ਼ਾਂਤੀਪੂਰਵਕ ਹੈ ਅਤੇ ਉਦਯੋਗਾਂ ਦੀ ਉੱਨਤੀ ਤੇ ਪ੍ਰਫੁੱਲਤਾ ਲਈ ਪੰਜਾਬ ਸਰਕਾਰ ਪੂਰੀ ਸੰਜੀਦਗੀ ਅਤੇ ਸੁਹਿਰਦਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀਆਂ ਨੀਤੀਆਂ ਵੀ ਉਦਯੋਗ ਪੱਖੀ ਹਨ ਅਤੇ ਛੋਟੇ ਤੇ ਦਰਮਿਆਨੇ ਉਦਯੋਗਪਤੀ ਆਪਣਾ ਕਾਰੋਬਾਰ ਅੱਜ ਹੀ ਇਕ ਹਲਫ਼ੀਆ ਬਿਆਨ ਦੇ ਕੇ ਸ਼ੁਰੂ ਕਰ ਸਕਦੇ ਹਨ ਅਤੇ ਜ਼ਰੂਰੀ ਦਸਤਾਵੇਜ਼ੀ ਪ੍ਰਕਿਰਿਆ 3 ਸਾਲਾਂ ਦੇ ਅੰਦਰ ਅੰਦਰ ਪੂਰੀ ਕੀਤੀ ਜਾ ਸਕਦੀ ਹੈ।ਸੌਂਦ ਨੇ ਦੱਸਿਆ ਕਿ ਸੂਬੇ ਦਾ ਇਨਵੈਸਟ ਪੰਜਾਬ ਪੋਰਟਲ ਆਪਣੀ ਕਾਰਗੁਜ਼ਾਰੀ ਸਦਕਾ 28 ਰਾਜਾਂ ਵਿੱਚੋਂ ਪਹਿਲਾ ਸਥਾਨ ਰੱਖਦਾ ਹੈ ਅਤੇ ਇਸ ਉੱਤੇ 58 ਹਜ਼ਾਰ ਦੇ ਕਰੀਬ ਛੋਟੇ ਅਤੇ ਦਰਮਿਆਨੇ ਨਵੇਂ ਉਦਯੋਗਾਂ ਨੇ ਰਜਿਸਟ੍ਰੇਸ਼ਨ ਕਰਵਾਈ ਹੈ, ਜੋ ਕਿ ਆਪਣੇ ਆਪ ਵਿੱਚ ਇੱਕ ਰਿਕਾਰਡ ਹੈ।ਸੌਂਦ ਨੇ ਕਿਹਾ ਕਿ ਜਦੋਂ ਤੋਂ ਉਨ੍ਹਾਂ ਨੇ ਉਦਯੋਗ ਮੰਤਰੀ ਵੱਜੋਂ ਅਹੁਦਾ ਸੰਭਾਲਿਆ ਹੈ, ਬਹੁਤ ਸਾਰੇ ਕਾਰੋਬਾਰੀਆਂ, ਐਸੋਸੀਏਸ਼ਨਾਂ, ਉਦਯੋਗਿਕ ਚੈਂਬਰਾ ਅਤੇ ਸਨਅਤੀ ਸਮੂਹ ਦੇ ਨੁਮਾਇੰਦਿਆਂ ਨਾਲ ਮੀਟਿੰਗਾਂ ਕੀਤੀਆਂ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਾਰਿਆਂ ਤੋਂ ਮਿਲੇ ਮਸ਼ਵਰੇ ਅਤੇ ਸੁਝਾਅ ਨੂੰ ਨਵੀਆਂ ਨੀਤੀਆਂ ਅਤੇ ਯੋਜਨਾਵਾਂ ਬਣਾਉਣ ਸਮੇਂ ਧਿਆਨ ਵਿਚ ਰੱਖਿਆ ਜਾਵੇਗਾ। ਉਨ੍ਹਾਂ ਉਮੀਦ ਪ੍ਰਗਟਾਈ ਕਿ ਉਦਯੋਗ ਪੱਖੀ ਨੀਤੀਆਂ ਸਦਕਾ ਪੰਜਾਬ

25- December - Page - 10.qxd 12/24/2024 11:26 PM Page 1

ਐੱਸ ਐੱਸ ਐੱਮ ਕਾਲਜ 'ਚ ਜਾਗਰੂਕਤਾ ਭਾਸ਼ਣ

ਦੀਨਾਨਗਰ, (ਸੰਜੀਵ)-ਐਸ.ਐੱਸ.ਐਮ ਕਾਲਜ, ਦੀਨਾਨਗਰ ਵਿਖੇ ਪ੍ਰਿੰਸੀਪਲ ਡਾ. ਆਰ.ਕੇ. ਤੁਲੀ ਦੀ ਪ੍ਰਧਾਨਗੀ ਹੇਠ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੀ ਪਵਿੱਤਰ ਯਾਦ ਵਿੱਚ ਪੀ.ਸੀ.ਟੀ ਹਿਊਮੈਨਿਟੀ - ਇੰਟਰਨੈਸ਼ਨਲ ਸੋਸ਼ਲ ਵੈਲਫੇਅਰ ਆਰਗੇਨਾਈਜੇਸ਼ਨ ਵੱਲੋਂ ਵਿਸ਼ੇਸ਼ ਭਾਸ਼ਣ ਕਰਵਾਇਆ ਗਿਆ ਜਿਸ ਵਿੱਚ ਸੰਸਥਾ ਦੇ ਸੰਸਥਾਪਕ ਜੋਗਿੰਦਰ ਸਿੰਘ ਸਲਾਰੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਡੀ.ਓ. ਨਰੇਸ਼ ਕੁਮਾਰ, ਗੁਰਮੀਤ ਸਿੰਘ, ਗੁਰਮਿੰਦਰ ਸਿੰਘ ਚਾਵਲਾ ਹਾਜ਼ਰ ਸਨ। ਸਾਰੇ ਮਹਿਮਾਨਾਂ ਦਾ ਰਸਮੀ ਤੌਰ 'ਤੇ ਪ੍ਰਿੰਸੀਪਲ ਸਰ ਵੱਲੋਂ ਸਵਾਗਤ ਕੀਤਾ ਗਿਆ। ਹਿੰਦੀ ਵਿਭਾਗ ਤੋਂ ਪ੍ਰੋ. ਕੰਵਲਜੀਤ ਕੌਰ ਨੇ ਸਟੇਜ ਸੰਚਾਲਨ ਕਰਦਿਆਂ ਪੀ.ਸੀ.ਟੀ ਸੰਸਥਾ ਵੱਲੋਂ ਚਾਰ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਯਾਦਗਾਰੀ ਬਣਾਉਣ ਲਈ ਪ੍ਰੇਰਿਆ ਅਤੇ ਜੋਗਿੰਦਰ ਸਿੰਘ ਸਲਾਰੀਆ ਦੇ ਸਮਾਜ ਭਲਾਈ ਕਾਰਜਾਂ ਤੋਂ ਜਾਣੂ ਕਰਵਾਇਆ। ਜੋਗਿੰਦਰ ਸਿੰਘ ਨੇ ਕਿਹਾ ਕਿ ਸਾਨੂੰ ਚਾਰ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਸਿੱਖਿਆ ਲੈ ਕੇ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲ ਕੇ ਆਪਣਾ ਜੀਵਨ ਸਫਲ ਕਰਨਾ ਚਾਹੀਦਾ ਹੈ, ਤਾਂ ਹੀ ਸ਼ਹਾਦਤ ਨਾਲ ਸਬੰਧਤ ਵਿਚਾਰ-ਚਰਚਾ ਅਤੇ ਸੈਮੀਨਾਰ ਸਹੀ ਅਰਥਾਂ ਵਿੱਚ ਸਾਰਥਕ ਸਿੱਧ ਹੋਣਗੇ। ਨਰੇਸ਼ ਕੁਮਾਰ ਨੇ ਸਿੱਖਾਂ ਦੇ ਇਤਿਹਾਸ ਅਤੇ ਕੁਰਬਾਨੀਆਂ ਬਾਰੇ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਆਪਣੇ ਧਰਮ ਅਤੇ ਸੱਭਿਆਚਾਰ ਨਾਲ ਜੁੜਨ ਲਈ ਪ੍ਰੇਰਿਤ ਕੀਤਾ।ਐੱਸ. ਗੁਰਮਿੰਦਰ ਸਿੰਘ ਚਾਵਲਾ ਨੇ ਵੀ ਆਪਣੀਆਂ ਰਵਾਇਤਾਂ ਅਤੇ ਧਾਰਮਿਕ ਰਸਮਾਂ ਨੂੰ ਆਪਣੀ ਜੀਵਨ ਸ਼ੈਲੀ ਦਾ ਹਿੱਸਾ ਬਣਾਉਣ ਬਾਰੇ ਜਾਣਕਾਰੀ ਦਿੱਤੀ। ਸੰਸਥਾ ਵੱਲੋਂ ਵਿਦਿਆਰਥੀਆਂ ਨੂੰ ਸਿੱਖ ਧਰਮ, ਗੁਰੂ ਸਾਹਿਬਾਨ ਦੇ ਜੀਵਨ ਫਲਸਫੇ ਨਾਲ ਸਬੰਧਤ ਮੈਗਜ਼ੀਨ ਵੀ ਵੰਡੇ ਗਏ।

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ/ਦੋਮ, ਦਸੂਹਾ

ਤਕਸੀਮ ਕੇਸ : 25/24

ਵਾਕਿਆ ਰਕਬਾ : ਪਿੰਡ ਕਾਇਰਾ /489, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ।

ਧਿਰਾਂ :-ਤਰਲੋਕ ਸਿੰਘ ਬਨਾਮ ਸੁਰਿਦਰ ਕੌਰ ਵਗੈਰਾ

ਉਪਰੋਕਤ ਮੁਕੱਦਮੇ ਵਿੱਚ ਹੇਠ ਲਿਖੇ ਵਿਅਕਤੀ ਦੀ ਇਤਲਾਹ ਸਾਧਾਰਨ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਲਈ ਉੱਤਰਵਾਦੀਆਂ ਨੂੰ ਅਖਬਾਰ ਨੋਟਿਸ/ਇਸ਼ਤਿਹਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਮਿਤੀ 09.01.2025 ਨੂੰ ਬਾਅਦ ਦੁਪਹਿਰ 3:00 ਵਜੇ ਅਸਾਲਤਨ ਜਾਂ ਵਕਾਲਤਨ ਕੇਸ ਦੀ ਪੈਰਵੀ ਲਈ ਇਸ ਅਦਾਲਤ ਵਿਚ ਹਾਜ਼ਰ ਹੋਣ। ਹਾਜ਼ਰ ਨਾ ਆਉਣ ਦੀ ਸੂਰਤ ਵਿਚ ਇਕਤਰਫਾ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ ਅਤੇ ਬਾਅਦ ਵਿਚ ਕੋਈ ਇਤਰਾਜ਼ ਮੰਨਣਯੋਗ ਨਹੀਂ ਹੋਵੇਗਾ।

ਅੱਜ ਮਿਤੀ 23.12.2024 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/- ਸਹਾਇਕ ਕੁਲੈਕਟਰ ਦਰਜਾ ਅੱਵਲ, ਦਸੂਹਾ।

ਉੱਤਰਵਾਦੀ ਧਿਰ ਦੇ ਨਾਂਅ : 1) ਸੁਰਿਦਰ ਕੌਰ ਵਿਧਵਾ ਗੁਰਮੁੱਖ ਸਿੰਘ, 2) ਜਰਨੈਲ ਸਿੰਘ ਪੁੱਤਰ ਗੁਰਮੁੱਖ ਸਿੰਘ ਵਾਸੀ ਪਿੰਡ ਕਾਇਰਾ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ , 3) ਬਲਵੀਰ ਕੌਰ ਪੁੱਤਰੀ ਗੁਰਮੁੱਖ ਵਾਸੀ ਪਿੰਡ ਪਡਿਆਲਾ, ਡਾਕਖਾਨਾ ਪਡਿਆਲਾ, ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ।

ਨੰਬਰ 1319/ਰੀਡਰ-1 ਮਿਤੀ : 23.12.24

COURT NOTICE

(U/o 5 Rule 20 CPC)
In the Court of
Ms. Saru Mehta kaushik
Additional District and Sessions Judge, Ludhiana
CNR No. PBLD01-011061-2020
Next Date :- 29-01-2025
Tehal Singh Vs.
Lakhwinder Singh
Publication Issued To :
1. Lakhwinder Singh
Father :- Ishar Singh R/o Vill. Aladpur Amloh, Distt. Fatehgarh Sahib. (Driver of offending Vehicle No. (PB-12-L-1877), 2. Narinder Singh S/o Hardev Singh R/o Vill. and Post office Naringarh Sirhind, District Fetehgarh Sahib (Owner of Offending Vehicle No. (PB-12-L-1877)

In above titled case, the defendant(s)/ respondent(s) could not be served. It is ordered that defendant(s)/ respondent (s) should appear in person or through counsel on 29.01.2025 at 10:00 a.m.

For details logon to https://highcourtchd.gov.in/?trs=district_notice&district=Ludhiana
Additional District and Sessions Judge, Ludhiana
Dated this day of : 16/12/2024

COURT NOTICE

(U/o 5 Rule 20 CPC)
In the Court of
Ms. Radhika Puri
Additional Civil Judge (Senior Division), Ludhiana
CNR No. PBLD02-009952-2022
Next Date :- 22-01-2025
Varinder Pal Singh S/oSh. Kesar Singh R/o H. No. 56-A, Near Pakhowal Road, Sargodha Colony, Ludhiana
Vs.
General Public
Notice To :
General Public

In above titled case, the defendant(s)/ respondent(s) could not be served. It is ordered that defendant(s)/ respondent (s) should appear in person or through counsel on 22.01.2025 at 10:00 A.M.

For details logon to https://highcourtchd.gov.in/?trs=district_notice&district=Ludhiana
AdditionalCivil Judge (Senior Division), Ludhiana
Dated this day of 27-11-2024

ਬੇਦਖਲੀ ਨੋਟਿਸ

ਮੈਂ, ਬਲਵਿੰਦਰ ਸਿੰਘ ਪੁੱਤਰ ਧਰਮ ਸਿੰਘ ਵਾਸੀ ਪਿੰਡ ਪੰਡੋਰੀ ਅਰਾਈਆਂ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਨਵਰਾਜ ਸਿੰਘ (20) ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੈਨੂੰ ਤੰਗ ਪਰੇਸ਼ਾਨ ਕਰਦਾ ਹੈ । ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਉਸ ਨਾਲ ਕੋਈ ਸਬੰਧ ਨਹੀਂ ਹੈ, ਮੈਂ ਉਸਨੂੰ ਆਪਣੀ ਦੇਸ਼ ਅਤੇ ਵਿਦੇਸ਼ ਵਿਚ ਚੱਲ- ਅੱਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸਦੀ ਕਿਸੇ ਵੀ ਚੰਗੀ ਜਾਂ ਮਾੜੀ ਹਰਕਤ ਲਈ ਉਹ ਖੁਦ ਅਤੇ ਉਸ ਨਾਲ ਲੈਣ ਦੇਣ ਕਰਨ ਵਾਲਾ ਵੀ ਖੁਦ ਜਿੰਮੇਵਾਰ ਹੋਵੇਗਾ ।

POLICY MISSING

aMy SBI Life Insurance Policy No. 53547305902 has been lost. If any person have objection, then kindly contact me or with Bank. Contact- Tek Singh S/o Harminder Singh, Village Batuha, Tehsil Dhuri (Sangrur), Mobile 94176-35758 OR SBI Life Insurance Company Ltd., Sangrur Branch.

PUBLIC NOTICE

I, Sachin Thakur S/o Kailash Kumari R/o Amritsar (Punjab) wants to avail of a loan against property from M/s Cholamandlam Investment & Finance Co Ltd. having its branch at Ranjit Avenue, SCO No. 102-103, Ranjit Avenue, D-Block Amritsar. The owner of the below-mentioned property is Kailash Kumari W/o Jagiit Singh who had already purchased this property vide details as follows : Property bearing House No 11/143 (203) min, and plot no 5 min, bearing Khasra no 2404/947/548-549 min as per the Jamabandi for the year 2016-17, situated at Vakia Rakba Amritsar Sub Urban 110 Abadi Vijay Nagar, (Joshi Nagar), Gali No 4, Tehsil & Distt Amritsar, Bounded as East- House no 6 of Mangal Sen, West- Road 20 feet wide, North- House of Tara Singh, South- House of Jagmohan Singh. Total measuring area 41.66 sqyds.
The following document is Lost/Missing :
The original sale deed having document no. 7617, dated 13.11.1963, in favour of Thakur Jaimal Singh, S/o Chatar Singh, is Lost/missing. If any person/Entity/DSA/ Financial Institution/ Bank/Govt. The department may have obtained or issued any loan/Stay Order/Court Case against the said Sale deed or have any objection of any kind regarding said Sale deed. He/she can file an objection regarding the use of above said documents as well as property within 10 days from the date of the present Publication to the below-mentioned person at the address or contact numbers given and after 10 days no claim shall be admitted and it would be assumed that the property is free from encumbrances/ Litigation as far as the above documents are concerned.
Truly Yours
MR ASSOCIATES

COURT NOTICE

(U/o 5 Rule 20 CPC)
In the Court of
Sh. Jaspreet Singh Minhas
Civil Judge Junior Division-7, Patiala
CNR No. PBPT02-000792-2023
Next Date :- 20-02-2025
State Bank of India
Vs.
Yetti Siva
Publication Issued To :
Yetti Siva S/o Yetti Obilesu, R/o P Jalalpuram PO Jukakaluva, Teh. Singinimala, Distt. Anantapur, State Andhra Pradesh.
2nd. Address Yetti Siva S/o Yetti Obilesu 501 ASC BN Pin 905501 Co 56 APO Patiala Cantt Patiala.

In above titled case, the defendant (s)/respondent (s) could not be served. It is ordered that defendant (s)/ respondent (s) should appear in person or through counsel on 20.02.2025 at 10:00 A.M.

For details logon to https://highcourtchd.gov.in/?trs=district_notice&district=Patiala
Civil Judge Junior Division-7, Patiala
Dated this day of 23-12-2024

ਦਫਤਰ ਉੱਪ ਰਜਿਸਟਰਾਰ, ਸਹਿਕਾਰੀ ਸਭਾਵਾਂ, ਫਿਰੋਜ਼ਪੁਰ

ਨੋਟਿਸ

ਦੀ ਪੰਜਾਬ ਲੋਕ ਸੇਵਕ ਸਹਿਕਾਰੀ ਮਾਰਕੀਟਿੰਗ-ਕਮ-ਪ੍ਰੋਸੈਸਿੰਗ ਸਭਾ ਲਿਮ. ਦੇ ਬੋਰਡ ਆਫ ਡਾਇਰੈਕਟਰਜ਼ ਦੀ ਮਿਆਦ ਖਤਮ ਹੋਣ ਉਪਰੰਤ ਮੁੱਖ ਦਫਤਰ ਦੀਆਂ ਹਦਾਇਤਾਂ ਅਨੁਸਾਰ ਨਵੇਂ ਬੋਰਡ ਆਫ ਡਾਇਰੈਕਟਰਜ਼ ਦੀ ਚੋਣ ਲਈ ਸੰਸਥਾ ਵੱਲੋਂ ਹਲਕਾਬੰਦੀ ਕਰਦੇ ਹੋਏ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਗੁਰੂ ਹਰਸਹਾਏ ਰਾਹੀਂ ਉਨ੍ਹਾਂ ਦੇ ਦਫਤਰ ਦੇ ਪੱਤਰ ਨੰ 3013 ਮਿਤੀ 09.12.2024 ਰਾਹੀਂ ਨਿਮਨ ਹਸਤਾਖਰੀ ਦੇ ਦਫਤਰ ਨੂੰ ਪ੍ਰਵਾਨਗੀ ਲਈ ਭੇਜੀ ਗਈ ਹੈ। ਇਸ ਹਲਕਾਬੰਦੀ ਦੀਆਂ ਕਾਪੀਆਂ ਨਿਮਨਹਸਤਾਖਰੀ, ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਗੁਰੂ ਹਰਸਹਾਏ ਅਤੇ ਦੀ ਪੰਜਾਬ ਲੋਕ ਸੇਵਕ ਸਹਿਕਾਰੀ ਮਾਰਕੀਟਿੰਗ-ਕਮ-ਪ੍ਰੋਸੈਸਿੰਗ ਸਭਾ ਲਿਮ. ਦੇ ਦਫਤਰ ਦੇ ਨੋਟਿਸ ਬੋਰਡਾਂ 'ਤੇ ਲਗਾ ਦਿੱਤੀਆਂ ਗਈਆਂ ਹਨ।

ਦੀ ਪੰਜਾਬ ਲੋਕ ਸੇਵਕ ਸਹਿਕਾਰੀ ਮਾਰਕੀਟਿੰਗ-ਕਮ-ਪ੍ਰੋਸੈਸਿੰਗ ਸਭਾ ਲਿਮ. ਦੇ ਮੈਂਬਰਾਂ ਅਤੇ ਮੌਜਦਾ ਸਭਾਵਾਂ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਸੰਸਥਾ ਦੇ ਕਿਸੇ ਵੀ ਮੈਂਬਰ/ਮੈਂਬਰ ਸਭਾ ਨੂੰ ਇਸ ਹਲਕਾਬੰਦੀ ਦੀ ਬਣਤਰ ਸੰਬੰਧੀ ਕਿਸੇ ਕਿਸਮ ਦਾ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਲਿਖਤੀ ਇਤਰਾਜ਼ ਨਿਮਨਹਸਤਾਖਰੀ ਦੇ ਦਫਤਰ ਵਿਚ ਮਿਤੀ 08.01.2025 ਨੂੰ ਦੁਪਹਿਰ 12:00 ਵਜੇ ਤੱਕ ਦਾਖਲ ਕਰ ਸਕਦਾ ਹੈ। ਦਾਖਲ ਹੋਏ ਇਤਰਾਜ਼ਾਂ ਦੀ ਸੁਣਵਾਈ ਅਤੇ ਉਨ੍ਹਾਂ 'ਤੇ ਫੈਸਲਾ ਮਿਤੀ 09.01.2025 ਨੂੰ ਦੁਪਹਿਰ 12:00 ਵਜੇ ਲਿਆ ਜਾਵੇਗਾ। ਇਤਰਾਜ਼ ਦਾਖਲ ਕਰਨ ਵਾਲੇ ਮੈਂਬਰ/ਮੈਂਬਰ ਸਭਾ ਸੁਣਵਾਈ ਦੀ ਮਿਤੀ 'ਤੇ ਖੁਦ-ਬਾ-ਖੁਦ ਹਾਜ਼ਰ ਆਉਣ ਲਈ ਪਾਬੰਦ ਹੋਣਗੇ। ਉਸ ਨੂੰ ਵੱਖਰੇ ਤੌਰ 'ਤੇ ਕੋਈ ਨੋਟਿਸ ਨਹੀਂ ਭੇਜਿਆ ਜਾਵੇਗਾ। ਕੋਈ ਵੀ ਇਤਰਾਜ਼ ਪ੍ਰਾਪਤ ਨਾ ਹੋਣ ਦੀ ਸੂਰਤ ਵਿਚ ਪ੍ਰਾਪਤ ਹੋਏ ਜ਼ੋਨ ਇਸ ਰੂਪ ਵਿੱਚ ਪਾਸ ਕਰ ਦਿੱਤੇ ਜਾਣਗੇ।

ਸਥਾਨ : ਫਿਰੋਜ਼ਪੁਰ ਮਿਤੀ : 23/12/2024

ਸਹੀ/- ਪੀ.ਸੀ.ਐੱਸ. -1, ਉਪ ਰਜਿਸਟਰਾਰ, ਸਹਿਕਾਰੀ ਸਭਾਵਾਂ ਫਿਰੋਜ਼ਪੁਰ

ਉਤਰ ਰੇਲਵੇ

ਸ਼ੁਧੀਪੱਤਰ

ਸੰਦਰਭ: i) ਨਿਵਿਦਾ ਸੂਚਨਾ ਨੰਬਰ 73/2024-2025 ਮਿਤੀ 19.11.2024.
ii) ਨਿਵਿਦਾ ਨੰਬਰ 15245204/06/01/2025 ਨੂੰ ਦੇਅ ਹੈ।
ਉਪਰੋਕਤ ਨਿਵਿਦਾ ਦੇ ਸੰਦਰਭ ਵਿਚ, ਡ੍ਰਾਇੰਗਸ ਐਂਡ ਡ੍ਰਾਇੰਗਸ ਆਫ ਅਕਸਲਸ ਨਾਮਕ ਨਬੀ ਡ੍ਰਾਇੰਗ ਦਸਤਾਵੇਜ ਨੂੰ ਹਟਾ ਦਿਤਾ ਗਿਆ ਹੈ ਅਤੇ ਸੰਸ਼ੋਧਿਤ ਡ੍ਰਾਇੰਗ ਦਸਤਾਵੇਜ ਨਬੀ ਕੀਤਾ ਗਿਆ ਹੈ।
ਹੋਰ ਸਾਰੇ ਨਿਯਮ ਅਤੇ ਸ਼ਰਤਾਂ ਅਬਦਲ ਰਹਿਣਗੇ।
ਸ਼ੁਧੀਪੱਤਰ ਵੈਬਸਾਈਟ www.ireps.gov.in 'ਤੇ ਪ੍ਰਕਾਸ਼ਿਤ ਕੀਤਾ ਗਿਆ ਹੈ।
3928/2024 ਐਸਐਮਐਮ/ਜੀ

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

COURT NOTICE

(U/o 5 Rule 20 CPC)
(Succession Case)
In the Court of
Ms. Navdeep Gill
Civil Judge (Senior Division), Patiala
CNR No. PBPT02-003411-2024
Next Date :- 10-02-2025
Surinder Kaur
Vs.
General Public
Publication Issued To :
General Public

In above titled case, the defendant (s)/respondent (s) could not be served. It is ordered that defendant (s)/ respondent (s) should appear in person or through counsel on 10.02.2025 at 10:00 A.M.

For details logon to https://highcourtchd.gov.in/?trs=district_notice&district=Patiala
Civil Judge (Senior Division), Patiala
Dated this day of 23-12-2024

COURT NOTICE

(U/o 5 Rule 20 CPC)
In the Court of
Ms. Radhika Puri
Additional Civil Judge (Senior Division), Ludhiana
CNR No. PBLD02-004425-2021
Next Date :- 27-01-2025
Punjab State Power Corporation Limited
Vs.
Badri Nath
Suit For Recovery of Rs. 10,86,506/-
Publication Issued To :
Badri Nath R/o House No. 20/2707, Gurdev Nagar, Ludhiana.

In above titled case, the defendant(s)/ respondent(s) could not be served. It is ordered that defendant(s)/ respondent (s) should appear in person or through counsel on 27.01.2025 at 10:00 A.M.

For details logon to https://highcourtchd.gov.in/?trs=district_notice&district=Ludhiana
AdditionalCivil Judge (Senior Division), Ludhiana
Dated this day of.....2024

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ/ਦੋਮ ਦਸੂਹਾ।
Mail Id:- tehsildasuya@gmail.com

ਤਕਸੀਮ ਕੇਸ - 35/24 ਵਾਕਿਆ ਰਕਬਾ ਪਿੰਡ ਭਟੋਲੀ/164, ਖੇਵਟ ਨੰਬਰ 17. ਤਹਿਸੀਲ ਦਸੂਹਾ ਜ਼ਿਲ੍ਹਾ ਹੁਸ਼ਿਆਰਪੁਰ

ਧਿਰਾਂ ਕੰਚਨ ਸ਼ਰਮਾ ਵਗੈਰਾ ਬਨਾਮ ਹਰਮੇਸ਼ ਕੁਮਾਰ ਵਗੈਰਾ ਆਦਿ।

ਉਪਰੋਕਤ ਮੁਕੱਦਮੇ ਵਿੱਚ ਹੇਠ ਲਿਖੇ ਵਿਅਕਤੀ ਦੀ ਇਤਲਾਹ ਸਧਾਰਨ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਲਈ ਉੱਤਰਵਾਦੀਆ ਨੂੰ ਅਖਬਾਰ ਨੋਟਿਸ/ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਮਿਤੀ 07.01.2025 ਨੂੰ ਬਾਅਦ ਦੁਪਿਹਰ 3.00 ਵਜੇ ਅਸਾਲਤਨ ਜਾਂ ਵਕਾਲਤਨ ਕੇਸ ਦੀ ਪੈਰਵੀ ਲਈ ਇਸ ਅਦਾਲਤ ਵਿੱਚ ਹਾਜ਼ਰ ਹੋਣ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਬਾਅਦ ਵਿੱਚ ਕੋਈ ਇਤਰਾਜ਼ ਮੰਨਣਯੋਗ ਨਹੀਂ ਹੋਵੇਗਾ।

ਅੱਜ ਮਿਤੀ 23.12.2024 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

No. - 1320 R-I/23.12.2024 ਸਹਾਇਕ ਕਲੈਕਟਰ ਦਰਜਾ ਅੱਵਲ, ਦਸੂਹਾ

ਉੱਤਰਵਾਦੀ ਧਿਰ ਦਾ ਨਾਮ :- 3 ਪਰਦੀਪ ਕੁਮਾਰ ਪੁੱਤਰ ਕੇਸ਼ਵ ਵੱਤ ਪੁੱਤਰ ਅਮਰ ਨਾਥ 7 ਰੰਹਿਤ ਕੁਮਾਰ ਪੁੱਤਰ ਕਿਸ਼ਨ ਵੱਤ ਪੁੱਤਰ ਅਮਰ ਨਾਥ 8 ਗੋਰਵ ਮਹਿਤਾ ਪੁੱਤਰ ਕਿਸ਼ਨ ਦੱਤ ਪੁੱਤਰ ਅਮਰ ਨਾਥ 10 ਕਪਿਲ ਦੱਤ ਪੁੱਤਰ ਦੀਨਾ ਨਾਥ ਪੁੱਤਰ ਵੀਨਾ ਰਾਮ 11 ਕਮਲਾ ਦੇਵੀ ਮਾਤਾ ਸੁਦਰਸ਼ਨ ਕੁਮਾਰ ਪੁੱਤਰ ਦੇਸ਼ ਰਾਜ 12 ਸੰਦੀਪ ਸ਼ਰਮਾ ਪੁੱਤਰ ਸੁਦਰਸ਼ਨ ਕੁਮਾਰ ਪੁੱਤਰ ਦੇਸ਼ ਰਾਜ 13 ਪਰਦੀਪ ਕੁਮਾਰ ਪੁੱਤਰ ਸੁਦਰਸ਼ਨ ਕੁਮਾਰ ਪੁੱਤਰ ਦੇਸ਼ ਰਾਜ 14 ਅਮਰਦੀਪ ਸ਼ਰਮਾ ਪੁੱਤਰ ਸੁਦਰਸ਼ਨ ਕੁਮਾਰ ਪੁੱਤਰ ਦੇਸ਼ ਰਾਜ 15 ਚੰਦਰ ਕਾਂਤਾ ਵਿਧਵਾ ਸੁਦਰਸ਼ਨ ਕੁਮਾਰ ਪੁੱਤਰ ਦੇਸ਼ ਰਾਜ ਬਸਰੀਆ ਕਾਨੂੰਨੀ ਪ੍ਰਤੀਨਿਧ 1. ਸੰਦੀਪ ਸ਼ਰਮਾ ਪੁੱਤਰ ਸੁਦਰਸ਼ਨ ਕੁਮਾਰ ਪੁੱਤਰ ਦੇਸ਼ ਰਾਜ ii. ਪਰਦੀਪ ਕੁਮਾਰ ਪੁੱਤਰ ਸੁਦਰਸ਼ਨ ਕੁਮਾਰ ਪੁੱਤਰ ਦੇਸ਼ ਰਾਜ iii ਅਮਰਦੀਪ ਸੁਰਮਾ ਪੁੱਤਰ ਸੁਦਰਸ਼ਨ ਕੁਮਾਰ ਪੁੱਤਰ ਦੇਸ ਰਾਜ 16 ਕਮਲਾ ਦੇਵੀ ਮਾਤਾ ਇੰਦਰ ਕੁਮਾਰ ਪੁੱਤਰ ਦੇਸ਼ ਰਾਜ 17 ਨੀਲਮ ਸ਼ਰਮਾ ਵਿਧਵਾ ਇੰਦਰ ਕੁਮਾਰ ਪੁੱਤਰ ਦੇਸ਼ ਰਾਜ 18 ਕਰਨਦੀਪ ਸ਼ਰਮਾ ਪੁੱਤਰ ਇੰਦਰ ਕੁਮਾਰ ਪੁੱਤਰ ਦੇਸ ਰਾਜ 19 ਰਮਨਦੀਪ ਸ਼ਰਮਾ ਪੁੱਤਰ ਇੰਦਰ ਕੁਮਾਰ ਪੁੱਤਰ ਦੇਸ ਰਾਜ 20 ਲੇਖ ਰਾਜ ਪੁੱਤਰ ਪਰਿਥਵੀ ਰਾਜ ਪੁੱਤਰ ਦੀਨਾ ਨਾਥ ਬਸਰੀਆ ਕਾਨੂੰਨੀ ਪ੍ਰਤੀਨਿਧ 1. ਗੀਮਾ ਰਾਣੀ ਵਿਧਵਾ ਲੇਖ ਰਾਜ ਪੁੱਤਰ ਪਰਿਥਵੀ ਰਾਜ ii. ਸ਼ਾਖਸ਼ੀ ਸ਼ਰਮਾ ਪੁੱਤਰੀ ਲੇਖ ਰਾਜ ਪੁੱਤਰ ਪਰਿਥਵੀ ਰਾਜ iii. ਅਮਨ ਪੁੱਤਰ ਲੇਖ ਰਾਜ ਪੁੱਤਰ ਪਰਿਥਵੀ ਰਾਜ iv. ਆਰੀਅਨ ਸ਼ਰਮਾ ਪੁੱਤਰ ਲੇਖ ਰਾਜ ਪੁੱਤਰ ਪਰਿਥਵੀ ਰਾਜ 21 ਅਸ਼ਵਨੀ ਕੁਮਾਰ ਪੁੱਤਰ ਪਰਿਥਵੀ ਰਾਜ ਪੁੱਤਰ ਦੀਨਾ ਨਾਥ ਬਸਰੀਆ ਕਾਨੂੰਨੀ ਪ੍ਰਤੀਨਿਧ 1. ਨੀਮਾ ਰਾਣੀ ਵਿਧਵਾ ਅਸ਼ਵਨੀ ਕੁਮਾਰ ਪੁੱਤਰ ਪਰਿਥਵੀ ਰਾਜ ii., ਤਾਨਵੀ ਸੁਰਮਾ ਪੁੱਤਰੀ ਅਸ਼ਵਨੀ ਕੁਮਾਰ ਪੁੱਤਰ ਪਰਿਥਵੀ ਰਾਜ iii, ਸਧਮ ਸੁਰਮਾ ਪੁੱਤਰ ਅਸ਼ਵਨੀ ਕੁਮਾਰ ਪੁੱਤਰ ਪਰਿਥਵੀ ਰਾਜ 22 ਧਰਮਪਾਲ ਪੁੱਤਰ ਮੁਲਖ ਰਾਜ ਪੁੱਤਰ ਦੀਨਾ ਨਾਥ 23 ਅਨਿਲ ਕੁਮਾਰ ਸ਼ਰਮਾ ਪੁੱਤਰ ਸਤਪਾਲ ਸ਼ਰਮਾ ਪੁੱਤਰ ਮੁਲਖ ਰਾਜ 24 ਪੰਕਜ ਕੁਮਾਰ ਸ਼ਰਮਾ ਪੁੱਤਰ ਸਤਪਾਲ ਸ਼ਰਮਾ ਪੁੱਤਰ ਮੁਲਖ ਰਾਜ ਵਾਸੀਆਨ ਪਿੰਡ ਭਟੋਲੀ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ 26 ਪੰਜਾਬ ਗਰਾਮੀਣ ਬੈਂਕ ਬਰਾਂਚ ਪੰਸੀ ਕੰਡੀ ਬਸਰੀਆ ਮੈਨਜਰ।

ਜਨਤਕ ਨੋਟਿਸ

ਆਈ ਡੀ ਐੱਫ ਸੀ ਫਸਟ ਬੈਂਕ ਲਿਮਟਿਡ ਦੇ ਨਿਰਦੇਸ਼ਾਂ ਅਧੀਨ, ਮੈਂ ਆਮ

25-Dec-PAGE-11--Majha-24.qxd 12/24/2024 11:31 PM Page 1

ਸੰਯੁਕਤ ਕਿਸਾਨ ਮੋਰਚੇ ਨੇ ਡੀ ਸੀ ਦਫਤਰ ਦਿੱਤਾ ਵਿਸ਼ਾਲ ਧਰਨਾ

* ਡੀ ਸੀ ਰਾਹੀਂ ਰਾਸ਼ਟਰਪਤੀ ਦੇ ਨਾਂਅ ਭੇਜਿਆ ਮੰਗ ਪੱਤਰ

ਧਾਰੀਵਾਲ (ਗੁਰਦਾਸਪੁਰ) (ਮਨਦੀਪ ਸਿੰਘ ਵਿੱਕੀ, ਜਨਕ ਮਹਾਜਨ)-ਗੁਰੂ ਨਾਨਕ ਪਾਰਕ ਵਿਖੇ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਵਿੱਚ ਸਾਰੀਆਂ ਜਥੇਬੰਦੀਆਂ ਦੇ ਕਿਸਾਨਾਂ, ਮਜ਼ਦੂਰਾਂ, ਔਰਤਾਂ ਬਹੁਤ ਵੱਡੀ ਗਿਣਤੀ ਵਿੱਚ ਇਕੱਤਰ ਹੋ ਕੇ ਜਲੂਸ ਦੀ ਸ਼ਕਲ ਵਿੱਚ ਨਾਹਰੇ ਲਾਉਂਦੇ ਡੀਸੀ ਦਫਤਰ ਪੁੱਜੇ ਅਤੇ ਵਿਸ਼ਾਲ ਧਰਨਾ ਦਿੱਤਾ।ਧਰਨੇ ਉਪਰੰਤ ਡੀਸੀ ਗੁਰਦਾਸਪੁਰ ਰਾਹੀਂ ਰਾਸ਼ਟਰਪਤੀ ਸ਼੍ਰੀਮਤੀ ਦਰੋਪਦੀ ਮੁਰਮੂ ਲਈ ਮੰਗ ਪੱਤਰ ਭੇਜਿਆ ਗਿਆ।ਮੰਗ ਪੱਤਰ ਵਿੱਚ ਮੰਗ ਕੀਤੀ ਗਈ ਕਿ ਮਰਨ ਵਰਤ 'ਤੇ ਬੈਠੇ ਜਗਜੀਤ ਸਿੰਘ ਡੱਲੇਵਾਲ ਦੀ ਜਾਨ ਬਚਾਉਣ ਲਈ ਕੇਂਦਰ ਦੀ ਮੋਦੀ ਸਰਕਾਰ ਆਪਣੇ 9 ਦਸੰਬਰ 2021 ਦੇ ਦਿੱਲੀ ਦੇ ਬਾਰਡਰਾਂ 'ਤੇ ਕੀਤੇ ਲਿਖਤੀ ਸਮਝੌਤੇ ਮੁਤਾਬਕ ਫੌਰੀ ਤੌਰ 'ਤੇ ਐੱਮਐੱਸਪੀ ਦੀ ਕਾਨੂੰਨੀ ਗਰੰਟੀ ਕਰੇ।ਇਸ ਸਬੰਧੀ ਬਿਨਾਂ ਦੇਰੀ ਜਗਜੀਤ ਸਿੰਘ ਡੱਲੇਵਾਲ ਨਾਲ ਗੱਲ ਕੀਤੀ ਜਾਵੇ ਅਤੇ ਨਾਲ ਹੀ ਦੇਸ਼ ਦੀਆਂ ਸਮੁੱਚੀਆਂ ਜਥੇਬੰਦੀਆਂ ਨਾਲ ਇਸ ਸਬੰਧੀ ਗੱਲਬਾਤ ਚਲਾਈ ਜਾਵੇ।ਰਾਸ਼ਟਰੀ ਖੇਤੀ ਮੰਡੀਕਰਨ ਨੀਤੀ ਵਾਪਸ ਲਈ ਜਾਵੇ। ਦਿੱਲੀ ਵੱਲ ਮਾਰਚ ਕਰ ਰਹੇ ਕਿਸਾਨਾਂ ਤੇ ਜਬਰ ਬੰਦ ਕੀਤਾ ਜਾਵੇ ।ਝੋਨੇ ਦੀ ਵਿਕਰੀ ਸਮੇਂ ਲਿਫਟਿੰਗ ਨਾ ਹੋਣ ਕਰਕੇ ਕਿਸਾਨਾਂ ਨੂੰ ਪ੍ਰਤੀ ਕੁਇੰਟਲ 4 00 ਰੁਪਏ ਦੇ ਲਗਭਗ ਜੋ ਘਾਟਾ ਪਿਆ ਹੈ, ਇਸ ਦੀ ਪ੍ਰਤੀ ਪੂਰਤੀ ਕੀਤੀ ਜਾਵੇ।ਧਰਨੇ ਦੀ ਅਗਵਾਈ ਸਾਂਝੇ ਤੌਰ 'ਤੇ ਮੱਖਣ ਸਿੰਘ ਕੁਹਾੜ, ਬਲਬੀਰ ਸਿੰਘ ਬੈਂਸ, ਤਰਲੋਕ ਸਿੰਘ ਬਹਿਰਾਮਪੁਰ, ਦਿਲਬਾਗ ਸਿੰਘ ਡੋਗਰ, ਨਰਿੰਦਰ ਸਿੰਘ ਰੰਧਾਵਾ, ਰਾਜ ਗੁਰਵਿੰਦਰ ਸਿੰਘ ਲਾਡੀ, ਅਜੀਤ ਸਿੰਘ ਠੱਕਰਸੰਧੂ, ਅਸ਼ਵਨੀ ਕੁਮਾਰ ਲਖਣ ਕਲਾਂ, ਬਲਵਿੰਦਰ ਸਿੰਘ ਰਾਜੂ ਅੌਲਖ, ਲਖਵਿੰਦਰ ਸਿੰਘ ਮੰਜਿਆਂਵਾਲੀ, ਕਰਨੈਲ ਸਿੰਘ ਸ਼ੇਰਪੁਰ, ਗੁਰਵਿੰਦਰ ਸਿੰਘ ਜੀਵਨ ਚੱਕ, ਗੁਰਮੀਤ ਸਿੰਘ ਮਗਰਾਲਾ, ਐੱਸਪੀ ਸਿੰਘ ਗੋਸਲ, ਜਤਿੰਦਰ ਸਿੰਘ ਵਰਿਆਂ, ਹਰਿੰਦਰ ਸਿੰਘ ਖਜਾਲਾ, ਅਸ਼ੋਕ ਭਾਰਤੀ, ਧਿਆਨ ਸਿੰਘ ਠਾਕੁਰ, ਗੁਰਮੀਤ ਸਿੰਘ ਬਕਸਪੁਰ, ਰਾਜ ਕੁਮਾਰ ਪੰਡੋਰੀ, ਧੀਰ ਸਿੰਘ ਸਿੱਧੂ ਆਦਿ ਨੇ ਸਾਂਝੇ ਤੌਰ 'ਤੇ ਕੀਤੀ। ਇਸ ਮੌਕੇ ਸਤਬੀਰ ਸਿੰਘ ਸੁਲਤਾਨਨੀ, ਸੁਰਿੰਦਰ ਸਿੰਘ ਕੋਠੇ, ਗੁਲਜਾਰ ਸਿੰਘ ਬਸੰਤਕੋਟ, ਸੁਖਦੇਵ ਸਿੰਘ ਭਾਗੋਕਾਵਾਂ, ਕਸ਼ਮੀਰ ਸਿੰਘ ਤੁਗਲਵਾਲ, ਮੰਗਤ ਸਿੰਘ ਜੀਵਨ ਚੱਕ ਆਦਿ ਨੇ ਆਖਿਆ ਕਿ ਕੇਂਦਰ ਸਰਕਾਰ ਅਡਾਨੀ ਅਬਾਨੀ ਜਿਹੇ ਸਮੁੱਚੇ ਕਾਰਪੋਰੇਟ ਘਰਾਣਿਆਂ ਦੇ ਆਦੇਸ਼ਾਂ ਤਹਿਤ ਕੰਮ ਕਰ ਰਹੀ ਹੈ ਅਤੇ ਸਾਰਾ ਕੁਝ ਉਹਨਾਂ ਨੂੰ ਸੌਂਪਣਾ ਜਾ ਰਹੀ ਹੈ।ਸਾਰੇ ਜਨਤਕ ਅਦਾਰੇ ਹਵਾਈ ਜਹਾਜ਼ ਬੰਦਰਗਾਹਾਂ, ਰੇਲਵੇ ਵਿਭਾਗ, ਕੋਇਲਾ ਖਾਣਾਂ, ਜਲ, ਜੰਗਲ, ਜ਼ਮੀਨ ਉਹਨਾਂ ਨੂੰ ਸੌਂਪ ਰਹੀ ਹੈ।ਹੁਣ ਉਹ ਕਿਸਾਨਾਂ ਨੂੰ ਖੇਤੀ 'ਚੋਂ ਬਾਹਰ ਕਰਕੇ ਕਾਰਪੋਰੇਟ ਸੈਕਟਰ ਦਾ ਕਬਜ਼ਾ ਕਰਾਉਣਾ ਚਾਹੁੰਦੀ ਹੈ। ਆਗੂਆਂ ਦੋਸ਼ ਲਾਇਆ ਕਿ ਮਹਿੰਗਾਈ, ਬੇਰੁਜ਼ਗਾਰੀ ਰੋਕਣ ਦੀ ਥਾਂ ਮੰਦਰ, ਮਸਜਿਦ ਦੀ ਲੜਾਈ ਛੇੜ ਕੇ ਫਿਰਕਾਪ੍ਰਸਤੀ ਦੀ ਅੱਗ ਵਿੱਚ ਲੋਕਾਂ ਨੂੰ ਧੱਕਿਆ ਜਾ ਰਿਹਾ ਹੈ ।ਇਹ ਵੀ ਮੰਗ ਕੀਤੀ ਗਈ ਕਿ ਕਿਸਾਨਾਂ ਤੇ ਮਜ਼ਦੂਰਾਂ ਲਈ 10 ਹਜ਼ਾਰ ਰੁਪਏ ਮਾਸਕ ਬੁਢਾਪਾ ਪੈਨਸ਼ਨ ਜਾਰੀ ਕੀਤੀ ਜਾਵੇ।ਬੁਲਾਰਿਆਂ ਨੇ ਚਿਤਾਵਨੀ ਦਿੱਤੀ ਕਿ ਅਗਰ ਕਿਸਾਨੀ ਮਸਲੇ ਹੱਲ ਨਾ ਕੀਤੇ ਤਾਂ ਮੋਦੀ ਸਰਕਾਰ ਨੂੰ ਇਸ ਦੀ ਬਹੁਤ ਮਹਿੰਗੀ ਕੀਮਤ ਅਦਾ ਕਰਨੀ ਪਵੇਗੀ ।ਉਹਨਾਂ ਕਿਹਾ ਕਿ ਇਹ ਦੇਸ਼ ਅੰਬਾਨੀ, ਅਡਾਨੀ ਜਾਂ ਮੋਦੀ ਤੇ ਸ਼ਾਹ ਦੀ ਜਗੀਰ ਨਹੀਂ ਇਹ ਦੇਸ਼ ਮਜ਼ਦੂਰਾਂ, ਕਿਸਾਨਾਂ ਦਾ ਹੈ ਅਤੇ ਉਹਨਾਂ ਦੇ ਮਸਲੇ ਹੱਲ ਕਰਨੇ ਹੀ ਪੈਣਗੇ।

ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਨੇ ਕੀਤੀ ਰੇਂਜ ਪੱਧਰੀ ਚੋਣ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)- ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਸਬੰਧਤ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫ਼ੈਡਰੇਸ਼ਨ 1406-22 ਬੀ ਵੱਲੋਂ ਵਣ ਅਤੇ ਜੰਗਲੀ ਜੀਵ ਵਿਭਾਗ ਵਿੱਚ ਪਿਛਲੇ 25-25 ਸਾਲਾਂ ਤੋਂ ਨਿਗੂਣੀਆਂ ਤਨਖ਼ਾਹਾਂ ਤੇ ਡੇਲੀਵੇਜ ਕੰਮ ਕਰਦੇ ਕਾਮਿਆਂ ਨੂੰ ਪੱਕਿਆਂ ਕਰਵਾਉਣ ਲਈ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਵਣ ਦਫਤਰ ਵਿਖੇ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਪ.ਸ.ਸ.ਫ. ਗੁਰਦਾਸਪੁਰ ਦੇ ਜ਼ਿਲ੍ਹਾ ਪ੍ਰਧਾਨ ਸਾਥੀ ਅਨਿਲ ਕੁਮਾਰ ਲਾਹੌਰੀਆ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਗੁਰਦਾਸਪੁਰ ਰੇਂਜ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ ਜਿਸ ਵਿੱਚ ਰੇਂਜ ਪ੍ਰਧਾਨ ਬਲਵਿੰਦਰ ਸਿੰਘ ਤੁੰਗ, ਜਨਰਲ ਸਕੱਤਰ ਸੁਰਿੰਦਰ ਕੁਮਾਰ, ਵਿੱਤ ਸਕੱਤਰ ਵਿਨੋਦ ਕੁਮਾਰ, ਪ੍ਰੈਸ਼ ਸਕੱਤਰ ਬਲਵਿੰਦਰ ਪਾਲ, ਸੀਨੀਅਰ ਮੀਤ ਪ੍ਰਧਾਨ ਨਿਰਮਲ ਸਿੰਘ ਅਤੇ ਸੁਲੱਖਣ ਸਿੰਘ, ਸਹਾਇਕ ਸਕੱਤਰ ਕਵੀ ਕੁਮਾਰ ਅਤੇ ਰਕੇਸ਼ ਕੁਮਾਰ ਗਰੇਟੀਆਂ, ਮੁੱਖ ਸਲਾਹਕਾਰ ਰਤਨ ਸਿੰਘ ਹੱਲਾ, ਮੈਂਬਰ ਬਲਜੀਤ ਸਿੰਘ, ਅਜੈਬ ਸਿੰਘ, ਤਰਲੋਕ ਸਿੰਘ, ਤਿਲਕ ਰਾਜ, ਨਿਸ਼ਾਨ ਸਿੰਘ ਚੁਣੇ ਗਏ। ਇਸ ਮੌਕੇ ਵੱਖ ਵੱਖ ਆਗੂਆਂ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਕੱਚੇ ਕਾਮਿਆਂ ਨੂੰ ਪੱਕਾ ਕਰਨ ਲਈ 16-05-2023 ਨੂੰ ਪਾਲਿਸੀ ਬਣਾਈ ਗਈ ਜਿਸ ਵਿੱਚ ਬਹੁਤ ਸਾਰੀਆਂ ਸ਼ਰਤਾਂ ਲਗਾਈਆਂ ਗਈਆਂ ਜਿਵੇਂ ਪੱਕੇ ਹੋਣ ਲਈ ਵਿੱਦਿਅਕ ਯੋਗਤਾ 8ਵੀਂ ਪਾਸ ਹੋਣਾ ਲਾਜ਼ਮੀ, ਦਰਜਾ ਚਾਰ ਦੀ ਰਿਟਾਇਰਮੈਂਟ 58 ਸਾਲ ਉਮਰ ਕੀਤੀ ਗਈ, ਲਗਾਤਾਰ 10 ਸਾਲ ਦੀ ਸਰਵਿਸ ਹੋਣੀ ਚਾਹੀਦੀ ਹੈ। ਆਗੂਆਂ ਦੱਸਿਆ ਕਿ ਪੰਜਾਬ ਸਰਕਾਰ ਦੀ ਪਾਲਿਸੀ 2006/2011/2015 ਵਿੱਚ ਵੀ ਅਨਪੜ੍ਹ ਕਾਮੇ ਪੱਕੇ ਕੀਤੇ ਗਏ ਸਨ, ਉਸ ਸਮੇਂ ਵੀ ਦਰਜਾ ਚਾਰ ਦੀ ਰਿਟਾਇਰਮੈਂਟ 60 ਸਾਲ ਸੀ ਪਰ ਇਹ ਆਮ ਆਦਮੀ ਪਾਰਟੀ ਦੀ ਸਰਕਾਰ ਇਕ ਪਾਸੇ ਲੋਕਾਂ ਨੂੰ ਰੋਜ਼ਗਾਰ ਦੇਣ ਦੀ ਗੱਲ ਕਰ ਰਹੀ ਹੈ, ਪਰ ਦੂਜੇ ਪਾਸੇ ਏਨੀਆਂ ਸ਼ਰਤਾਂ ਲਗਾ ਕੇ ਕੱਚੇ ਕਾਮਿਆਂ ਨੂੰ ਪੱਕਾ ਕਰਨ ਦੇ ਰਾਹ ਵਿੱਚ ਹੋਰ ਰੋੜੇ ਪਾਏ ਜਾ ਰਹੇ ਹਨ। ਜੰਗਲਾਤ ਵਿਭਾਗ ਦੇ ਉੱਚ ਅਧਿਕਾਰੀਆਂ, ਜੰਗਲਾਤ ਮੰਤਰੀ ਲਾਲ ਚੰਦ ਕਟਾਰੂਚੱਕ ਅਤੇ ਸਬ ਕਮੇਟੀ ਦੇ ਚੇਅਰਮੈਨ ਮਾਣਯੋਗ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਨਾਲ ਵੀ 2 ਮੀਟਿੰਗਾਂ ਕੀਤੀਆਂ ਗਈਆਂ, ਪ੍ਰੰਤੂ ਮੰਗਾਂ ਨੂੰ ਜਾਇਜ਼ ਅਤੇ ਵਾਜਬ ਕਹਿ ਕੇ ਮੰਨ ਜ਼ਰੂਰ ਲਿਆ ਗਿਆ, ਪਰ ਹੁਣ ਤੱਕ ਲਾਗੂ ਨਹੀਂ ਕੀਤਾ ਗਿਆ ਅਤੇ ਵਾਰ-ਵਾਰ ਸੰਘਰਸ਼ ਦੌਰਾਨ ਮਿਲੀਆਂ ਮੀਟਿੰਗਾਂ ਨੂੰ ਵੀ ਅੱਗੇ ਤੋਂ ਅੱਗੇ ਕੀਤਾ ਗਿਆ। ਜਿਸ ਕਰਕੇ ਜਥੇਬੰਦੀ ਵਿੱਚ ਕਾਫੀ ਰੋਸ ਪਾਇਆ ਜਾ ਰਿਹਾ ਹੈ। ਪ.ਸ.ਸ.ਫ.ਦੇ ਜ਼ਿਲ੍ਹਾ ਪ੍ਰਧਾਨ ਅਨਿਲ ਕੁਮਾਰ ਲਾਹੌਰੀਆ ਨੇ ਕਿਹਾ ਕਿ ਕੱਚੇ ਕਾਮਿਆਂ ਨੂੰ ਪੱਕਿਆਂ ਕਰਵਾਉਣ ਲਈ ਲਗਾਈਆਂ ਸ਼ਰਤਾਂ ਨੂੰ ਹਟਾਉਣ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਹਲਕਾ ਦਿੜ੍ਹਬਾ ਵਿਖੇ 30 ਦਸੰਬਰ ਨੂੰ ਰੋਸ ਰੈਲੀ ਕਰਕੇ ਪੱਕਾ ਮੋਰਚਾ ਸ਼ੁਰੂ ਕੀਤਾ ਜਾਵੇਗਾ। ਇਸ ਧਰਨੇ ਵਿੱਚ ਵੱਖ- ਵੱਖ ਜ਼ਿਲ੍ਹਿਆਂ ਦੇ ਵਰਕਰ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਪੰਜਾਬ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕਰਨਗੇ।

ਬੱਚਿਆਂ ਦੇ ਦਸਤਾਰ ਤੇ ਦੁਮਾਲਾ ਸਜਾਉਣ ਦੇ ਮੁਕਾਬਲੇ ਕਰਵਾਏ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਅਤੇ ਕਿਸ਼ਨਪੁਰੀ ਫਾਊਂਡੇਸ਼ਨ (ਅਹਿਸਾਸ) ਵੱਲੋਂ ਚਾਰ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਯਾਦ ਕਰਦਿਆਂ ਅਤੇ ਬੱਚਿਆਂ ਨੂੰ ਸਿੱਖ ਧਰਮ ਨਾਲ ਜੋੜਨ ਲਈ ਅਤੇ ਦਸਤਾਰ ਦੀ ਮਹੱਤਤਾ ਤੋਂ ਜਾਣੂ ਕਰਵਾਉਣ ਲਈ ਸੰਤ ਬਾਬਾ ਪਰਮਾਨੰਦ (ਮੁੱਖ ਸੇਵਾਦਾਰ ਗੁਰਦੁਆਰਾ ਸ੍ਰੀ ਗੁਰੂ ਬਾਬਾ ਹੰਦਾਲ ਜੀ) ਦੇ ਆਸ਼ੀਰਵਾਦ ਸਦਕਾ ਨਾਅਰਾ -ਏ - ਦਸਤਾਰ ਪ੍ਰੋਗਰਾਮ ਅਧੀਨ ਬੱਚਿਆਂ ਦੇ ਦਸਤਾਰ ਸਜਾਉਣ ਅਤੇ ਦੁਮਾਲਾ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਇਹਨਾਂ ਮੁਕਾਬਲਿਆਂ ਵਿੱਚ ਜੰਡਿਆਲਾ ਗੁਰੂ ਦੇ ਲਗਭਗ ਸਾਰੇ ਹੀ ਸਕੂਲਾਂ ਨੇ ਵਧ ਚੜ੍ਹ ਕੇ ਹਿੱਸਾ ਲਿਆ। ਬੱਚਿਆਂ ਨੇ ਇਨ੍ਹਾਂ ਮੁਕਾਬਲਿਆਂ ਵਿੱਚ ਬਹੁਤ ਸੋਹਣੀਆਂ ਦਸਤਾਰਾਂ ਸਜਾਈਆਂ ਅਤੇ ਬਹੁਤ ਸੋਹਣੇ ਦੁਮਾਲੇ ਸਜਾਏ।ਇਹ ਮੁਕਾਬਲੇ ਪ੍ਰਾਇਮਰੀ ਵਰਗ (ਤੀਸਰੀ ਕਲਾਸ ਤੋਂ ਪੰਜਵੀਂ ਕਲਾਸ), ਮਿਡਲ ਵਰਗ (ਛੇਵੀਂ ਤੋਂ ਅੱਠਵੀਂ ਕਲਾਸ ਤੱਕ), ਮਿਡਲ ਸੈਕੰਡਰੀ (ਨੌਵੀਂ ਅਤੇ ਦਸਵੀਂ ਕਲਾਸ) ਸੀਨੀਅਰ ਸੈਕੰਡਰੀ (ਗਿਆਰ੍ਹਵੀਂ ਅਤੇ ਬਾਰ੍ਹਵੀਂ ਕਲਾਸ) ਅਤੇ ਦੁਮਾਲਾ ਸਜਾਉਣ ਲੜਕੇ ਓਪਨ ਦੁਮਾਲਾ ਸਜਾਉਣ ਲੜਕੀਆਂ ਓਪਨ ਅਧੀਨ ਕਰਵਾਏ ਗਏ । ਹਰ ਪ੍ਰਤੀਯੋਗੀ ਨੂੰ ਪੱਗ ਜਾਂ ਦੁਮਾਲਾ ਸਜਾਉਣ ਲਈ 30 ਮਿੰਟ ਦਾ ਸਮਾਂ ਦਿੱਤਾ ਗਿਆ। ਇਨ੍ਹਾਂ ਮੁਕਾਬਲਿਆਂ ਦਾ ਮੁਲਾਂਕਣ ਸਤਿੰਦਰਬੀਰ ਸਿੰਘ ਡੀ ਈ ਓ, ਮਨਜੀਤ ਸਿੰਘ ਫਿਰੋਜ਼ਪੁਰ ਅਤੇ ਹੀਰਾ ਸਿੰਘ ਨੇ ਕੀਤਾ। ਜਿਨ੍ਹਾਂ ਬੱਚਿਆਂ ਨੇ ਕੇਸ ਰੱਖਣ ਦਾ ਪ੍ਰਣ ਲਿਆ ਉਹਨਾਂ ਨੂੰ ਦਸਤਾਰ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਗਿਆਨੀ ਬਿਕਰਮਜੀਤ ਸਿੰਘ (ਸ੍ਰੀ ਦਰਬਾਰ ਸਾਹਿਬ), ਗਿਆਨੀ ਹਰਪ੍ਰੀਤ ਸਿੰਘ ਕਥਾਵਾਚਕ ਸ਼੍ਰੋਮਣੀ ਕਮੇਟੀ ਨੇ ਇਸ ਪ੍ਰੋਗਰਾਮ ਦੀ ਖੂਬ ਸਰਾਹਨਾ ਕੀਤੀ। ਸਕੂਲ ਦੇ ਐਮ.ਡੀ. ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਨੇ ਆਏ ਮਹਿਮਾਨਾਂ ਦਾ ਵਿਸ਼ੇਸ਼ ਧੰਨਵਾਦ ਕੀਤਾ । ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਨੇ ਕਿਹਾ ਕਿ ਇਹ ਦਸਤਾਰ ਮੁਕਾਬਲੇ ਹਰ ਸਾਲ ਕਰਵਾਏ ਜਾਣਗੇ ਤਾਂ ਕਿ ਵੱਧ ਤੋਂ ਵੱਧ ਬੱਚਿਆਂ ਨੂੰ ਦਸਤਾਰ ਨਾਲ ਅਤੇ ਸਿੱਖੀ ਨਾਲ ਜੋੜਿਆ ਜਾ ਸਕੇ।ਇਸ ਮੌਕੇ ਸਿਮਰਤਪਾਲ ਸਿੰਘ ਬੇਦੀ, ਡਾਕਟਰ ਜਗਪਾਲ ਸਿੰਘ, ਹਰਜਿੰਦਰ ਸਿੰਘ, ਰਣਜੀਤ ਸਿੰਘ, ਸਵਿੰਦਰ ਸਿੰਘ ਚੰਦੀ, ਸਰਪੰਚ ਕਿਰਪਾਲ ਸਿੰਘ ਪ੍ਰਧਾਨ ਕੰਬੋਜ ਸਭਾ ਅੰਮ੍ਰਿਤਸਰ ਹਾਜ਼ਰ ਸਨ।ਅੰਤ ਵਿੱਚ ਇਨ੍ਹਾਂ ਮੁਕਾਬਲਿਆਂ ਵਿੱਚ ਜੇਤੂ ਬੱਚਿਆਂ ਨੂੰ ਯਾਦਗਾਰੀ ਮੰਮੋਂਟੋ ਅਤੇ ਸਰਟੀਫਿਕੇਟਸ ਦੇ ਕੇ ਸਨਮਾਨਤ ਕੀਤਾ ਗਿਆ । ਇਸ ਮੌਕੇ ਵਾਈਸ ਪ੍ਰਿੰਸੀਪਲ ਗੁਰਪ੍ਰੀਤ ਕੌਰ, ਸ਼ਿਲਪਾ ਸ਼ਰਮਾ (ਕੋਆਰਡੀਨੇਟਰ) ਅਤੇ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ ।

ਬਟਾਲਾ ਪੁਲਸ ਵੱਲੋਂ ਜਾਗਰੂਕਤਾ ਸੈਮੀਨਾਰ

ਬਟਾਲਾ (ਡਾਕਟਰ ਮਲਵਿੰਦਰ ਸਿੰਘ)- ਐਸ.ਐਸ.ਪੀ ਬਟਾਲਾ ਸੁਹੇਲ ਕਾਸਿਮ ਮੀਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਟਾਲਾ ਪੁਲਸ ਦੇ ਸ਼ਕਤੀ ਹੈਲਪਡੈਸਕ ਵੱਲੋਂ ਸ਼ੇਖੂਪੁਰ ਸਕੂਲ ਦੇ ਸਟਾਫ ਅਤੇ ਵਿਦਿਆਰਥੀਆਂ ਦੇ ਪੀ.ਐਸ. ਰੰਗੜ ਨੰਗਲ ਵਿਖੇ ਆਪਣੇ ਦੌਰੇ ਦੌਰਾਨ ਇੱਕ ਜਾਗਰੂਕਤਾ ਸੈਮੀਨਾਰ ਲਗਾਇਆ ਗਿਆ।ਵਿਦਿਆਰਥੀਆਂ ਨੂੰ ਘਰੇਲੂ ਹਿੰਸਾ, ਬਾਲ ਦੁਰਵਿਵਹਾਰ, ਗੁੱਡ ਟੱਚ ਅਤੇ ਬੈਡ ਟੱਚ ਅਤੇ ਹੈਲਪਲਾਈਨ ਨੰਬਰ 112/1098 ਬਾਰੇ ਜਾਗਰੂਕ ਕੀਤਾ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮਨਜੀਤ ਸਿੰਘ ਸੰਧੂ ਵੀ ਮੌਜੂਦ ਸਨ।ਇਸ ਮੌਕੇ ਜਸਵੰਤ ਕੌਰ, (ਐਸ.ਪੀ.ਐੱਚ) ਬਟਾਲਾ ਨੇ ਦੱਸਿਆ ਕਿ ਵਿਦਿਆਰਥੀਆਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਬਟਾਲਾ ਪੁਲਸ ਵਲੋਂ ਲਗਾਤਾਰ ਸੈਮੀਨਾਰ ਲਗਾਏ ਜਾਂਦੇ ਹਨ। ਉਨ੍ਹਾਂ ਕਿਹਾ ਕਿ ਨਸ਼ਾ ਇਕ ਮਾਨਸਿਕ ਰੋਗ ਹੈ ਜੋ ਇਨਸਾਨ ਨੂੰ ਸਰੀਰਕ, ਮਾਨਸਿਕ ਤੇ ਆਰਥਿਕ ਤੌਰ 'ਤੇ ਕਮਜ਼ੋਰ ਕਰ ਦਿੰਦਾ ਹੈ, ਇਸ ਲਈ ਸਾਨੂੰ ਕਿਸੇ ਵੀ ਕਿਸਮ ਦਾ ਨਸ਼ਾ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।ਉਨਾਂ ਦੱਸਿਆ ਕਿ ਜੇਕਰ ਕੋਈ ਵਿਅਕਤੀ ਕਿਸੇ ਕਾਰਨ ਨਸ਼ਿਆਂ ਦੀ ਦਲਦਲ ਵਿੱਚ ਫਸਦਾ ਹੈ ਤਾਂ ਇਸ ਦਾ ਇਲਾਜ ਵੀ ਸੰਭਵ ਹੈ ਤੇ ਉਸ ਦਾ ਇਹ ਇਲਾਜ ਸਰਕਾਰ ਵੱਲੋਂ ਨਸ਼ਾ ਛੁਡਾਊ ਕੇਂਦਰਾਂ, ਓਟ ਕਲੀਨਿਕਾਂ ਅਤੇ ਮੁੜ ਵਸੇਬਾ ਕੇਂਦਰਾਂ ਵਿੱਚ ਬਿਲਕੁਲ ਮੁਫਤ ਕੀਤਾ ਜਾ ਰਿਹਾ ਹੈ।ਇਸ ਮੌਕੇ ਵਿਦਿਆਰਥੀਆਂ ਨੂੰ ਸਾਈਬਰ ਕਰਾਇਮ ਅਤੇ ਸਾਂਝ ਸੇਵਾਵਾਂ ਬਾਰੇ ਵੀ ਜਾਗਰੂਕ ਕੀਤਾ ਗਿਆ।

ਸੇਂਟ ਕਬੀਰ ਸਕੂਲ 'ਚ ਕਲੀਨ ਐਂਡ ਗਰੀਨ ਮੁਹਿੰਮ ਤਹਿਤ ਪੌਦੇ ਲਗਾਏ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਵਿੱਚ ਅੱਜ ਭਾਰਤੀ ਫੌਜ ਦੀ ਪੈਂਥਰ ਡਵੀਜ਼ਨ, ਵਜਰਾ ਕੋਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਸਾਂਝੇ ਤੌਰ 'ਤੇ ਕਲੀਨ ਐਂਡ ਗਰੀਨ ਮੁਹਿੰਮ ਤਹਿਤ ਐੱਸ.ਡੀ.ਐੱਮ.ਗੁਰਦਾਸਪੁਰ ਡਾ. ਕਰਮਜੀਤ ਸਿੰਘ ਅਤੇ ਭਾਰਤੀ ਫੌਜ ਅਧਿਕਾਰੀ ਲੈਫਟੀਨੈਂਟ ਮਿਸਟਰ ਅੰਕਿਤ ਕੁਮਾਰ (ਤਿ

25-Dec-PAG-12.qxd 12/24/2024 11:24 PM Page 1

ਐੱਨ ਓ ਸੀ ਤੋਂ ਬਿਨਾਂ ਰਜਿਸਟਰੀਆਂ ਹੋਈਆਂ ਸ਼ੁਰੂ : ਮੁੰਡੀਆਂ

ਚੰਡੀਗੜ੍ਹ, (ਗੁਰਜੀਤ ਬਿੱਲਾ) -ਪੰਜਾਬ ਸਰਕਾਰ ਵੱਲੋਂ ਸੂਬਾ ਦੇ ਲੋਕਾਂ ਖਾਸ ਕਰਕੇ ਸ਼ਹਿਰ ਵਾਸੀਆਂ ਨੂੰ ਵੱਡੀ ਰਾਹਤ ਦੇਣ ਅਤੇ ਸ਼ਹਿਰਾਂ ਦੇ ਯੋਜਨਾਬੱਧ ਵਿਕਾਸ ਨੂੰ ਲੀਹਾਂ ਉਤੇ ਲਿਆਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਸਾਲ 2024 ਵਿੱਚ ਵੱਡੇ ਕੰਮ ਕੀਤੇ ਗਏ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਲੋਕਾਂ ਦੀ ਚਿਰੋਕਣੀ ਮੰਗ ਵੀ ਪੂਰੀ ਕਰਦਿਆਂ ਐਨ.ਓ.ਸੀ. ਤੋਂ ਬਿਨਾਂ ਰਜਿਸਟਰੀ ਪੂਰਾ ਹੋਣ ਦਾ ਸੁਫਨਾ ਵੀ ਇਸ ਸਾਲ ਵਿੱਚ ਪੂਰਾ ਹੋਇਆ।ਸਾਲ 2024 ਵਿੱਚ ਕੀਤੇ ਵਿਸ਼ੇਸ਼ ਕੰਮਾਂ ਬਾਰੇ ਜਾਣਕਾਰੀ ਦਿੰਦਿਆਂ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਸਾਲ 2024 ਵਿੱਚ ਸੂਬਾ ਵਾਸੀਆਂ ਦੀ ਦਹਾਕੇ ਪੁਰਾਣੀ ਮੰਗ ਪੂਰੀ ਕਰਦਿਆਂ ਸੂਬਾ ਸਰਕਾਰ ਵੱਲੋਂ ਪਾਪਰਾ (ਪੀ.ਏ.ਪੀ.ਆਰ.ਏ.) ਐਕਟ ਵਿੱਚ ਢੁਕਵੀਂ ਸੋਧ ਕਰਕੇ 500 ਗਜ਼ ਤੱਕ ਦੇ ਪਲਾਟਾਂ ਦੀ ਰਜਿਸਟਰੀ ਲਈ ਐਨ.ਓ.ਸੀ. ਦੀ ਸ਼ਰਤ ਖਤਮ ਕਰ ਦਿੱਤੀ ਗਈ ਹੈ। ਇਸ ਲਈ ਬਾਕਾਇਦਾ ਵਿਧਾਨ ਸਭਾ ਵਿੱਚ ਬਿੱਲ ਪਾਸ ਕੀਤਾ ਗਿਆ। ਬਿੱਲ ਦੇ ਕਾਨੂੰਨ ਬਣਨ ਤੋਂ ਬਾਅਦ ਸ਼ਹਿਰੀ ਵਿਕਾਸ ਅਤੇ ਮਾਲ ਵਿਭਾਗ ਵੱਲੋਂ ਬਾਕਾਇਦਾ ਨੋਟੀਫਿਕੇਸ਼ਨ ਜਾਰੀ ਕਰਕੇ ਇਸ ਦਾ ਫਾਇਦਾ ਲੈਣ ਲਈ ਪਹਿਲੀ ਦਸੰਬਰ ਤੋਂ 28 ਫਰਵਰੀ 2025 ਤੱਕ ਤਿੰਨ ਮਹੀਨੇ ਦਾ ਸਮਾਂ ਦਿੱਤਾ ਗਿਆ। ਮੁੰਡੀਆਂ ਨੇ ਅੱਗੇ ਦੱਸਿਆ ਕਿ ਸਾਲ 2024 ਵਿੱਚ ਵਿਭਾਗ ਵੱਲੋਂ ਪਾਰਦਸ਼ਤਾ ਰਾਹੀਂ ਦੋ ਸਫਲ ਈ-ਆਕਸ਼ਨਾਂ ਰਾਹੀਂ ਜਾਇਦਾਦਾਂ ਦੀ ਵਿਕਰੀ ਜ਼ਰੀਏ 5060 ਕਰੋੜ ਰੁਪਏ ਕਮਾਏ ਗਏ। ਵੱਖ-ਵੱਖ ਵਿਕਾਸ ਅਥਾਰਟੀ ਅਧੀਨ ਪੈਂਦੇ ਖੇਤਰਾਂ ਵਿੱਚ ਗਰੁੱਪ ਹਾਊਸਿੰਗ, ਪੈਟਰੋਲ ਪੰਪ, ਹੋਟਲ ਸਾਈਟਾਂ, ਐਸ.ਸੀ.ਓ., ਬੂਥ, ਉਦਯੋਗਿਕ ਅਤੇ ਰਿਹਾਇਸ਼ੀ ਪਲਾਟ ਦੀਆਂ ਕੀਤੀਆਂ ਗਈਆਂ ਈ-ਆਕਸ਼ਨਾਂ ਰਾਹੀਂ ਅਗਸਤ ਮਹੀਨੇ 3000 ਕਰੋੜ ਰੁਪਏ ਅਤੇ ਅਕਤੂਬਰ ਮਹੀਨੇ 2060 ਕਰੋੜ ਰੁਪਏ ਕਮਾਏ ਗਏ। ਇਸ ਨਾਲ ਜਿੱਥੇ ਸ਼ਹਿਰ ਵਾਸੀਆਂ ਨੂੰ ਸਿਰ ਦੀ ਛੱਤ ਮਿਲੀ ਉਥੇ ਆਪਣੇ ਵਪਾਰਕ ਕੰਮਾਂ ਨੂੰ ਸ਼ੁਰੂ ਕਰਨ ਵਿੱਚ ਮੱਦਦ ਮਿਲੇਗੀ।ਮਕਾਨ ਉਸਾਰੀ ਤੇ ਵਿਕਾਸ ਮੰਤਰੀ ਨੇ ਅੱਗੇ ਦੱਸਿਆ ਕਿ ਪ੍ਰਮੋਟਰਾਂ ਤੇ ਡਿਵੈਲਪਰਾਂ ਪਾਰਦਰਸ਼ੀ, ਨਿਰਵਿਘਨ ਤੇ ਸੁਖਾਲੀਆਂ ਸੇਵਾਵਾਂ ਦੇਣ ਲਈ ਰੀਅਲ ਅਸਟੇਟ ਨਾਲ ਸਬੰਧਤ ਕਲੀਅਰੈਂਸ ਸਰਟੀਫਿਕੇਟ ਦੇਣ ਲਈ ਵਿਭਾਗ ਵੱਲੋਂ ਅਕਤੂਬਰ ਤੇ ਦਸੰਬਰ ਮਹੀਨੇ ਦੋ ਵਿਸ਼ੇਸ਼ ਮੈਗਾ ਕੈਂਪ ਲਗਾਏ ਗਏ। ਪਹਿਲੀ ਵਾਰ ਅਜਿਹੇ ਕੈਂਪ ਲਗਾਏ ਗਏ ਜਿੱਥੇ ਖੁਦ ਸਰਕਾਰ ਨੇ ਆਪ ਸਾਰੇ ਪ੍ਰਮੋਟਰਾਂ ਤੇ ਡਿਵੈਲਪਰਾਂ ਨੂੰ ਬੁਲਾ ਕੇ ਸਰਟੀਫਿਕੇਟ ਵੰਡੇ। ਇਨ੍ਹਾਂ ਕੈਂਪਾਂ ਵਿੱਚ 178 ਪ੍ਰਮੋਟਰਾਂ ਤੇ ਬਿਲਡਰਾਂ ਨੂੰ ਸਰਟੀਫਿਕੇਟ ਦਿੱਤੇ ਗਏ। ਪਹਿਲੇ ਕੈਂਪ ਵਿੱਚ 51 ਤੇ ਦੂਜੇ ਕੈਂਪ ਵਿੱਚ 127 ਸਰਟੀਫਿਕੇਟ ਜਾਰੀ ਕੀਤੇ। ਵੱਖ-ਵੱਖ ਵਿਕਾਸ ਅਥਾਰਟੀਆਂ ਵੱਲੋਂ ਕਲੋਨੀਆਂ ਦੇ ਲਾਇਸੈਂਸ, ਕੰਪੀਲੀਸ਼ਨ ਸਰਟੀਫਿਕੇਟ, ਪਾਰਸ਼ੀਅਲ ਕੰਪੀਲੀਸ਼ਨ ਸਰਟੀਫਿਕੇਟ, ਲੈਟਰ ਆਫ ਇੰਟੈਂਟ, ਜ਼ੋਨਿੰਗ ਪਲੈਨ, ਬਿਲਡਿੰਗ ਪਲਾਨ, ਪ੍ਰਮੋਟਰ ਰਜਿਸਟ੍ਰੇਸ਼ਨ ਸਰਟੀਫਿਕੇਟ ਦਿੱਤੇ ਗਏ। ਮੁੰਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਗਤੀਸ਼ੀਲ ਅਗਵਾਈ ਵਾਲੀ ਸਰਕਾਰ ਸੂਬਾ ਵਾਸੀਆਂ ਦੀ ਬਿਹਤਰੀ ਲਈ ਵਚਨਬੱਧ ਹੈ ਅਤੇ ਉਨ੍ਹਾਂ ਦੀ ਭਲਾਈ ਲਈ ਨਿਰੰਤਰ ਕੰਮ ਕਰ ਰਹੀ ਹੈ।

ਜ਼ਬਾਨ ਦਾ ਰਸ

ਦੋ ਮਿੱਤਰ ਕਿਸੇ ਪਹਾੜ ਉਤੇ ਸੈਰ ਕਰਨ ਲਈ ਗਏ। ਘੁੰਮਦੇ ਫਿਰਦਿਆਂ ਉਹ ਕਿਸੇ ਉਜਾੜ ਥਾਂ ਚਲੇ ਗਏ। ਉਨ੍ਹਾਂ ਨੂੰ ਬਹੁਤ ਪਿਆਸ ਲੱਗੀ। ਉਹ ਇੱਕ ਥਾਂ ਰੁਕ ਗਏ। ਉਨ੍ਹਾਂ ਵਿਚੋਂ ਇਕ ਤਾਂ ਦਰੱਖਤ ਦੀ ਛਾਂ ਹੇਠ ਬੈਠਾ ਰਿਹਾ ਤੇ ਦੂਸਰਾ ਪਾਣੀ ਦੀ ਭਾਲ ਵਿੱਚ ਇੱਧਰ-ਉੱਧਰ ਘੁੰਮਣ ਲੱਗਿਆ। ਜਿਸ ਨੂੰ ਇੱਕ ਦਰੱਖਤ ਥੱਲੇ ਬੈਠਾ ਸਾਧੂ ਨਜ਼ਰ ਆਇਆ। ਉਸ ਕੋਲ ਸਾਫ ਤੇ ਠੰਢੇ ਪਾਣੀ ਵਾਲਾ ਘੜਾ ਤੇ ਇੱਕ ਗੜਵੀ ਪਈ ਸੀ। ਸਾਧੂ ਅੱਖਾਂ ਤੋਂ ਅੰਨ੍ਹਾ ਸੀ। ਮੁੰਡਾ ਬੋਲਿਆ, "ਓਏ ਅੰਨ੍ਹੇ ਮੈਨੂੰ ਪਾਣੀ ਪਿਲਾ।" ਸਾਧੂ ਨੇ ਕ੍ਰੋਧ ਵਿੱਚ ਉੱਤਰ ਦਿੱਤਾ "ਇਥੇ ਕੋਈ ਪਾਣੀ ਨਹੀਂ।" ਮੁੰਡਾ ਵਾਪਸ ਆਪਣੇ ਮਿੱਤਰ ਕੋਲ ਆ ਗਿਆ ਤੇ ਸਾਰੀ ਗੱਲ ਦੱਸੀ। ਹੁਣ ਦੂਜਾ ਮੁੰਡਾ ਸਾਧੂ ਕੋਲ ਗਿਆ। ਉਸ ਨੇ ਸਾਧੂ ਨੂੰ ਕਿਹਾ, "ਹੇ ਪ੍ਰਮਾਤਮਾ ਰੂਪੀ ਸਾਧੂ ਜੀ, ਮੈਨੂੰ ਬਹੁਤ ਪਿਆਸ ਲੱਗੀ ਹੈ। ਮੈਨੂੰ ਪਾਣੀ ਪਿਲਾਉਣ ਦੀ ਕ੍ਰਿਪਾਲਤਾ ਕਰਨੀ ਜੀ, ਤੁਹਾਡਾ ਭਲਾ ਹੋਵੇ।" ਸਾਧੂ ਨੇ ਉੱਤਰ ਦਿੱਤਾ, "ਇਸ ਘੜੇ ਵਿਚੋਂ ਜਿੰਨਾ ਮਰਜ਼ੀ ਪਾਣੀ ਪੀ ਲੈ।" ਲੜਕੇ ਨੇ ਗੜਵੀ ਲੈ ਕੇ ਘੜੇ ਵਿਚੋਂ ਲੋੜ ਜਿੰਨਾ ਪਾਣੀ ਲਿਆ ਤੇ ਪੀ ਲਿਆ। ਉਸ ਨੇ ਸਾਧੂ ਦਾ ਧੰਨਵਾਦ ਕੀਤਾ।

ਜਦੋਂ ਉਹ ਮਿੱਤਰ ਕੋਲ ਆਇਆ ਤਾਂ ਸਾਰੀ ਗੱਲ ਦੱਸੀ। ਇਹ ਸੁਣ ਕੇ ਪਹਿਲਾ ਮਿੱਤਰ ਆਪਣੀ ਬੋਲਣੀ 'ਤੇ ਬਹੁਤ ਪਛਤਾਇਆ ਤੇ ਬਹੁਤ ਸ਼ਰਮਿੰਦਾ ਹੋਇਆ। ਉਸ ਨੂੰ ਜ਼ੁਬਾਨ ਦਾ ਰਸ ਪੀ ਕੇ ਹੀ ਸਬਰ ਕਰਨਾ ਪਿਆ।

ਡਾ: ਨਵਪ੍ਰੀਤ ਕੌਰ
82839-59199

ਅੱਜ ਭੋਗ 'ਤੇ ਵਿਸ਼ੇਸ਼

ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਸਨ ਮਾਤਾ ਮੁਖਤਿਆਰ ਕੌਰ ਜੀ

ਮਾਲਵਾ ਖੇਤਰ ਵਿੱਚ ਜ਼ਿਲ੍ਹਾ ਮੋਗਾ ਅਧੀਨ ਪੈਂਦੇ ਪਿੰਡ ਚੰਦ ਪੁਰਾਣਾ ਦੇ ਇਤਿਹਾਸਕ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਜੀ ਦੇ ਮੁਖੀ ਰਹੇ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਜੀ ਚੰਦ ਪੁਰਾਣਾ ਅਤੇ ਮੌਜੂਦਾ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੀਪ ਸਿੰਘ ਦੇ ਮਾਤਾ ਮੁਖਤਿਆਰ ਕੌਰ ਜੀ ਦੇ ਅਕਾਲ ਚਲਾਣੇ ਕਾਰਨ ਧਾਰਮਿਕ ਅਤੇ ਸਮਾਜਿਕ ਖੇਤਰ ਵਿੱਚ ਅਫਸੋਸ ਦੀ ਲਹਿਰ ਦੇਖਣ ਨੂੰ ਮਿਲ ਰਹੀ ਹੈ। ਮਾਤਾ ਮੁਖਤਿਆਰ ਕੌਰ ਜੀ ਦਾ ਜਨਮ ਇਤਿਹਾਸਕ ਪਿੰਡ ਡਰੋਲੀ ਭਾਈ ਵਿਖੇ 1941 ਵਿੱਚ ਸਰਦਾਰ ਸੰਤੋਖ ਸਿੰਘ ਸੰਘਾ ਦੇ ਘਰ ਮਾਤਾ ਨਿਹਾਲ ਕੌਰ ਦੀ ਕੁੱਖੋਂ ਹੋਇਆ। ਮਾਤਾ ਮੁਖਤਿਆਰ ਕੌਰ ਬਚਪਨ ਤੋਂ ਹੀ ਧਾਰਮਿਕ ਖਿਆਲਾਂ ਦੇ ਸਨ ਅਤੇ ਉਹ ਹਰ ਵੇਲੇ ਲੋੜਵੰਦ ਲੋਕਾਂ ਦੀ ਮਦਦ ਕਰਨ ਲਈ ਯਤਨਸ਼ੀਲ ਰਹਿੰਦੇ ਸਨ। ਜਵਾਨੀ ਵਿੱਚ ਪੈਰ ਰੱਖਦੇ ਹੀ ਮੁਖਤਿਆਰ ਕੌਰ ਦੇ ਪਿਤਾ ਨੇ ਉਨ੍ਹਾ ਦਾ ਵਿਆਹ 1959 ਵਿੱਚ ਸਰਦਾਰ ਭਜਨ ਸਿੰਘ ਵਾਸੀ ਚੰਦ ਪੁਰਾਣਾ ਨਾਲ ਕਰ ਦਿੱਤਾ। ਮਾਤਾ ਮੁਖਤਿਆਰ ਕੌਰ ਨੇ ਸਰਦਾਰ ਭਜਨ ਸਿੰਘ ਦੇ ਮੋਢੇ ਨਾਲ ਮੋਢਾ ਲਾ ਕੇ ਆਪਣੇ ਘਰ ਦੀ ਤਰੱਕੀ ਲਈ ਆਪਣਾ ਬਣਦਾ ਯੋਗਦਾਨ ਪਾਇਆ। ਉਪਰੰਤ ਉਨ੍ਹਾ ਦੀ ਸੁਲੱਖਣੀ ਕੁੱਖੋਂ ਤਿੰਨ ਸਪੁੱਤਰਾਂ ਅਤੇ ਦੋ ਧੀਆਂ ਨੇ ਜਨਮ ਲਿਆ, ਜਿਨ੍ਹਾਂ ਵਿੱਚ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਜੀ ਚੰਦ ਪੁਰਾਣਾ, ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਜੀ ਦੇ ਮੌਜੂਦਾ ਮੁਖੀ ਸੰਤ ਬਾਬਾ ਗੁਰਦੀਪ ਸਿੰਘ ਚੰਦ ਪੁਰਾਣਾ, ਭਾਈ ਚਮਕੌਰ ਸਿੰਘ, ਧੀਆਂ ਬੀਬੀ ਮਨਜੀਤ ਕੌਰ ਤੇ ਬੀਬੀ ਗੁਰਮੇਲ ਕੌਰ ਦੇ ਨਾਂਅ ਆਉਂਦੇ ਹਨ। ਮਾਤਾ ਮਖਤਿਆਰ ਕੌਰ ਨੇ ਆਪਣੀ ਉਮਰ ਦੌਰਾਨ ਘਰੇਲੂ ਜ਼ਿੰਮੇਵਾਰੀਆਂ ਨਿਭਾਉਂਦਿਆਂ ਆਪਣੇ ਬੱਚਿਆਂ ਨੂੰ ਜਿੱਥੇ ਦੁਨਿਆਵੀ ਵਿਦਿਆ ਦਿਵਾਈ, ਉਥੇ ਧਾਰਮਿਕ ਤੌਰ 'ਤੇ ਵੀ ਪਰਪੱਕ ਕੀਤਾ। ਇਹੀ ਕਾਰਨ ਸੀ ਕਿ ਉਨ੍ਹਾ ਦੇ ਸਪੁੱਤਰ ਸੰਤ ਬਾਬਾ ਨਛੱਤਰ ਸਿੰਘ ਜੀ ਚੰਦ ਪੁਰਾਣਾ ਨੇ ਇਤਿਹਾਸਕ ਸਥਾਨ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਜੀ ਦੀ ਸਥਾਪਨਾ ਕੀਤੀ। ਸੰਤ ਬਾਬਾ ਨਛੱਤਰ ਸਿੰਘ ਦੇ ਅਕਾਲ ਚਲਾਣੇ ਤੋਂ ਬਾਅਦ ਉਨ੍ਹਾ ਦੇ ਸਪੁੱਤਰ ਸੰਤ ਬਾਬਾ ਗੁਰਦੀਪ ਸਿੰਘ ਚੰਦ ਪੁਰਾਣੇ ਵਾਲੇ ਜਿੱਥੇ ਲੁਕਾਈ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਨਾਲ ਜੋੜ ਰਹੇ ਹਨ, ਉੱਥੇ ਹੀ ਮਨੁੱਖਤਾ ਦੀ ਸੇਵਾ ਵਿੱਚ ਜੁਟੇ ਹੋਏ ਹਨ। ਮਾਤਾ ਮੁਖਤਿਆਰ ਕੌਰ ਨੇ ਆਪਣੇ ਜੀਵਨ ਕਾਲ ਦੌਰਾਨ ਗੁਰੂ ਦੇ ਲੜ ਲੱਗ ਕੇ ਹਰ ਸਮੇਂ ਗੁਰਬਾਣੀ ਦਾ ਜਾਪ ਕੀਤਾ ਅਤੇ ਆਪਣੇ ਸਪੁੱਤਰਾਂ, ਧੀਆਂ ਨੂੰ ਵੀ ਗੁਰਬਾਣੀ ਨਾਲ ਜੋੜਿਆ। ਉਹ ਹਰ ਸਮੇਂ ਬੇਸਹਾਰਾ, ਲੋੜਵੰਦਾਂ, ਦੁਖੀਆਂ ਦੀ ਸੇਵਾ ਲਈ ਤੱਤਪਰ ਰਹਿੰਦੇ ਸਨ। ਮਾਤਾ ਮੁਖਤਿਆਰ ਕੌਰ ਅਚਾਨਕ 16 ਦਸੰਬਰ ਨੂੰ ਪਰਵਾਰ ਨੂੰ ਸਦੀਵੀ ਵਿਛੋੜਾ ਦੇ ਗਏ।

ਮਾਤਾ ਮੁਖਤਿਆਰ ਕੌਰ ਨਮਿਤ ਰੱਖੇ ਗਏ ਸਹਿਜ ਪਾਠ ਦਾ ਭੋਗ ਤੇ ਅੰਤਮ ਅਰਦਾਸ 25 ਦਸੰਬਰ (ਬੁੱਧਵਾਰ) ਨੂੰ 12 ਤੋਂ 1 ਵਜੇ ਤੱਕ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਜੀ ਚੰਦ ਪੁਰਾਣਾ (ਮੋਗਾ) ਵਿਖੇ ਹੋਵੇਗੀ।

—ਇਕਬਾਲ ਸਿੰਘ ਖਹਿਰਾ

ਵਸੀਕਾਂ ਨਵੀਸਾਂ ਨੇ ਦੁਕਾਨਾਂ ਕੀਤੀਆਂ ਬੰਦ, ਲੋਕ ਹੋਏ ਖੱਜਲ-ਖੁਆਰ

ਗੁਰਾਇਆ (ਬਿੰਦਰ ਸੁੰਮਨ): ਸੋਮਵਾਰ ਨੂੰ ਸਬ ਤਹਿਸੀਲ ਗੁਰਾਇਆ ਵਿਖੇ ਵਸੀਕਾ ਨਵੀਸਾਂ ਵਲੋਂ ਆਪਣੀਆਂ ਦੁਕਾਨਾਂ ਬੰਦ ਕੀਤੇ ਜਾਣ 'ਤੇ ਸਬ ਤਹਿਸੀਲ ਵਿੱਚ ਆਪਣਾ ਕਰਵਾਉਣ ਲਈ ਆਏ ਲੋਕਾਂ ਨੂੰ ਖਾਸੀਆਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪਿਆ। ਇਸ ਸਾਰੇ ਮਾਮਲੇ ਸਬੰਧੀ ਜਦ ਨਾਇਬ ਤਹਿਸੀਲਦਾਰ ਗੁਰਾਇਆ ਕਮਲਜੀਤ ਖਲਿਆਣ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਦੁਕਾਨਾਂ ਬੰਦ ਸਬੰਧੀ ਉਨਾਂ ਨੂੰ ਕੁਝ ਵੀ ਨਹੀਂ ਪਤਾ, ਕਿਉਂਕਿ ਕਿਸੇ ਵੀ ਵਸੀਕਾ ਨਵੀਸ ਵਲੋਂ ਉਨਾਂ ਨੂੰ ਆਪਣੀ ਮੁਸ਼ਕਿਲ ਸਬੰਧੀ ਸੂਚਿਤ ਨਹੀਂ ਕੀਤਾ ਗਿਆ। ਉਨਾਂ ਕਿਹਾ ਕਿ ਲੋਕ ਆਲੇ ਦੁਆਲੇ ਦੇ ਕਿਸੇ ਵੀ ਸ਼ਹਿਰ ਤੋ ਆਪਣੀ ਰਜਿਸਟਰੀ ਲਿਖਵਾ ਕੇ ਲਿਆ ਸਕਦੇ ਹਨ, ਉਨਾਂ ਦਾ ਕੰਮ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ। ਉਧਰ ਕੰਮ ਕਰਵਾਉਣ ਆਏ ਲੋਕਾਂ ਦਾ ਕਹਿਣਾ ਹੈ ਕਿ ਕੁਝ ਦਿਨ ਪਹਿਲਾਂ ਵੀ ਉਹ ਆਪਣਾ ਕੰਮ ਕਰਵਾਉਣ ਸਬ ਤਹਿਸੀਲ ਗੁਰਾਇਆ ਆਏ ਸਨ, ਪਰ ਉਸ ਦਿਨ ਕੰਮ ਨਹੀਂ ਹੋਇਆ। ਅੱਜ ਜਦ ਉਹ ਜਲੰਧਰ ਤੋ ਆਪਣਾ ਕੰਮ ਕਰਵਾਉਣ ਆਏ ਤਾਂ ਵਸੀਕਾ ਨਵੀਸ ਦੀਆ ਦੁਕਾਨਾ ਬੰਦ ਸਨ, ਜਿਸ ਕਰਕੇ ਉਨ੍ਹਾ ਦੇ ਹੱਥ ਸਿਰਫ ਖੱਜਲ ਖੁਆਰੀ ਲੱਗੀ ਹੈ।

ਕਿਸਾਨ ਜਥੇਬੰਦੀਆਂ ਨੇ ਡੀ ਸੀ ਨਵਾਂਸ਼ਹਿਰ ਨੂੰ ਦਿੱਤਾ ਮੰਗ ਪੱਤਰ

ਬੰਗਾ (ਅਵਤਾਰ ਕਲੇਰ)—ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਸ਼ਹੀਦ ਭਗਤ ਸਿੰਘ ਨਗਰ ਦੀਆਂ ਕਿਸਾਨ ਜਥੇਬੰਦੀਆਂ ਕੁੱਲ ਹਿੰਦ ਕਿਸਾਨ ਸਭਾ 1936, ਜਮਹੂਰੀ ਕਿਸਾਨ ਸਭਾ, ਕੁੱਲ ਹਿੰਦ ਕਿਸਾਨ ਸਭਾ, ਕਿਰਤੀ ਕਿਸਾਨ ਯੂਨੀਅਨ, ਬੀ ਕੇ ਯੂ ਰਾਜੇਵਾਲ, ਕੌਮੀ ਕਿਸਾਨ ਯੂਨੀਅਨ ਵੱਲੋਂ ਸਾਂਝੇ ਤੌਰ 'ਤੇ ਡੀ ਸੀ ਦਫ਼ਤਰ ਵਿਖੇ ਧਰਨਾ ਦਿੱਤਾ ਗਿਆ ਤੇ ਡੀ ਸੀ ਨੂੰ ਮੰਗ ਪੱਤਰ ਦਿੱਤਾ ਗਿਆ।

ਵੱਖ ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਮੰਡੀਕਰਨ ਦਾ ਖਰੜਾ ਸੂਬਾ ਸਰਕਾਰਾਂ ਨੂੰ ਭੇਜਿਆ ਗਿਆ ਹੈ ਜੋ ਤਿੰਨ ਕਾਲੇ ਕਾਨੂੰਨ ਕੇਂਦਰ ਸਰਕਾਰ ਨੇ ਰੱਦ ਕੀਤੇ ਹਨ ਹੁਣ ਦੁਬਾਰਾ ਉਨ੍ਹਾਂ ਨੂੰ ਵਿੰਗੇ ਟੇਡੇ ਢੰਗ ਨਾਲ ਸੂਬਾ ਸਰਕਾਰਾਂ ਤੋਂ ਜਬਰੀ ਲਾਗੂ ਕਰਵਾਉਣਾ ਚਾਹੁੰਦੀ ਹੈ। ਇਸ ਮੌਕੇ ਜਸਵਿੰਦਰ ਸਿੰਘ ਭੰਗਲ ਜ਼ਿਲ੍ਹਾ ਸਕੱਤਰ ਕੁੱਲ ਹਿੰਦ ਕਿਸਾਨ ਸਭਾ 1936, ਜੁਝਾਰ ਸਿੰਘ ਕੁੱਕੜ ਮਜਾਰਾ ਮੀਤ ਪ੍ਰਧਾਨ, ਤਰਸੇਮ ਸਿੰਘ ਬੈਂਸ ਕਿਰਤੀ ਕਿਸਾਨ ਯੂਨੀਅਨ, ਹਰਪਾਲ ਸਿੰਘ ਜਗਤਪੁਰ ਜਮਹੂਰੀ ਕਿਸਾਨ ਸਭਾ, ਚਰਨਜੀਤ ਸਿੰਘ ਦੌਲਤਪੁਰ ਕੁੱਲ ਹਿੰਦ ਕਿਸਾਨ ਸਭਾ,ਬੀ ਕੇ ਯੂ ਰਾਜੇਵਾਲ ਸਵਰਨ ਸਿੰਘ, ਕੌਮੀ ਕਿਸਾਨ ਯੂਨੀਅਨ ਨਿਰਮਲ ਸਿੰਘ ਆਦਿ ਸਾਥੀਆਂ ਨੇ ਸੰਬੋਧਨ ਕੀਤਾ। ਇਨ੍ਹਾਂ ਤੋਂ ਇਲਾਵਾ ਨਰੰਜਣ ਦਾਸ ਮੇਹਲੀ ਪੰਜਾਬ ਖੇਤ ਮਜ਼ਦੂਰ ਸਭਾ, ਗੁਰਮੁੱਖ ਸਿੰਘ ਫਰਾਲਾ, ਸਤਨਾਮ ਸਿੰਘ ਸੁੱਜੋਂ, ਕੁਲਦੀਪ ਸਿੰਘ , ਜਸਵਿੰਦਰ ਰਾਹੋਂ ਗੁਰਿੰਦਰ ਰਾਹੋਂ ,ਮਹਾਂ ਸਿੰਘ ਰੋੜੀ ਤੇ ਹੋਰ ਸਾਥੀ ਹਾਜ਼ਰ ਸਨ।

ਪੰਜਾਬ ਇਸਤਰੀ ਸਭਾ ਨੇ ਡੀ ਸੀ ਨਵਾਂਸ਼ਹਿਰ ਨੂੰ ਮੰਗ ਪੱਤਰ ਦਿੱਤਾ

ਬੰਗਾ (ਅਵਤਾਰ ਕਲੇਰ) ਪੰਜਾਬ ਇਸਤਰੀ ਸਭਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਗੁਰਬਖਸ਼ ਕੌਰ ਰਾਹੋਂ ਦੀ ਪ੍ਰਧਾਨਗੀ ਹੇਠ ਡੀ ਸੀ ਨੂੰ ਮੰਗ ਪੱਤਰ ਦਿੱਤਾ ਗਿਆ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਜੋ ਬਿਆਨ ਡਾ ਭੀਮ ਰਾਓ ਅੰਬੇਡਕਰ ਦੇ ਨਾਂਅ 'ਤੇ ਦਿੱਤਾ ਉਹ ਬਹੁਤ ਹੀ ਮੰਦਭਾਗਾ ਤੇ ਨਿੰਦਣਯੋਗ ਹੈ। ਭਾਰਤੀ ਜਨਤਾ ਪਾਰਟੀ ਦੀ ਦਿਲੀ ਮਨਸ਼ਾ ਸਾਰੇ ਦੇਸ਼ ਦੇ ਸਾਹਮਣੇ ਜੱਗ ਜ਼ਾਹਰ ਹੋ ਗਈ ਹੈ।ਸਾਰੇ ਦੇਸ਼ ਅੰਦਰ ਇਸ ਬਿਆਨ ਦੀ ਨਿਖੇਧੀ ਕੀਤੀ ਜਾ ਰਹੀ ਹੈ। ਪੰਜਾਬ ਇਸਤਰੀ ਸਭਾ ਅਮਿਤ ਸ਼ਾਹ ਦੇ ਅਸਤੀਫੇ ਦੀ ਮੰਗ ਕਰਦੀ ਹੈ ਕਿ ਇਸ ਨੂੰ ਜਲਦੀ ਤੋਂ ਜਲਦੀ ਅਹੁਦੇ ਤੋਂ ਹਟਾਇਆ ਜਾਵੇ। ਇਸ ਮੌਕੇ ਵੀਨਾ ਰਾਣੀ, ਕਮਲੇਸ਼ ਰਾਣੀ, ਸੱਤਿਆ ਦੇਵੀ, ਹਰਦੀਪ ਕੌਰ, ਅਜੀਤ ਕੌਰ, ਚਾਂਦਨੀ ਰਾਹੋਂ, ਮਨਜੀਤ ਕੌਰ, ਅਮਰਜੀਤ ਕੌਰ, ਡਿੰਪਲ ਆਦਿ ਹਾਜ਼ਰ ਸਨ।

ਸਿੱਖਿਆ ਵਿਭਾਗ ਨੇ ਫੂਹੀਆਂ ਨ